ਖ਼ੂਨਦਾਨ ਮਹਾਂਦਾਨ
ਸ਼੍ਰੀ ਹਰਿਕ੍ਰਿਸ਼ਨ ਚੈਰੀਟੇਬਲ ਸੁਸਾਇਟੀ
ਮਨੁੱਖਤਾ ਦੀ ਸੇਵਾ ਲਈ
ਹਰ ਪਲ, ਹਰ ਘੜੀ, ਹਰ ਕਦਮ
ਆਪ ਜੀ ਦੀ ਸੇਵਾ ਵਿੱਚ
ਲੋੜਵੰਦ ਪਰਿਵਾਰਾਂ ਲਈ ਮਹੀਨਾਵਾਰ ਰਾਸ਼ਨ
Email : shkcsp@gmail.com www.shkcsp.com
M. : 98761-36031, 98552-21430, 98143-28141, 98557-32101

# ਦੇਸੀ ਪੰਜਾਬ

ਪੰਜਾਬੀਅਤ ਦਾ ਪਹਿਰੇਦਾਰ

Desi Punjab Patiala Approved By : DAVP / D.E.PAPER ਪਟਿਆਲਾ ਤੋਂ ਪ੍ਰਕਾਸ਼ਿਤ

RNI : PUNPUN/2021/80887 www.desipunjab.in DESI PUNJAB October Email : desipunjabchannel@gmail.com

ਮੁੱਖ ਸੰਪਾਦਕ : ਨਵਤੇਜ ਸਿੰਘ ਮੋ. : 97800-66060 ਸੰਪਾਦਕ : ਹਰਪ੍ਰੀਤ ਸਿੰਘ ਮਾਹੀ 9876297268 ਫੋਨ : 0175-7962519




## ਬਰਤਾਨੀਆ ਵਿਚ ਗਾਂਧੀ ਦੇ ਬੁੱਤ ਨੂੰ ਤੋੜਨ ਦਾ ਕਾਰਾ ਆਰਐਸਐਸ ਦਾ ਹੋ ਸਕਦਾ ਹੈ : ਮਾਨ

### ਸਿੱਖ ਕੌਮ ਦੇ ਸਟੇਟ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਹਨ ਨਾ ਕਿ ਕੋਈ ਹੋਰ



ਨਵੀਂ ਦਿੱਲੀ, 30 ਸਤੰਬਰ (ਮਨਪ੍ਰੀਤ ਸਿੰਘ ਖਾਲਸਾ):- "ਸਿੱਖ ਕੌਮ ਕਦੇ ਵੀ ਕਿਸੇ ਹੋਰ ਕੌਮ ਦੇ ਬੁੱਤਾਂ, ਇਮਾਰਤਾਂ, ਯਾਦਗਰਾਂ ਜਾਂ ਨਿਸ਼ਾਨੀਆਂ ਨੂੰ ਖਤਮ ਕਰਨ ਜਾਂ ਤੋੜਨ ਦੇ ਗੈਰ ਇਖਲਾਕੀ ਅਮਲ ਨਹੀ ਕਰਦੀ । ਬਲਕਿ ਆਪਣੇ ਉੱਚੇ ਸੁੱਚੇ ਇਖਲਾਕ ਰਾਹੀ ਸਭ ਕੌਮਾਂ ਵਿਚ ਅੱਛਾਈਆ ਨੂੰ ਉਜਾਗਰ ਕਰਕੇ ਮਨੁੱਖਤਾ ਪੱਖੀ ਕਦਰਾਂ ਕੀਮਤਾਂ ਨੂੰ ਆਪਣੇ ਜਨਮ ਤੇ ਹੀ ਪ੍ਰਪੱਕ ਕਰਦੀ ਆਈ ਹੈ । ਕਦੀ ਵੀ ਨਾਂਹਵਾਚਕ ਅਮਲ ਨਹੀ ਕਰਦੀ ਬਲਕਿ ਆਪਣੇ ਫ਼ਖ਼ਰ ਵਾਲੇ ਇਤਿਹਾਸ ਤੇ ਪਹਿਰਾ ਦਿੰਦੀ ਹੋਈ ਵੱਡੀ ਤੇ ਵੱਡੀ ਕੁਰਬਾਨੀ ਕਰਦੀ ਹੋਈ ਆਪਣੇ ਕੌਮੀ ਅਤੇ ਸਮਾਜਿਕ ਨਿਸ਼ਾਨਿਆ ਨੂੰ ਪੂਰਨ ਕਰਦੀ ਹੈ । ਇਨ੍ਹਾਂ ਵਿਚ ਆਉਣ ਵਾਲੀ ਕਿਸੇ ਵੱਡੇ ਤੇ ਵੱਡੀ ਰੁਕਾਵਟ ਨੂੰ ਦੂਰ ਕਰਨ ਦੀ ਸਮਰੱਥਾਂ ਰੱਖਦੀ ਹੈ । ਜੋ ਬਰਤਾਨੀਆ ਵਿਚ ਗਾਂਧੀ ਦੇ ਬੁੱਤ ਨੂੰ ਨੁਕਸਾਨ ਪਹੁੰਚਾਉਣ ਦੀ ਗੱਲ ਸਾਹਮਣੇ ਆਈ ਹੈ ਉਹ ਕਾਰਾ ਤਾਂ ਇਨ੍ਹਾਂ ਦੀ ਮੁਤੱਸਵੀ ਜਮਾਤ ਆਰ.ਐਸ.ਐਸ ਦਾ ਖੁਦ ਦਾ ਹੋ ਸਕਦਾ ਹੈ ਜਿਨ੍ਹਾਂ ਦੀਆਂ ਅਮਰੀਕਾ, ਕੈਨੇਡਾ ਵਿਚ ਕਾਰਵਾਈਆ ਤੋ ਪ੍ਰਤੱਖ ਹੋ ਜਾਂਦਾ ਹੈ ਕਿ ਇਹ ਸਿੱਖ ਕੌਮ ਨੂੰ ਬਦਨਾਮ ਕਰਨ ਲਈ ਆਪ ਹੀ ਅਜਿਹੀਆ ਸਾਜਿਸਾਂ ਰਚਦੇ ਹਨ । ਫਿਰ ਆਪ ਹੀ ਸਿੱਖ ਕੌਮ ਨੂੰ ਨਿਸਾਨਾਂ ਬਣਾਕੇ ਬਦਨਾਮ ਕਰਨ ਦੇ ਅਮਲ ਕਰਦੇ ਹਨ । ਜਿਸ ਵਿਚ ਬਹੁਤੀ ਵਾਰੀ ਇਹ ਅਸਫਲ ਹੀ ਸਾਬਤ ਹੋਏ ਹਨ । ਇਨ੍ਹਾਂ ਦਾ ਸੱਚ ਸੰਸਾਰ ਸਾਹਮਣੇ ਆ ਚੁੱਕਾ ਹੈ । ਇਥੇ ਇਹ ਵੀ ਵਰਣਨ ਕਰਨਾ ਜ਼ਰੂਰੀ ਹੈ ਕਿ ਗਾਂਧੀ ਨੂੰ ਮਾਰਨ ਵਾਲੇ ਨੱਥੂ ਰਾਮ ਗੌਡਸੇ ਸਨ । ਜਿਨ੍ਹਾਂ ਨੂੰ ਉਸ ਸਮੇ ਦੇ ਇਨ੍ਹਾਂ ਦੇ ਆਗੂ ਸ੍ਰੀ ਪਟੇਲ ਨੇ ਹਰ ਪੱਖੋ ਬਚਾਉਣ ਦੀ ਕੋਸਿਸ ਕੀਤੀ ਸੀ । ਜੋ ਇਹ ਗਾਂਧੀ ਨੂੰ ਆਪਣਾ ਰਾਸਟਰਪਿਤਾ ਕਹਿਕੇ ਸਾਡੀ ਨਿਵੇਕਲੀ ਤੇ ਅਣਖੀਲੀ ਕੌਮੀ ਪਹਿਚਾਣ ਨੂੰ ਹਿੰਦੂਤਵ ਵਿਚ ਰਲਗਡ ਕਰਨਾ ਚਾਹੁੰਦੇ ਹਨ ਉਸ ਵਿਚ ਇਹ ਇਸ ਲਈ ਕਾਮਯਾਬ ਨਹੀ ਹੋ ਸਕਦੇ ਕਿਉਂਕਿ ਸਾਡਾ ਕੌਮੀ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਹਨ । ਜਿਨ੍ਹਾਂ ਨੇ ਆਪਣਾ ਸਰਬੰਸ ਵਾਰਕੇ ਬਿਨ੍ਹਾਂ ਕਿਸੇ ਜਾਤ-ਪਾਤ, ਊਚ-ਨੀਚ, ਭੇਦਭਾਵ ਤੇ ਸਮੁੱਚੀ ਮਨੁੱਖਤਾ ਤੇ ਇਨਸਾਨੀਅਤ ਉਤੇ ਪਹਿਰਾ ਦਿੱਤਾ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬਰਤਾਨੀਆ ਵਿਚ ਗਾਂਧੀ ਦੇ ਬੁੱਤ ਨੂੰ ਪਹੁੰਚਾਏ ਨੁਕਸਾਨ ਸੰਬੰਧੀ ਹੁਕਮਰਾਨਾਂ ਅਤੇ ਮੁਤੱਸਵੀ ਜਮਾਤਾਂ ਵੱਲੋ ਸਿੱਖ ਕੌਮ ਵੱਲ ਇਸਾਰਾ ਕਰਨ ਦੀ ਸਾਜਿਸ ਦਾ ਬਾਦਲੀਲ ਢੰਗ ਨਾਲ ਜੁਆਬ ਦਿੰਦੇ ਹੋਏ ਅਤੇ ਇਹ ਕਾਰਾ ਖੁਦ ਹੀ ਆਰ.ਐਸ.ਐਸ. ਵੱਲੋ ਕਰਨ ਵੱਲ ਇਸਾਰਾ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਹਿੰਦੂਤਵ ਹੁਕਮਰਾਨ ਹੀ ਹਨ ਜਿਨ੍ਹਾਂ ਨੇ ਸਾਜਸੀ ਢੰਗ ਨਾਲ ਸਾਡੇ ਅਮਰੀਕਾ, ਕੈਨੇਡਾ, ਬਰਤਾਨੀਆ, ਪਾਕਿਸਤਾਨ, ਇੰਡੀਆ ਤੇ ਪੰਜਾਬ ਵਿਚ ਸਿਰਕੱਢ ਸਿੱਖਾਂ ਨੂੰ ਨਿਸ਼ਾਨਾਂ ਬਣਾਕੇ ਕਤਲੇਆਮ ਕੀਤਾ ਜਿਨ੍ਹਾਂ ਵਿਚ ਹਰਦੀਪ ਸਿੰਘ ਨਿੱਝਰ, ਰਿਪੁਦਮਨ ਸਿੰਘ ਮਲਿਕ ਅਤੇ ਸੁਖਦੂਲ ਸਿੰਘ ਕੈਨੇਡਾ, ਅਵਤਾਰ ਸਿੰਘ ਖੰਡਾ ਬਰਤਾਨੀਆ, ਪਰਮਜੀਤ ਸਿੰਘ ਪੰਜਵੜ ਤੇ ਲਖਬੀਰ ਸਿੰਘ ਰੋਡੇ ਪਾਕਿਸਤਾਨ, ਦੀਪ ਸਿੰਘ ਸਿੱਧੂ ਹਰਿਆਣਾ, ਸੁਭਦੀਪ ਸਿੰਘ ਸਿੱਧੂ ਮੂਸੇਵਾਲਾ ਅਤੇ ਗੁਰਪ੍ਰੀਤ ਸਿੰਘ ਹਰੀਨੌ ਪੰਜਾਬ ਅਤੇ ਅਮਰੀਕਨ ਨਾਗਰਿਕ ਗੁਰਪਤਵੰਤ ਸਿੰਘ ਪੰਨੂ ਨੂੰ ਮਾਰਨ ਦੀ ਅਸਫਲ ਕੋਸਿਸ ਕੀਤੀ । ਇਸ ਸਮੁੱਚੇ ਕਤਲੇਆਮ ਲਈ ਸ੍ਰੀ ਮੋਦੀ ਅਤੇ ਉਸਦੀ ਜਾਲਮ ਜੁੰਡਲੀ ਗ੍ਰਹਿ ਵਜੀਰ ਅਮਿਤ ਸ਼ਾਹ, ਵਿਦੇਸ ਵਜੀਰ ਜੈਸੰਕਰ, ਰੱਖਿਆ ਵਜੀਰ ਰਾਜਨਾਥ ਸਿੰਘ, ਕੌਮੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ, ਰਾਅ ਮੁੱਖੀ ਰਵੀ ਸਿਨ੍ਹਾਂ ਅਤੇ ਸਾਬਕਾ ਰਾਅ ਮੁੱਖੀ ਸੰਮਤ ਗੋਇਲ ਸਿੱਧੇ ਤੌਰ ਤੇ ਜਿੰਮੇਵਾਰ ਹਨ । ਇਹ ਜੁੰਡਲੀ ਕੌਮਾਂਤਰੀ ਤੌਰ ਤੇ ਉਨ੍ਹਾਂ ਮੁਲਕਾਂ ਦੀ ਵੀ ਵੱਡੀ ਦੋਸ਼ੀ ਹੈ ਜਿਨ੍ਹਾਂ ਦੀ ਇਨ੍ਹਾਂ ਨੇ ਪ੍ਰਭੁਸਤਾ ਨੂੰ ਤੋੜਿਆ ਅਤੇ ਅਮਰੀਕਾ ਦੀ ਮੁਨਰੋ ਡਾਕਟਰੀਨ ਦਾ ਘਾਣ ਕੀਤਾ ।

## ਸਿੱਖ ਫੈਡਰੇਸ਼ਨ ਯੂ.ਕੇ ਦੀ 41ਵੀਂ ਸਾਲਾਨਾ ਕਨਵੈਨਸ਼ਨ ਵਿਚ ਸਿੱਖਾਂ ਦੇ ਗੰਭੀਰ ਮਸਲਿਆਂ ਤੇ ਚਰਚਾ

### ਨਜ਼ਰਬੰਦ ਭਾਈ ਪਰਮਜੀਤ ਸਿੰਘ ਭਿਓਰਾ ਵਲੋਂ ਭੇਜਿਆ ਗਿਆ ਸੰਦੇਸ਼ ਪੜ੍ਹਿਆ ਗਿਆ

### ਸਿੱਖਾਂ ਵਿਰੁੱਧ ਵਧ ਰਹੀ ਨਸਲੀ ਹਿੰਸਾ ਸੰਬੰਧੀ ਪੁਲਿਸ ਦੀ ਨਾਕਾਮੀ 'ਤੇ ਜਤਾਈ ਗਈ ਚਿੰਤਾ



ਨਵੀਂ ਦਿੱਲੀ 30 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)-ਸਿੱਖ ਫੈਡਰੇਸ਼ਨ ਯੂ.ਕੇ. ਦੀ 41ਵੀਂ ਸਾਲਾਨਾ ਅੰਤਰਰਾਸ਼ਟਰੀ ਸਿੱਖ ਕਨਵੈਨਸ਼ਨ ਗੁਰੂ ਨਾਨਕ ਗੁਰਦੁਆਰਾ ਸੈਜ਼ਲੀ ਸਟਰੀਟ ਵੁਲਵਰਹੈਂਪਟਨ ਵਿਖੇ ਹੋਈ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਧਾਨ ਭਾਈ ਜਸਪਾਲ ਸਿੰਘ ਨਿੱਝਰ ਤੇ ਜਤਿੰਦਰ ਸਿੰਘ ਬਾਸੀ ਨੇ ਸ੍ਰੀ ਗੁਰੂ ਤੇਗ਼ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਮੌਕੇ ਸ਼ਰਧਾ ਦੇ ਫੁੱਲ ਭੇਂਟ ਕੀਤੇ। ਦਲ ਖਾਲਸਾ ਦੇ ਆਗੂ ਭਾਈ ਪਰਮਜੀਤ ਸਿੰਘ ਮੰਡ, ਜਸਪਾਲ ਸਿੰਘ ਕੰਗ, ਸੁਖਵਿੰਦਰ ਸਿੰਘ ਨੇ ਯੂ.ਕੇ. 'ਚ ਅੰਤਰ-ਰਾਸ਼ਟਰੀ ਦਮਨ, ਭਾਈ ਅਵਤਾਰ ਸਿੰਘ ਖੰਡਾ ਦੀ ਸ਼ਹੀਦੀ ਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਬਾਰੇ ਚਾਨਣਾ ਪਾਇਆ ਤੇ 1984 ਘੱਲੂਘਾਰੇ 'ਚ ਬਰਤਾਨੀਆ ਦੀ ਭੂਮਿਕਾ ਦੀ ਨਿਰਪੱਖ ਜਾਂਚ ਦੀ ਮੰਗ ਕੀਤੀ। ਜਸਵਿੰਦਰ ਸਿੰਘ ਨੇ ਸਿੱਖਾਂ ਵਿਰੁੱਧ ਨਸਲੀ ਹਿੰਸਾ, ਸਿੱਖ ਲੜਕੀ ਨਾਲ ਕੀਤੀ ਬਦਸਲੂਕੀ 'ਤੇ ਚਿੰਤਾ ਜਤਾਈ। ਭਾਈ ਦਬਿੰਦਰਜੀਤ ਸਿੰਘ, ਰਣਨੀਤੀ ਬੋਰਡ ਦੇ ਚੇਅਰਮੈਨ ਭਾਈ ਅਮਰੀਕ ਸਿੰਘ ਗਿੱਲ ਨੇ ਸਿੱਖਾਂ ਨਾਲ ਹੋ ਰਹੀਆਂ ਵਧੀਕੀਆਂ ਵਿਰੁੱਧ ਨੌਜਵਾਨਾਂ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕੀਤੀ। ਇਸ ਤੋਂ ਇਲਾਵਾ ਭਾਈ ਮਨਿੰਦਰ ਸਿੰਘ, ਭਾਈ ਪ੍ਰਭਜੋਤ ਸਿੰਘ, ਨੇ ਦਸਿਆ ਕਿ ਫੈਡਰੇਸ਼ਨ ਵਲੋਂ ਯੂਐਨਐਚਆਰਸੀ 60 ਵਿਖੇ, ਸਿੱਖ ਪ੍ਰਤੀਨਿਧੀਆਂ ਨੇ ਸਿੱਧੇ ਤੌਰ 'ਤੇ ਉਨ੍ਹਾਂ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਜੋ ਮਹੱਤਵਪੂਰਨ ਮਨੁੱਖੀ ਅਧਿਕਾਰ ਵਿਧੀਆਂ ਦੀ ਨਿਗਰਾਨੀ ਕਰਦੇ ਹਨ। ਅਸੀਂ ਸੰਯੁਕਤ ਰਾਸ਼ਟਰ ਦੇ ਮਾਹਰਾਂ ਅਤੇ ਹੋਰ ਹਿੱਸੇਦਾਰਾਂ ਨਾਲ ਰਾਜ-ਮੇਜ਼ਬਾਨੀ ਕੀਤੇ ਗਏ ਵੱਖ-ਵੱਖ ਸਾਈਡ ਈਵੈਂਟਾਂ ਅਤੇ ਸੰਵਾਦਾਂ ਵਿੱਚ ਹਿੱਸਾ ਲਿਆ, ਇਹ ਯਕੀਨੀ ਬਣਾਉਂਦੇ ਹੋਏ ਕਿ ਸਿੱਖ ਆਵਾਜ਼ਾਂ ਅਤੇ ਅਨੁਭਵਾਂ ਨੂੰ ਅੰਤਰਰਾਸ਼ਟਰੀ ਪ੍ਰਣਾਲੀ ਦੇ ਦਿਲ ਵਿੱਚ ਸੁਣਿਆ ਜਾਵੇ। ਉਨ੍ਹਾਂ ਦਸਿਆ ਕਿ ਮੈਂਬਰਾਂ ਨੇ ਕੌਂਸਲ ਦੀਆਂ ਆਮ ਬਹਿਸਾਂ ਵਿੱਚ ਸਰਗਰਮੀ ਨਾਲ ਹਿੱਸਾ ਲਿਆ ਅਤੇ ਕਈ ਮੁੱਖ ਮੁੱਦੇ ਉਠਾਏ ਜਿਨ੍ਹਾਂ ਵਿਚ ਪ੍ਰਭੂਸੱਤਾ ਅਤੇ ਇੱਕ ਸੁਤੰਤਰ ਖਾਲਿਸਤਾਨ ਦੀ ਸਥਾਪਨਾ ਲਈ ਸਿੱਖ ਇੱਛਾਵਾਂ, ਭਾਰਤ ਵਿੱਚ ਜਗਤਾਰ ਸਿੰਘ ਜੌਹਲ ਦੀ ਚੱਲ ਰਹੀ ਨਜ਼ਰਬੰਦੀ, ਕੈਨੇਡਾ ਵਿੱਚ ਭਾਈ ਹਰਦੀਪ ਸਿੰਘ ਨਿੱਝਰ ਦਾ ਕਤਲ, ਇਹ ਮਾਮਲੇ ਦੁਨੀਆ ਭਰ ਵਿੱਚ ਸਿੱਖ ਕਾਰਕੁਨਾਂ ਨੂੰ ਨਿਸ਼ਾਨਾ ਬਣਾਉਣ ਦੇ ਭਾਰਤ ਦੇ ਪੈਟਰਨ ਨੂੰ ਦਰਸਾਉਂਦੇ ਹਨ। ਉਨ੍ਹਾਂ ਦਸਿਆ ਕਿ ਅਸੀਂ ਸਿੱਖਾਂ ਵਿਰੁੱਧ ਭਾਰਤ ਦੇ ਚੱਲ ਰਹੇ ਦਮਨ ਦੇ ਸਬੂਤ ਰਸਮੀ ਤੌਰ 'ਤੇ ਤਸ਼ੱਦਦ 'ਤੇ ਵਿਸ਼ੇਸ਼ ਰਿਪੋਰਟਰ ਨੂੰ ਸੌਂਪੇ, ਜਿਸ ਵਿੱਚ ਮਨਮਾਨੇ ਢੰਗ ਨਾਲ ਹਿਰਾਸਤ, ਤਸ਼ੱਦਦ, ਬਾਹਰੋਂ ਕਤਲ, ਇਹ ਦੁਰਵਿਵਹਾਰ ਸਿੱਖ ਮਨੁੱਖੀ ਅਧਿਕਾਰਾਂ ਦੇ ਰਾਖਿਆਂ ਅਤੇ ਖਾਲਿਸਤਾਨ ਦੀ ਵਕਾਲਤ ਕਰਨ ਵਾਲਿਆਂ ਨੂੰ ਨਿਸ਼ਾਨਾ ਬਣਾਉਣ ਲਈ ਦਿਖਾਇਆ ਗਿਆ ਸੀ। ਜਰਨੈਲ ਸਿੰਘ (ਜਰਮਨੀ), ਬਲਬੀਰ ਕੌਰ, ਭਾਈ ਕੁਲਦੀਪ ਸਿੰਘ ਚਹੇੜੂ, ਭਾਈ ਕੁਲਵੰਤ ਸਿੰਘ ਮੁਠੱਡਾ, ਸੁਲੱਖਣ ਸਿੰਘ ਨੇ ਪੰਥ ਦੇ ਵੱਖ ਵੱਖ ਗੰਭੀਰ ਮੁਦਿਆਂ ਤੇ ਸੰਬੋਧਨ ਕੀਤਾ ਉਪਰੰਤ ਜਰਨੈਲ ਸਿੰਘ ਵਲੋਂ ਨਵੇਂ ਢਾਂਚੇ ਦਾ ਐਲਾਨ ਕੀਤਾ ਗਿਆ । ਭਾਈ ਦਬਿੰਦਰਜੀਤ ਸਿੰਘ ਵਲੋਂ ਬੁੜੈਲ ਜੇਲ੍ਹ ਅੰਦਰ ਨਜ਼ਰਬੰਦ ਭਾਈ ਪਰਮਜੀਤ ਸਿੰਘ ਭਿਓਰਾ ਵਲੋਂ ਭੇਜਿਆ ਗਿਆ ਸੰਦੇਸ਼ ਪੜ੍ਹਿਆ ਗਿਆ । ਅਖੀਰ ਵਿੱਚ ਭਾਈ ਹਰਦੀਸ਼ ਸਿੰਘ ਨੇ ਸਭਨਾਂ ਦਾ ਧੰਨਵਾਦ ਕੀਤਾ।

## ਪੱਤਰਕਾਰ ਭਾਰਤ ਭੂਸ਼ਣ ਮਿੱਤਲ ਦੇ ਖਿਲਾਫ ਬਠਿੰਡਾ ਪੁਲਿਸ ਵੱਲੋਂ ਦਰਜ ਕੀਤੇ ਗਏ ਮਾਮਲੇ ਦੀ ਪ੍ਰੈਸ ਕਲੱਬ ਅੰਮ੍ਰਿਤਸਰ ਵੱਲੋਂ ਨਿਖੇਦੀ ਕੀਤੀ ਗਈ



ਜੰਡਿਆਲਾਗੁਰੂ,ਅੰਮ੍ਰਿਤਸਰ(ਸੁਖ ਜਿੰਦਰ ਸਿੰਘ ਸੋਨੂੰ, ਗੁਲਸ਼ਨ ਵਿਨਾਇਕ)ਬਠਿੰਡਾ ਵਿਖੇ ਅਮਰ ਉਜਾਲਾ ਅਖਬਾਰ ਦੇ ਪੱਤਰਕਾਰ ਭਾਰਤ ਭੂਸ਼ਣ ਮਿੱਤਲ ਦੇ ਖਿਲਾਫ ਬਠਿੰਡਾ ਪੁਲਿਸ ਵੱਲੋਂ ਦਰਜ ਕੀਤੇ ਗਏ ਮਾਮਲੇ ਦੀ ਪ੍ਰੈਸ ਕਲੱਬ ਅੰਮ੍ਰਿਤਸਰ ਵੱਲੋਂ ਨਿਖੇਦੀ ਕੀਤੀ ਗਈ ਅੰਮ੍ਰਿਤਸਰ ਪ੍ਰੈਸ ਕਲੱਬ ਦੇ ਪ੍ਰਧਾਨ ਸ੍ਰੀ ਰਾਜੇਸ਼ ਗਿੱਲ ਦੀ ਅਗਵਾਈ ਦੇ ਵਿੱਚ ਹੋਈ ਮੀਟਿੰਗ ਦੇ ਦੌਰਾਨ ਅੰਮ੍ਰਿਤਸਰ ਪ੍ਰੈਸ ਕਲੱਬ ਨੇ ਕਿਹਾ ਕਿ ਭਾਰਤ ਭੂਸ਼ਣ ਮਿੱਤਲ ਦੇ ਖਿਲਾਫ ਜੋ ਮਾਮਲਾ ਦਰਜ ਕੀਤਾ ਹੈ ਇਹ ਲੋਕਤੰਤਰ ਦੇ ਹੱਕਾਂ ਦੇ ਉੱਤੇ ਹਮਲਾ ਹੈ ਪ੍ਰੈਸ ਕਲੱਬ ਦੇ ਪ੍ਰਧਾਨ ਰਾਜੇਸ਼ ਗਿੱਲ ਨੇ ਕਿਹਾ ਕਿ ਇਸ ਸਬੰਧੀ ਬਠਿੰਡਾ ਪ੍ਰੈਸ ਕਲੱਬ ਦੇ ਨਾਲ ਅੰਮ੍ਰਿਤਸਰ ਪ੍ਰੈਸ ਕਲੱਬ ਹਮੇਸ਼ਾ ਖੜ੍ਹਾ ਹੈ ਅਤੇ ਪੱਤਰਕਾਰ ਭਾਈਚਾਰੇ ਦੇ ਹੱਕਾਂ ਦੇ ਲਈ ਜੋ ਵੀ ਸੰਘਰਸ਼ ਵੱਡਿਆ ਜਾਏਗਾ ਉਸ ਦੇ ਵਿੱਚ ਅੰਮ੍ਰਿਤਸਰ ਪ੍ਰੈਸ ਕਲੱਬ ਵੱਧ ਚੜ ਕੇ ਆਪਣਾ ਯੋਗਦਾਨ ਦਵੇਗਾ ਜਿਗਰ ਯੋਗ ਹੈ ਕਿ ਬਠਿੰਡਾ ਤੋਂ ਅਮਰ ਉਜਾਲਾ ਦੇ ਪੱਤਰਕਾਰ ਭਾਰਤ ਭੂਸ਼ਣ ਮਿੱਤਲ ਦੇ ਖਿਲਾਫ ਉਸ ਵੇਲੇ ਮਾਮਲਾ ਦਰਜ ਕੀਤਾ ਗਿਆ ਜਦੋਂ ਉਹ ਇੱਕ ਖਬਰ ਦੀ ਲਗਾਤਾਰ ਪੈਰਵਾਈ ਕਰਕੇ ਸਿਸਟਮ ਨੂੰ ਐਕਸਪੋਜ ਕਰ ਰਹੇ ਸੀ ਅਤੇ ਉਹਨਾਂ ਦੇ ਵੱਲੋਂ ਲਗਾਈਆਂ ਖਬਰਾਂ ਦੇ ਨਾਲ ਵੱਡੇ ਪੱਧਰ ਤੇ ਸਰਕਾਰੀ ਅਮਲੇ ਦੇ ਵਿੱਚ ਬੇਨੀਮੀਆ ਦੇ ਖੁਲਾਸੇ ਹੋਣ ਵਾਲੇ ਸਨ ਅਤੇ ਇਸ ਸਭ ਦੇ ਵਿਚਾਲੇ ਸਰਕਾਰੀ ਸ਼ਹਿ ਦੇ ਉੱਤੇ ਐਫ ਆਈਆਰ ਦਰਜ ਕੀਤੀ ਗਈ ਜਿਸ ਨੂੰ ਲੈ ਕੇ ਅੰਮ੍ਰਿਤਸਰ ਪ੍ਰੈਸ ਕਲੱਬ ਇਸ ਦੀ ਨਿਖੇਦੀ ਕਰਦਾ ਹੈ

## ਮਾਂਝੇ 'ਚ ਵੱਡੀ ਹਲਚਲ, ਅਕਾਲੀ ਆਗੂ ਅਨਿਲ ਜੋਸ਼ੀ ਹੋਣਗੇ ਕਾਂਗਰਸ ਪਾਰਟੀ 'ਚ ਸ਼ਾਮਲ

### ਤਰਨ ਤਾਰਨ ਵਿਧਾਨ ਸਭਾ ਦੀ ਹੋਣ ਰਹੀ ਜ਼ਿਮਨੀ ਚੋਣ 'ਚ ਸਮੀਕਰਨ ਬਦਲਣ ਦੇ ਆਸਾਰ



ਰਣਜੀਤ ਸਿੰਘ ਮਸੌਣ ਅੰਮ੍ਰਿਤਸਰ
ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਮੰਤਰੀ ਅਨਿਲ ਜੋਸ਼ੀ ਕਾਂਗਰਸ ਵਿੱਚ ਸ਼ਾਮਲ ਹੋਣ ਜਾਂ ਰਹੇ ਹਨ। ਅੱਜ ਉਨ੍ਹਾਂ ਨੇ ਦਿੱਲੀ ਵਿੱਚ ਕਾਂਗਰਸ ਦੇ ਆਗੂਆਂ ਰਾਹੁਲ ਗਾਂਧੀ ਅਤੇ ਵੇਣੂਗੋਪਾਲ ਨਾਲ ਮੁਲਾਕਾਤ ਕੀਤੀ। ਅਨਿਲ ਜੋਸ਼ੀ 2022 ਦੀਆਂ ਵਿਧਾਨ ਸਭਾ ਚੋਣ ਉੱਤਰੀ ਹਲਕੇ ਤੋਂ ਅਤੇ 2024 ਦੀਆਂ ਲੋਕ ਸਭਾ ਚੋਣ ਅੰਮ੍ਰਿਤਸਰ ਤੋਂ ਅਕਾਲੀ ਦਲ ਬਾਦਲ ਦੀ ਟਿਕਟ 'ਤੇ ਵੀ ਚੋਣ ਲੜ ਚੁੱਕੇ ਹਨ। ਅਨਿਲ ਜੋਸ਼ੀ ਭਲਕੇ 1 ਅਕਤੂਬਰ ਨੂੰ ਕਾਂਗਰਸ ਪਾਰਟੀ ਦੀ ਚੰਡੀਗੜ੍ਹ ਵਿੱਚ ਹੋ ਰਹੀ ਮੀਟਿੰਗ ਵਿੱਚ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣਗੇ।

ਇੱਥੇ ਇਹ ਦੱਸਣਯੋਗ ਹੈ ਕਿ ਇਸ ਤੋਂ ਪਹਿਲਾਂ ਉਹ ਭਾਜਪਾ ਵਿੱਚ ਸਨ ਅਤੇ ਭਾਜਪਾ ਦੀ ਟਿਕਟ 'ਤੇ ਅੰਮ੍ਰਿਤਸਰ ਉੱਤਰੀ ਵਿਧਾਨ ਸਭਾ ਹਲਕੇ ਤੋਂ ਦੋ ਵਾਰ ਵਿਧਾਇਕ ਚੁਣੇ ਗਏ ਸਨ। ਅਕਾਲੀ-ਭਾਜਪਾ ਗਠਜੋੜ ਦੌਰਾਨ ਉਹ ਮੰਤਰੀ ਵੀ ਰਹੇ। ਬਾਅਦ ਵਿੱਚ ਕਿਸਾਨ ਅੰਦੋਲਨ ਦੌਰਾਨ ਉਨ੍ਹਾਂ ਨੇ ਭਾਜਪਾ ਛੱਡ ਦਿੱਤੀ ਅਤੇ ਸ਼੍ਰੋਮਣੀ ਅਕਾਲੀ ਦਲ ਬਾਦਲ ਵਿੱਚ ਸ਼ਾਮਲ ਹੋ ਗਏ ਸਨ। ਅਨਿਲ ਜੋਸ਼ੀ ਦੇ ਕਾਂਗਰਸ ਵਿੱਚ ਸ਼ਾਮਲ ਹੋਣ ਨਾਲ ਤਰਨ ਤਾਰਨ ਦੀ ਹੋਣ ਜਾਂ ਰਹੀ ਜ਼ਿਮਨੀ ਚੋਣ ਤੇ ਵੀ ਸਿਆਸੀ ਸਮੀਕਰਨ ਬਦਲਣ ਦੇ ਆਸਾਰ ਹਨ। ਕਿਉਂਕਿ ਉਹਨਾਂ ਦਾ ਤਰਨ ਤਾਰਨ ਵਿੱਚ ਵੱਡਾ ਅਦਾਰ ਹੈ। ਅਨਿਲ ਜੋਸ਼ੀ ਦੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਵਿਧਾਨ ਸਭਾ ਹਲਕਾ ਤਰਨ ਤਾਰਨ ਤੋਂ ਕਾਂਗਰਸ ਪਾਰਟੀ ਦੇ ਚਾਹਵਾਨ ਉਮੀਦਵਾਰਾਂ ਵਿੱਚ ਵੀ ਮਾਯੂਸੀ ਵੇਖਣ ਨੂੰ ਮਿਲ ਰਹੀ ਹੈ।

## ਪੰਜਾਬ 'ਚ ਆਏ ਹੜ੍ਹਾਂ ਕਾਰਨ ਹੋਈ ਬਰਬਾਦੀ ਲਈ ਕੇਂਦਰ ਤੇ ਪੰਜਾਬ ਸਰਕਾਰ ਬਰਾਬਰ ਜ਼ਿੰਮੇਵਾਰ : ਬਾਪੂ ਤਰਸੇਮ ਸਿੰਘ

### ਭਾਈ ਅੰਮ੍ਰਿਤਪਾਲ ਸਿੰਘ ਦੀ ਪੈਰੋਲ ਸਬੰਧੀ ਦਿੱਤੇ ਮੰਗ ਪੱਤਰ ਨੂੰ ਸਰਕਾਰ ਵੱਲੋਂ ਰੱਦ ਕੀਤੇ ਜਾਣ ਦੀ ਜ਼ੋਰਦਾਰ ਨਿਖੇਧੀ



ਅੰਮ੍ਰਿਤਸਰ 30 ਸਤੰਬਰ ( ਗੁਰਪ੍ਰੀਤ ਸਿੰਘ ਡੱਬ) ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਅੱਜ ਅੰਮ੍ਰਿਤਸਰ ਪ੍ਰੈਸ ਕਲੱਬ ਵਿੱਚ ਇਕ ਅਹਿਮ ਪ੍ਰੈਸ ਕਾਨਫਰੰਸ ਕਰਕੇ ਹਾਲੀਆ ਹੜ੍ਹਾਂ ਨਾਲ ਪੰਜਾਬ ਭਰ ਵਿੱਚ ਹੋਈ ਵੱਡੀ ਤਬਾਹੀ 'ਤੇ ਕੇਂਦਰ ਅਤੇ ਰਾਜ ਸਰਕਾਰਾਂ ਦੀ ਬੇਧਿਆਨੀ ਨੂੰ ਬੇਨਕਾਬ ਕੀਤਾ ਗਿਆ। ਇਸ ਕਾਨਫਰੰਸ ਦੀ ਅਗਵਾਈ ਖਡੂਰ ਸਾਹਿਬ ਤੋਂ ਚੁਣੇ ਗਏ ਸੰਸਦ ਮੈਂਬਰ ਭਾਈ ਅੰਮ੍ਰਿਤਪਾਲ ਸਿੰਘ ਜੀ ਖ਼ਾਲਸਾ ਦੇ ਪਿਤਾ ਬਾਪੂ ਤਰਸੇਮ ਸਿੰਘ ਜੀ ਨੇ ਕੀਤੀ। ਇਸ ਮੌਕੇ ਤੇ ਬਾਪੂ ਤਰਸੇਮ ਜੀ ਦੇ ਨਾਲ ਭਾਈ ਪਰਮਜੀਤ ਸਿੰਘ ਜੌਹਲ, ਭਾਈ ਹਰਭਜਨ ਸਿੰਘ ਜੀ ਤੁੜ, ਭਾਈ ਅਮਰਜੀਤ ਸਿੰਘ ਜੀ ਵੰਨਚਿੜੀ, ਭਾਈ ਸੁਖਦੇਵ ਸਿੰਘ ਜੀ ਕਾਦੀਆਂ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਦਇਆ ਸਿੰਘ ਜੀ, ਭਾਈ ਸ਼ਮਸ਼ੇਰ ਸਿੰਘ ਜੀ ਪੱਧਰੀ, ਭਾਈ ਪ੍ਰਗਟ ਸਿੰਘ ਜੀ ਮੀਆਂਵਿੰਡ ਅਤੇ ਭਾਈ ਜਸਵਿੰਦਰ ਸਿੰਘ ਬਾਦਲ ਤੋਂ ਇਲਾਵਾ ਹੋਰ ਵੀ ਪਾਰਟੀ ਆਗੂ ਹਾਜ਼ਰ ਸਨ। ਇਸ ਮੌਕੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਬਾਪੂ ਤਰਸੇਮ ਸਿੰਘ ਜੀ ਨੇ ਦੱਸਿਆ ਕਿ 3 ਸਤੰਬਰ ਨੂੰ ਦੇਸ਼ ਦੇ ਗ੍ਰਹਿ ਮੰਤਰੀ ਨੂੰ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਰਾਹੀਂ ਭਾਈ ਅੰਮ੍ਰਿਤਪਾਲ ਸਿੰਘ ਜੀ ਲਈ ਘੱਟੋ-ਘੱਟ ਇੱਕ ਮਹੀਨੇ ਦੀ ਪੈਰੋਲ ਅਤੇ ਸੰਸਦੀ ਫੰਡ (MPLADS) ਜਾਰੀ ਕਰਨ ਲਈ ਜੋ ਮੰਗ ਪੱਤਰ ਦਿੱਤਾ ਗਿਆ ਸੀ, ਉਸਨੂੰ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਬੇਤੁਕੇ ਤਰਕਾਂ ਨਾਲ ਰੱਦ ਕਰ ਦਿੱਤਾ ਗਿਆ। ਉਹਨਾਂ ਕਿਹਾ ਕਿ "ਇਹ ਫੈਸਲਾ ਨਾਂ ਸਿਰਫ਼ ਲੋਕਤੰਤਰ ਦੇ ਬੁਨਿਆਦੀ ਅਧਿਕਾਰਾਂ ਤੇ ਸਿੱਧਾ ਹਮਲਾ ਹੈ, ਸਗੋਂ ਇਹ ਸਵਾਲ ਵੀ ਖੜ੍ਹਾ ਕਰਦਾ ਹੈ ਕਿ ਜੇਕਰ ਇਕ ਚੁਣੇ ਹੋਏ ਨੁਮਾਇੰਦੇ ਦੇ ਹੱਕਾਂ ਨੂੰ ਇੰਨੀ ਅਸਾਨੀ ਨਾਲ ਰੌਂਦਿਆ ਜਾ ਸਕਦਾ ਹੈ ਤਾਂ ਆਮ ਇਨਸਾਨ ਦੇ ਹੱਕਾਂ ਦੀ ਰੱਖਿਆ ਕੌਣ ਕਰੇਗਾ?" ਭਾਈ ਅੰਮ੍ਰਿਤਪਾਲ ਸਿੰਘ ਦੀ ਪੈਰੋਲ ਦੀ ਮੰਗ ਸਿਰਫ਼ ਇਸ ਲਈ ਕੀਤੀ ਗਈ ਸੀ ਤਾਂ ਜੋ ਉਹ ਆਪਣੇ ਹਲਕਾ ਖਡੂਰ ਸਾਹਿਬ ਵਿੱਚ ਆ ਕੇ ਹੜ੍ਹਾਂ ਕਾਰਨ ਪੀੜਤ ਲੋਕਾਂ ਨਾਲ ਖੜ੍ਹ ਸਕਣ, ਰਾਹਤ ਕਾਰਜਾਂ ਦੀ ਨਿਗਰਾਨੀ ਕਰ ਸਕਣ ਅਤੇ ਸੰਸਦੀ ਫੰਡ ਦੇ ਸਹੀ ਪ੍ਰਯੋਗ ਨੂੰ ਯਕੀਨੀ ਬਣਾਉਣ। ਬਾਪੂ ਜੀ ਨੇ ਕਿਹਾ ਕਿ ਇਹ ਘਟਨਾ ਸਿਰਫ਼ ਇਕ ਚੁਣੇ ਹੋਏ ਸੰਸਦ ਮੈਂਬਰ ਦੇ ਨਾਲ ਬੇਇਨਸਾਫੀ ਨਹੀਂ, ਸਗੋਂ ਪੂਰੇ ਪੰਜਾਬ ਦੇ ਲੋਕਾਂ ਨਾਲ ਕੀਤੀ ਗਈ ਧੱਕੇਸ਼ਾਹੀ ਹੈ। "ਇਹ ਸੋਚਣ ਵਾਲੀ ਗੱਲ ਹੈ ਕਿ ਜੇ ਲੋਕਾਂ ਦਾ ਚੁਣਿਆ MP ਵੀ ਆਪਣੇ ਹਲਕੇ ਦੇ ਦੁੱਖ-ਦਰਦ ਵਿੱਚ ਹਿੱਸਾ ਨਹੀਂ ਲੈ ਸਕਦਾ, ਤਾਂ ਆਮ ਗਰੀਬ ਕਿਸਾਨ ਜਾਂ ਮਜ਼ਦੂਰ ਸਰਕਾਰ ਤੋਂ ਨਿਆਂ ਦੀ ਉਮੀਦ ਕਿਵੇਂ ਕਰ ਸਕਦੇ ਹਨ।

ਇਸਦੇ ਨਾਲ ਹੀ ਬਾਪੂ ਤਰਸੇਮ ਸਿੰਘ ਜੀ ਨੇ ਪੰਜਾਬ ਵਿੱਚ ਆਏ ਹੜ੍ਹਾਂ ਕਾਰਨ ਹੋਈ ਬਰਬਾਦੀ ਦਾ ਖੁਲਾਸਾ ਕਰਦਿਆਂ ਇਹ ਦੋਸ਼ ਲਗਾਇਆ ਕਿ ਦਰਿਆਵਾਂ ਦੇ ਕਿਨਾਰਿਆਂ ਦੀ ਮਜ਼ਬੂਤੀ, ਡਰੇਨੇਜ਼ ਸਿਸਟਮ ਦੀ ਮੁਰੰਮਤ ਅਤੇ ਪੁਰਾਣੇ ਬੰਨ੍ਹਾਂ ਦੀ ਸੰਭਾਲ ਵਿੱਚ ਸਰਕਾਰਾਂ ਨੇ ਗੰਭੀਰ ਲਾਪਰਵਾਹੀ ਕੀਤੀ, ਜਿਸ ਕਾਰਨ ਸੈਂਕੜੇ ਪਿੰਡ ਪਾਣੀ ਦੀ ਲਪੇਟ ਵਿੱਚ ਆ ਗਏ, ਜਾਨਾਂ ਗਈਆਂ, ਹਜ਼ਾਰਾਂ ਘਰ ਬਰਬਾਦ ਹੋਏ ਅਤੇ ਲੱਖਾਂ ਏਕੜ ਫਸਲ ਪੂਰੀ ਤਰ੍ਹਾਂ ਨਾਸ਼ ਹੋ ਗਈ। ਉਹਨਾਂ ਨੇ ਪ੍ਰਧਾਨ ਮੰਤਰੀ ਵੱਲੋਂ ਐਲਾਨੇ ਗਏ 1600 ਕਰੋੜ ਦੇ ਰਾਹਤ ਪੈਕੇਜ ਨੂੰ "ਇਕ ਮਜ਼ਾਕ" ਕਰਾਰ ਦਿੱਤਾ ਅਤੇ ਦੋਸ਼ ਲਗਾਇਆ ਕਿ ਕੇਂਦਰ ਤੇ ਪੰਜਾਬ ਸਰਕਾਰ ਆਪਸੀ ਸਿਆਸੀ ਮਿਹਣੋਂ-ਮਿਹਣੀ ਵਿੱਚ ਮਸਰੂਫ਼ ਹਨ, ਪਰ ਪੰਜਾਬ ਦੇ ਕਿਸਾਨਾਂ ਤੇ ਮਜ਼ਦੂਰਾਂ ਨੂੰ ਕੋਈ ਰਾਹਤ ਨਹੀਂ ਦਿੱਤੀ ਜਾ ਰਹੀ। ਉਹਨਾਂ ਖੁਲਾਸਿਆਂ ਸਹਿਤ ਦੱਸਿਆ ਕਿ ਰਿਪੋਰਟਾਂ ਮੁਤਾਬਕ ਲਗਭਗ 1500–2000 ਪਿੰਡ, 3–4 ਲੱਖ ਲੋਕ, ਅਤੇ 2–3 ਲੱਖ ਏਕੜ ਖੇਤੀਯੋਗ ਜ਼ਮੀਨ ਹੜ੍ਹਾਂ ਨਾਲ ਪ੍ਰਭਾਵਿਤ ਹੋਈ। ਸਰਕਾਰੀ ਅਨੁਮਾਨ ਅਨੁਸਾਰ ਆਰਥਿਕ ਨੁਕਸਾਨ ₹13,000–14,000 ਕਰੋੜ ਤੱਕ ਪਹੁੰਚਦਾ ਹੈ ਅਤੇ ਲਗਭਗ 50 ਮੌਤਾਂ ਹੋ ਚੁੱਕੀਆਂ ਹਨ। ਉਹਨਾਂ ਨੇ ਕਿਹਾ ਕਿ ਡੈਮਾਂ ਵਿੱਚ ਜਮਾਂ ਪਾਣੀ ਸਮੇਂ 'ਤੇ ਹੋਲੀ-ਹੋਲੀ ਨਾ ਛੱਡਣਾ ਵੀ ਇੱਕ ਵੱਡਾ ਕਾਰਨ ਹੈ, ਜਿਸ ਨਾਲ ਜਾਣ-ਬੁੱਝ ਕੇ ਪੰਜਾਬ ਨਾਲ ਬਦਲਾ ਲੈਣ ਵਾਲੀ ਸੋਚ ਸਪਸ਼ਟ ਹੁੰਦੀ ਹੈ। ਪਰ ਸਾਡੀ ਪਾਰਟੀ ਦੇ ਜੁਝਾਰੂ ਵਰਕਰਾਂ ਨੇ ਸੰਗਤ ਦੇ ਸਹਿਯੋਗ ਨਾਲ ਇਕ ਜਜ਼ਬੇ ਨਾਲ ਬਿਨਾਂ ਕਿਸੇ ਸਰਕਾਰੀ ਸਹਾਇਤਾ ਦੇ ਪੰਜਾਬ ਦੇ ਸਾਰੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ 21 ਰਾਹਤ ਕੈਂਪ ਲਗਾਇਆ ਅਤੇ ਵੱਡੀ ਮਾਤਰਾ ਵਿੱਚ ਹਰ ਪ੍ਰਕਾਰ ਦੀ ਰਾਹਤ ਸਮੱਗਰੀ ਤਰਤੀਬ ਅਨੁਸਾਰ ਹੜ੍ਹ ਪੀੜਤਾਂ ਤੱਕ ਪਹੁੰਚਾਈ ਗਈ। ਉਹਨਾਂ ਦੱਸਿਆ ਇਕ ਇਥੇ ਹੀ ਬੱਸ ਨਹੀਂ ਅਜੇ ਵੀ ਅਕਾਲੀ ਦਲ ਵਾਰਿਸ ਪੰਜਾਬ ਦੇ 15 ਕੈਂਪ ਸਟੈਂਡ ਬਾਏ ਹਨ ਅਤੇ ਬਰਬਾਦ ਹੋਈਆਂ ਜਮੀਨ ਨੂੰ ਦੋਬਾਰਾ ਵਾਹੀਯੋਗ ਬਣਾਂਕੇ ਬਿਜਾਈ ਦੀ ਕਰਨ ਦੀ ਸੇਵਾ ਜਾਰੀ ਹੈ। ਬਾਪੂ ਤਰਸੇਮ ਸਿੰਘ ਅਤੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਵੱਲੋਂ ਸਰਕਾਰਾਂ ਦੀ ਬੇਧਿਆਨੀ ਕਾਰਨ ਹੋਏ ਨੁਕਸਾਨ ਵੱਲ ਧਿਆਨ ਦਿਵਾਉਂਦਿਆਂ ਹੇਠ ਲਿਖੀਆਂ ਮੰਗਾਂ ਵੀ ਰੱਖੀਆਂ ਪਾਰਟੀ ਦੀਆਂ ਮੁੱਖ ਮੰਗਾਂ

1. ਹੜ੍ਹਾਂ ਦੇ ਕਾਰਣਾਂ ਦੀ ਨਿਆਂਇਕ ਜਾਂਚ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਰਿਟਾਇਰਡ ਜੱਜਾਂ ਦੀ ਨਿਗਰਾਨੀ ਹੇਠ ਕੀਤੀ ਜਾਵੇ।
2. BBMB (ਭਾਖੜਾ ਬਿਆਸ ਮੈਨੇਜਮੈਂਟ ਬੋਰਡ) ਦੇ ਸਾਰੇ ਅਧਿਕਾਰ ਪੂਰੀ ਤਰ੍ਹਾਂ ਪੰਜਾਬ ਨੂੰ ਸੌਂਪੇ ਜਾਣ।
3. ਪੰਜਾਬ ਲਈ 1600 ਕਰੋੜ ਤੋਂ ਵਧਾ ਕੇ ਘੱਟੋ-ਘੱਟ 25 ਹਜ਼ਾਰ ਕਰੋੜ ਰੁਪਏ ਦਾ ਵਿਸ਼ੇਸ਼ ਰਾਹਤ ਪੈਕੇਜ ਐਲਾਨਿਆ ਜਾਵੇ।
4. ਹੜ੍ਹਾਂ ਕਾਰਨ ਤਬਾਹ ਹੋਈਆਂ ਫਸਲਾਂ, ਘਰਾਂ ਅਤੇ ਪਸ਼ੂਆਂ ਲਈ ਸਿੱਧਾ ਮੁਆਵਜ਼ਾ ਪ੍ਰਭਾਵਿਤ ਕਿਸਾਨਾਂ ਤੇ ਮਜਦੂਰਾਂ ਦੇ ਖਾਤਿਆਂ ਵਿੱਚ ਪਾਇਆ ਜਾਵੇ।
5. ਹੜ੍ਹਾਂ ਲਈ ਜਿੰਮੇਵਾਰ ਲਾਪਰਵਾਹ ਅਧਿਕਾਰੀਆਂ 'ਤੇ ਸਖ਼ਤ ਕਾਰਵਾਈ ਕੀਤੀ ਜਾਵੇ।

ਅਖੀਰ ਵਿੱਚ ਬਾਪੂ ਤਰਸੇਮ ਸਿੰਘ ਨੇ ਸਪੱਸ਼ਟ ਕੀਤਾ ਕਿ ਜਦ ਤੱਕ ਇਹ ਮੰਗਾਂ ਪੂਰੀਆਂ ਨਹੀਂ ਹੁੰਦੀਆਂ, ਅਕਾਲੀ ਦਲ ਵਾਰਿਸ ਪੰਜਾਬ ਦੇ ਪੰਜਾਬ ਦੇ ਕਿਸਾਨਾਂ ਅਤੇ ਮਜ਼ਦੂਰਾਂ ਦੇ ਹੱਕਾਂ ਲਈ ਆਪਣਾ ਸੰਘਰਸ਼ ਜਾਰੀ ਰੱਖੇਗਾ।

## ਜੇਲ੍ਹ ਵਿੱਚ ਬੰਦ ਗੈਂਗਸਟਰ ਜੱਗੂ ਭਗਵਾਨਪੁਰੀਆ ਦੇ ਨਜ਼ਦੀਕੀ ਸਾਥੀ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਿਹਾ ਸੀ ਮੁਲਜ਼ਮ: ਡੀਜੀਪੀ ਗੌਰਵ ਯਾਦਵ

ਪਟਿਆਲਾ, 30 ਸਤੰਬਰ:ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਚਲਾਈ ਮੁਹਿੰਮ ਦੌਰਾਨ ਸਫ਼ਲਤਾ ਹਾਸਲ ਕਰਦਿਆਂ ਕਾਊਂਟਰ ਇੰਟੈਲੀਜੈਂਸ(ਸੀਆਈ) ਪਟਿਆਲਾ ਨੇ ਇੱਕ ਨਸ਼ਾ ਤਸਕਰ ਨੂੰ ਗ੍ਰਿਫ਼ਤਾਰ ਕਰਕੇ ਉਸਦੇ ਕਬਜ਼ੇ ਵਿੱਚੋਂ 4.7 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਦੀ ਪਛਾਣ ਵੰਸ਼ ਕੁਮਾਰ, ਪਿੰਡ ਦਾਲਮ, ਬਟਾਲਾ ਵਜੋਂ ਹੋਈ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਮੁਲਜ਼ਮ ਵੰਸ਼ ਕੁਮਾਰ ਦੁਬਈ ਅਧਾਰਤ ਅੰਮ੍ਰਿਤਪਾਲ ਸਿੰਘ, ਜੋ ਕਿ ਜੇਲ੍ਹ ਵਿੱਚ ਬੰਦ ਗੈਂਗਸਟਰ ਜੱਗੂ ਭਗਵਾਨਪੁਰੀਆ ਦਾ ਸਾਥੀ ਹੈ, ਨਾਲ ਨੇੜਿਓਂ ਕੰਮ ਕਰ ਰਿਹਾ ਹੈ।ਡੀਜੀਪੀ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ ਤਾਂ ਜੋ ਸਮੁੱਚੇ ਗਠਜੋੜ ਦਾ ਪਰਦਾਫਾਸ਼ ਕੀਤਾ ਜਾ ਸਕੇ।ਇਸ ਆਪਰੇਸ਼ਨ ਦੇ ਹੋਰ ਵੇਰਵੇ ਸਾਂਝੇ ਕਰਦਿਆਂ ਏਆਈਜੀ ਸੀਆਈ ਪਟਿਆਲਾ ਡਾ. ਸਿਮਰਤ ਕੌਰ ਨੇ ਕਿਹਾ ਕਿ ਭਰੋਸੇਯੋਗ ਜਾਣਕਾਰੀ ਪ੍ਰਾਪਤ ਹੋਈ ਸੀ ਕਿ ਸ਼ੱਕੀ ਵੰਸ਼ ਕੁਮਾਰ ਨੇ ਤਰਨਤਾਰਨ ਤੋਂ ਹੈਰੋਇਨ ਦੀ ਖੇਪ ਚੁੱਕੀ ਹੈ ਅਤੇ ਉਹ ਇਸਨੂੰ ਜਲੰਧਰ ਪਹੁੰਚਾਉਣ ਜਾ ਰਿਹਾ ਹੈ। ਇਸ 'ਤੇ ਤੁਰੰਤ ਕਾਰਵਾਈ ਕਰਦਿਆਂ ਸੀਆਈ ਪਟਿਆਲਾ ਦੀਆਂ ਪੁਲਿਸ ਟੀਮਾਂ ਨੇ ਉਸਨੂੰ ਘੇਰਾ ਪਾ ਲਿਆ ਅਤੇ ਮੌਕੇ 'ਤੇ ਹੀ ਉਸਦੇ ਕਬਜ਼ੇ 'ਚੋਂ ਹੈਰੋਇਨ ਦੀ ਖੇਪ ਬਰਾਮਦ ਕੀਤੀ ਅਤੇ ਉਸਦਾ ਮੋਬਾਈਲ ਫੋਨ ਵੀ ਜ਼ਬਤ ਕਰ ਲਿਆ ਹੈ।

ਉਨ੍ਹਾਂ ਕਿਹਾ ਕਿ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤਾ ਗਿਆ ਮੁਲਜ਼ਮ ਵੰਸ਼ ਅੰਮ੍ਰਿਤਪਾਲ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਿਹਾ ਸੀ।

# ਪਿੰਡ ਸਮਸ਼ਪੁਰ ਸਿੰਘਾਂ ਦੀ ਜਲ ਸਪਲਾਈ ਸਕੀਮ ਬੰਦ ਹੋਣ ਤਲਵਾਰ ਲਟਕੀ ਮਸਲਾ ਸਕੀਮ ਦੇ ਰਸਤੇ ਸਮੇਤ ਮੇਨ ਤੇ ਹੋਇਆ ਕਬਜ਼ਾ

ਖਮਾਣੋਂ,30, ਸਤੰਬਰ (ਮਲਾਗਰ ਖਮਾਣੋਂ) ਬਲਾਕ ਖਮਾਣੋ ਦੇ ਪਿੰਡ ਸਮਸ਼ਪੁਰ ਸਿੰਘਾਂ ਵਿਖੇ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਵੱਲੋਂ ਲੋਕਾਂ ਨੂੰ ਪੀਣ ਯੋਗ ਸਾਫ ਪਾਣੀ ਦੀ ਬੁਨਿਆਦੀ ਸਹੂਲਤ ਦੇਣ ਲਈ ਜਲ ਸਪਲਾਈ ਸਕੀਮ ਦੀ ਉਸਾਰੀ ਕੀਤੀ ਗਈ ਹੈ , ਜਿਸ ਨੂੰ ਲਿਕ ਸੜਕ ਤੋਂ 11 ਫੁੱਟ ਚੌੜਾ ਇਸ ਜਲ ਘਰ ਨੂੰ ਰਸਤਾ ਲੱਗਿਆ ਹੋਇਆ ਸੀ, ਸਬੰਧਤ ਰਸਤੇ ਦੇ ਨਾਲ ਲੱਗਦੇ ਖੇਤ ਮਾਲਕ ਵੱਲੋਂ ਬਿਨਾਂ ਵਿਭਾਗ ਨੂੰ ਸੂਚਿਤ ਕੀਤੀਆਂ ਇਸ ਰਸਤੇ ਨੂੰ ਆਪਣੇ ਖੇਤ ਵਿੱਚ ਮਿਲਾ ਲਿਆ ਗਿਆ ਹੈ। ਇਸ ਸਬੰਧੀ ਵਿਭਾਗ ਦੇ ਇੰਜੀਨੀਅਰ ਗਗਨਦੀਪ ਸਿੰਘ ਵਿਰਕ ਨੇ ਦੱਸਿਆ ਕਿ ਪਿੰਡ ਦੀ ਪੰਚਾਇਤ ਵੱਲੋਂ ਮਿਤੀ 26/6 /1996 ਨੂੰ ਸਰਬ ਸੰਮਤੀ ਨਾਲ ਮਤਾ ਪਾਸ ਕਰਕੇ 200/ 200 ਦਾ ਪਲਾਟ ਖਸਰਾ ਨੰਬਰ 9/11 ਸਮੇਤ ਲਿੰਕ ਸੜਕ ਤੋਂ 11 ਫੁੱਟ ਚੌੜਾ ਰਸਤੇ ਦਾ ਮਤਾ ਦਿੱਤਾ ਗਿਆ ਸੀ, ਉਸ ਸਮੇਂ 34/35 ਲੱਖ ਨਾਲ ਜਲ ਕਰ ਉਸਾਰਿਆ ਗਿਆ ਸੀ ਇਹਨਾਂ ਦੱਸਿਆ ਕਿ ਰਸਤੇ ਸਬੰਧੀ ਬੀਡੀਪੀਓ ਖਮਾਣੇ ਨੂੰ 18/9/2025 ਨੂੰ ਲਿਖਤੀ ਸ਼ਿਕਾਇਤ ਦਿੱਤੀ ਗਈ ਸੀ ਇਹਨਾਂ ਦੱਸਿਆ ਕਿ ਇਸ ਰਸਤੇ ਵਿੱਚ ਛੇ ਇੰਚ ਮੇਨ ਲਾਈਨ ਪਾਈ ਹੋਈ ਹੈ। ਵਿਭਾਗ ਦੇ ਫੀਲਡ ਮੁਲਾਜ਼ਮਾਂ ਦੀ ਜਥੇਬੰਦੀ ਦੇ ਪ੍ਰਧਾਨ ਤਰਲੋਚਨ ਸਿੰਘ ਦੀਦਾਰ ਸਿੰਘ ਢਿੱਲੋ ਨੇ ਦੱਸਿਆ ਕਿ ਸਬੰਧਤ ਖੇਤ ਮਾਲਕ ਵੱਲੋਂ ਪਾਇਪ ਤੋਂ ਮਿੱਟੀ ਚੁੱਕਣ ਕਾਰਨ ਪਾਇਪ ਲਾਈਨ ਨੂੰ ਕਿਸੇ ਸਮੇਂ ਵੀ ਨੁਕਸਾਨ ਪੁੱਜ ਸਕਦਾ ਹੈ ,ਜੇਕਰ ਲਾਈਨ ਨੂੰ ਨੁਕਸਾਨ ਪੁੱਜਦਾ ਹੈ ਤਾਂ ਜਲ ਘਰ ਤੋਂ ਪਿੰਡ ਨੂੰ ਪੀਣ ਵਾਲੇ ਪਾਣੀ ਦੀ ਸਪਲਾਈ ਬੰਦ ਹੋ ਸਕਦੀ ਹੈ। ਜਿਸ ਨਾਲ ਲੱਖਾਂ ਰੁਪਏ ਦਾ ਉਸਾਰਿਆ ਜਲ ਘਰ ਚਿੱਟਾ ਹਾਥੀ ਹੋ ਜਾਵੇਗਾ, ਪਿੰਡ ਦੇ ਮੌਜੂਦਾ ਸਰਪੰਚ ਨੇ ਦੱਸਿਆ ਕਿ ਪੰਚਾਇਤ ਵੱਲੋਂ ਖੇਤ ਮਾਲਕ ਨੂੰ ਰਸਤਾ ਛੱਡਣ ਲਈ ਬੇਨਤੀ ਕੀਤੀ ਗਈ ਸੀ ਤਾਂ ਖੇਤ ਮਾਲਕ ਦਾ ਕਹਿਣਾ ਹੈ ਕਿ ਮੇਰੀ ਮਾਲਕੀ ਅਧੀਨ ਹੈ ਅਤੇ ਸਾਡੇ ਬਜ਼ੁਰਗਾਂ ਵੱਲੋਂ ਉਸ ਸਮੇਂ ਦੀ ਪੰਚਾਇਤ ਨਾਲ ਮਿਲ ਕੇ ਜਲ ਘਰ ਲੱਗਣ ਕਾਰਨ ਪਾਇਪ ਲਾਈਨ, ਤੇ ਰਸਤੇ ਦੀ ਸਹਿਮਤੀ ਦੇ ਦਿੱਤੀ ਸੀ, ਜੋ ਕਿ ਉਸ ਸਮੇਂ ਗਲਤ ਕੀਤਾ ਗਿਆ ਸੀ। ਉਹਨਾਂ ਕਿਹਾ ਕਿ ਜੇਕਰ ਵਿਭਾਗ ਦੀ ਪਾਇਪ ਲਾਈਨ ਦਾ ਨੁਕਸਾਨ ਹੁੰਦਾ ਤੇ ਇਸਦੀ ਜ਼ਿੰਮੇਵਾਰੀ ਸੰਬੰਧਿਤ ਵਿਭਾਗ ਦੀ ਹੋਵੇਗੀ ।ਇਸ ਸਬੰਧੀ ਬੀਡੀਪੀਓ ਨੇ ਦੱਸਿਆ ਕਿ ਮੇਰੇ ਕੋਲ ਸੰਬੰਧਿਤ ਵਿਭਾਗ ਦਾ ਪੱਤਰ ਮਿਲ ਚੁੱਕਾ ਹੈ ਮੈਂ ਮੌਕਾ ਦੇ ਕੇ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਇਸ ਸਬੰਧੀ ਮੁਲਾਜ਼ਮਾਂ ਦੀ ਜਥੇਬੰਦੀ ਵੱਲੋਂ ਮੁੱਖ ਸਕੱਤਰ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਇਸ ਦੀ ਜਾਂਚ ਕੀਤੀ ਜਾਵੇ ਅਤੇ ਬਣਦੀ ਕਾਰਵਾਈ ਕੀਤੀ ਜਾਵੇ ਤਾਂ ਜੋ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਸਹੂਲਤ ਬਹਾਲ ਰੱਖੀ ਜਾ ਸਕੇ।



# ਵਰਲਡ ਰੇਬਿਜ ਡੇਅ ਤੇ ਐਸ਼ ਪੀ ਸੀ ਏ ਸ੍ਰੀ ਮੁਕਤਸਰ ਸਾਹਿਬ ਵੱਲੋਂ ਲਗਾਇਆ ਗਿਆ ਮੁਫ਼ਤ ਟੀਕਾਕਰਨ ਕੈਂਪ

ਸ੍ਰੀ ਮੁਕਤਸਰ ਸਾਹਿਬ (ਗੁਰਨਾਮ ਰੱਥੜੀਆ)(ਨਰਿੰਦਰ ਵਧਵਾ)ਸ੍ਰੀ ਮੁਕਤਸਰ ਸਾਹਿਬ ਡਿਪਟੀ ਕਮਿਸ਼ਨਰ ਕਮ ਚੇਅਰਮੈਨ ਸੁਸਾਇਟੀ ਫਾਰ ਪ੍ਰੋਵੈਨਸ਼ਨ ਆਫ ਕੁਰੈਲਟੀ ਟੂ ਐਨੀਮਲਜ਼ (ਐਸ ਪੀ ਸੀ ਏ) ਸ੍ਰੀ ਮੁਕਤਸਰ ਸਾਹਿਬ ਅਭਿਜੀਤ ਕਪਲਿਸ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਸ੍ਰੀ ਮੁਕਤਸਰ ਸਾਹਿਬ ਡਾ ਗੁਰਦਿੱਤ ਸਿੰਘ ਔਲਖ ਦੀ ਅਗਵਾਈ ਹੇਠ ਸਿਵਲ ਪਸ਼ੂ ਹਸਪਤਾਲ ਸ੍ਰੀ ਮੁਕਤਸਰ ਸਾਹਿਬ ਵਿਖੇ ਵਰਲਡ ਰੇਬਿਜ ਡੇਅ ਨੂੰ ਸਮਰਪਿਤ ਇੱਕ ਮੁਫ਼ਤ ਐਂਟੀ ਰੇਬਿਜ ਕੈਂਪ ਲਗਾਇਆ ਗਿਆ । ਇਸ ਕੈਂਪ ਦੌਰਾਨ 145 ਪਾਲਤੂ ਅਤੇ ਅਵਾਰਾ ਕੁੱਤਿਆਂ ਨੂੰ ਹਲਕਾਅ ਦੀ ਬਿਮਾਰੀ ਤੋਂ ਬਚਾਅ ਲਈ ਮੁਫ਼ਤ ਟੀਕੇ ਲਗਾਏ ਗਏ । ਇਸ ਕੈਂਪ ਦੌਰਾਨ ਲੋਕਾਂ ਨੂੰ ਜਾਣਕਾਰੀ ਦਿੰਦੀਆਂ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵੱਲੋਂ ਇਸ ਬਿਮਾਰੀ ਦੀ ਭਿਆਨਕਤਾ ਅਤੇ ਇਸ ਤੋਂ ਬਚਾਅ ਲਈ ਟੀਕਾਕਰਨ ਦੀ ਮਹੱਤਤਾ ਬਾਰੇ ਵਿਸਥਾਰ ਵਿੱਚ ਦੱਸਿਆ ਗਿਆ। ਇਸ ਤੋਂ ਇਲਾਵਾ ਇਸ ਮੌਕੇ ਐਸ ਪੀ ਸੀ ਏ ਵੱਲੋਂ ਸਮੇਂ ਸਮੇਂ ਤੇ ਕੀਤੇ ਜਾਂਦੇ ਲੋਕ ਭਲਾਈ ਦੇ ਕੰਮਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਕੈਂਪ ਵਿੱਚ ਡਾ ਕੇਵਲ ਸਿੰਘ, ਸੀਨੀਅਰ ਵੈਟਨਰੀ ਅਫ਼ਸਰ ਸ੍ਰੀ ਮੁਕਤਸਰ ਸਾਹਿਬ,ਡਾ ਮੁਸਕਾਨ ਵੈਟਨਰੀ ਅਫ਼ਸਰ ਬੱਲਮਗੜ੍ਹ, ਸੁਖਵੀਰ ਸਿੰਘ ਡੀ ਵੀ ਆਈ , ਰਮਨਦੀਪ ਸਿੰਘ ਵੈਟਨਰੀ ਇੰਸਪੈਕਟਰ, ਰਜੇਸ਼ ਕੁਮਾਰ ਅਤੇ ਗੁਰਮੇਲ ਸਿੰਘ ਆਦਿ




# ਜੋੜ੍ਹਾਂ ਦਾ ਦਰਦ ਅਤੇ ਗੋਡਿਆਂ ਵਿੱਚੋਂ ਟਕ ਟਕ ਦੀਆਂ ਆਵਾਜ਼ਾਂ ਆਉਣਾਂ ਵਿਟਾਮਿਨ ਡੀ ਦੀ ਘਾਟ ਕਾਰਨ ਹੁੰਦਾ ਹੈ : ਡਾ ਮਨਿੰਦਰ ਪਾਲ ਸਿੰਘ ਸੰਧੂ

ਸਮਾਣਾ 30 ਸਤੰਬਰ (ਦੀਵਾਨ ਥਰੇਜਾ) ਅੱਜ ਕੱਲ ਵਧੇਰੇ ਲੋਕ ਜੋੜਾਂ ਦੇ ਦਰਦ ਅਤੇ ਗੋਡਿਆਂ ਵਿੱਚੋਂ ਆਉਂਦੀ ਟਕ ਟਕ ਦੀ ਆਵਾਜ਼ ਕਾਰਨ ਵਧੇਰੇ ਪਰੇਸ਼ਾਨ ਹਨ ਇਸ ਬਾਰੇ ਸਿਵਲ ਹਸਪਤਾਲ ਸਮਾਣਾ ਵਿੱਚ ਤੈਨਾਤ ਹੱਡੀਆਂ ਦੇ ਮਾਹਿਰ ਡਾਕਟਰ ਮਨਿੰਦਰ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਅਜਿਹਾ ਸਾਡੇ ਖ਼ਾਨ ਪੀਣ ਦੇ ਕਾਰਨ ਹੋ ਰਿਹਾ ਹੈ ਅਤੇ ਵਿਟਾਮਿਨ ਡੀ ਦੀ ਘਾਟ ਕਾਰਨ ਹੋ ਰਿਹਾ ਹੈ ਹੈ ਪਰ ਕਈ ਮਨੁੱਖ ਪੋਸ਼ਕ ਤੱਤਾਂ ਵੱਲ ਘੱਟ ਧਿਆਨ ਦਿੰਦੇ ਹਨ। ਉਨ੍ਹਾਂ ਦੱਸਿਆ ਕਿ ਭਾਰਤ ਲਗਭਗ 50 ਪ੍ਰਤੀਸ਼ਤ ਲੋਕ ਹੱਡੀਆਂ ਦੀ ਕਮਜ਼ੋਰੀ ਦੀ ਬਿਮਾਰੀ ਤੋਂ ਪੀੜਤ ਹਨ ਅਤੇ ਲਗਭਗ 18 ਪ੍ਰਤੀਸ਼ਤ ਲੋਕ ਗੰਭੀਰ ਰੂਪ ਵਿੱਚ ਹੱਡੀਆਂ ਦੇ ਰੋਗ ਤੋਂ ਪੀੜਤ ਹਨ। ਇਸ ਦਾ ਮੁੱਖ ਕਾਰਨ ਕੈਲਸ਼ੀਅਮ ਅਤੇ ਵਿਟਾਮਿਨ ਡੀ ਦੀ ਘਾਟ ਹੋਣ ਕਰਕੇ ਹੁੰਦਾ ਹੈ। ਇਸ ਤੋਂ ਬਚਾਅ ਲਈ ਸਾਨੂੰ ਕੈਲਸ਼ੀਅਮ ਵਿਟਾਮਿਨ ਡੀ ਨਾਲ ਭਰਪੂਰ ਆਹਾਰ ਲੈਣੇ ਚਾਹੀਦੇ ਹਨ ਜੋ ਸਾਨੂੰ ਦੁੱਧ ਹਰੀਆ ਸਬਜ਼ੀਆ ਵਿੱਚੋਂ ਆਸਾਨੀ ਨਾਲ ਮਿਲ ਸਕਦੇ ਹਨ। ਤੇ ਨਾਲ ਹੀ ਰੋਜ਼ਾਨਾ ਸਵੇਰੇ ਦੀ ਸੈਰ ਅਤੇ ਹਲਕੀ ਫੁਲਕੀ ਕਸਰਤ ਕਰਨੀ ਚਾਹੀਦੀ ਹੈ ਤੇ ਡਾਕਟਰ ਦੀ ਸਲਾਹ ਦੇ ਨਾਲ ਨਾਲ ਫੀਜੀਓਥਰੈਪਿਸਟ ਦੀ ਸਲਾਹ ਵੀ ਲੈਣੀ ਚਾਹੀਦੀ ਹੈ। ਖਾਸ ਤੌਰ ਤੇ ਰੋਜ਼ ਦੇ ਆਹਾਰ ਵੱਲ ਵਿਸ਼ੇਸ਼ ਧਿਆਨ ਦੇਣਾ ਜ਼ਰੂਰੀ ਹੈ, ਅਗਰ ਅਸੀਂ ਅਜਿਹਾ ਨਹੀਂ ਕਰਾਂਗੇ ਤਾਂ ਸਾਡੀਆਂ ਹੱਡੀਆਂ ਤੇ ਮਾਸਪੇਸ਼ੀਆਂ ਕਮਜ਼ੋਰ ਹੋਣਾ ਸ਼ੁਰੂ ਹੋ ਜਾਣਗੀਆਂ ਤੇ ਸਾਨੂੰ ਵੱਖ-ਵੱਖ ਬਿਮਾਰੀਆਂ ਖਾਸ ਕਰਕੇ ਹੱਡੀਆਂ ਦੀਆਂ ਬਿਮਾਰੀਆਂ ਘੇਰ ਲੈਣਗੀਆਂ। ਇਸ ਦੇ ਨਾਲ ਉਨ੍ਹਾਂ ਦੱਸਿਆ ਕਿ ਗਰੀਬ ਮਰੀਜ਼ਾਂ ਦੀ ਸਹਾਇਤਾ ਲਈ ਸਰਕਾਰ ਵੱਲੋਂ ਆਯੂਸ਼ਮਾਨ ਕਾਰਡ ਦੀ ਸਹੂਲਤ ਵੀ ਦਿੱਤੀ ਹੋਈ ਹੈ ਜਿਸ ਨਾਲ ਸਰਕਾਰੀ ਹਸਪਤਾਲ ਵਿੱਚ ਵਧੀਆ ਤੇ ਜਲਦੀ ਇਲਾਜ਼ ਹੋ ਜਾਂਦਾ ਹੈ।



# ਸਕਾਲਰਜ਼ ਪਬਲਿਕ ਸਕੂਲ ਦੇ ਵਿਦਿਆਰਥੀਆਂ ਨੇ ਤਾਇਕਵਾਂਡੋ ਮੁਕਾਬਲੇ ਵਿੱਚ ਪੰਜ ਸੋਨੇ ਦੇ ਤਗਮੇ ਜਿੱਤ ਸਕੂਲ ਦਾ ਨਾਮ ਕੀਤਾ ਰੌਸ਼ਨ

ਰਾਜਪੁਰਾ,30 ਸਤੰਬਰ(ਹਿਮਾਂਸ਼ੂ ਹੈਰੀ):ਸਕਾਲਰਜ਼ ਪਬਲਿਕ ਸਕੂਲ ਰਾਜਪੁਰਾ ਦੇ ਵਿਦਿਆਰਥੀਆਂ ਨੇ 69 ਵੀਆਂ ਜ਼ਿਲ੍ਹਾ ਸਕੂਲ ਖੇਡਾਂ ਦੇ ਹਿੱਸੇ ਵਜੋਂ ਪਟਿਆਲਾ ਵਿੱਚ ਆਯੋਜਿਤ ਤਾਇਕਵਾਂਡੋ ਮੁਕਾਬਲੇ ਵਿੱਚ ਹਿੱਸਾ ਲਿਆ। ਇਹ ਟੂਰਨਾਂਮੈਂਟ ਜ਼ਿਲ੍ਹਾ ਖੇਡ ਟੂਰਨਾਮੈਂਟ ਕਮੇਟੀ ਦੇ ਪ੍ਰਧਾਨ ਸੰਜੀਵ ਸ਼ਰਮਾ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਅਤੇ ਡਾ. ਰਵਿੰਦਰ ਪਾਲ ਸਿੰਘ ਡਿਪਟੀ ਜ਼ਿਲ੍ਹਾ ਸਿੱਖਿਆ ਅਫ਼ਸਰ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਸਮਾਗਮ ਦਾ ਸੰਚਾਲਨ ਪ੍ਰਬੰਧਕ ਸਕੱਤਰ ਡਾ. ਦਲਜੀਤ ਸਿੰਘ ਜ਼ਿਲ੍ਹਾ ਖੇਡ ਕੋਆਰਡੀਨੇਟਰ ਅਤੇ ਜ਼ਿਲ੍ਹਾ ਟੂਰਨਾਮੈਂਟ ਕਮੇਟੀ ਦੇ ਸਕੱਤਰ ਚਰਨਜੀਤ ਸਿੰਘ ਭੁੱਲਰ ਨੇ ਕੀਤਾ। ਇਸ ਮੁਕਾਬਲੇ ਵਿੱਚ ਪਟਿਆਲਾ, ਰਾਜਪੁਰਾ, ਪਾਤੜਾਂ, ਨਾਭਾ, ਸਮਾਣਾ ਅਤੇ ਦੇਵੀਗੜ੍ਹ ਦੇ ਖਿਡਾਰੀਆਂ ਨੇ ਹਿੱਸਾ ਲਿਆ। ਲਵਪ੍ਰੀਤ ਸਿੰਘ ਅਤੇ ਲਵਿਸ਼ ਨੇ ਲੜਕਿਆਂ ਦੇ ਅੰਡਰ-14 ਵਰਗ ਵਿੱਚ ਇੱਕ-ਇੱਕ ਸੋਨ ਤਗਮਾ ਜਿੱਤਿਆ। ਇਸ ਦੇ ਨਾਲ ਹੀ ਵਿਦਿਆਰਥੀ ਨਰੇਸ਼ ਨੇ ਲੜਕਿਆਂ ਦੇ ਅੰਡਰ-17 ਵਰਗ ਵਿੱਚ ਇੱਕ ਸੋਨ ਤਗਮਾ ਜਿੱਤਿਆ ਅਤੇ ਖੁਸ਼ਮਵੀਰ ਸਿੰਘ ਨੇ ਲੜਕਿਆਂ ਦੇ ਅੰਡਰ-19 ਵਰਗ ਵਿੱਚ ਇੱਕ ਸੋਨ ਤਗਮਾ ਜਿੱਤਿਆ ਅਤੇ ਹਰਨੂਰ ਕੌਰ ਨੇ ਕੁੜੀਆਂ ਦੇ ਅੰਡਰ-19 ਵਰਗ ਵਿੱਚ ਸੋਨ ਤਗਮਾ ਜਿੱਤਿਆ। ਜ਼ਿਕਰਯੋਗ ਹੈ ਕਿ ਇਹ ਸਾਰੀਆਂ ਖਿਡਾਰੀ ਨੂੰ ਰਾਜ ਪੱਧਰੀ ਐਸ.ਜੀ.ਐਫ.ਆਈ ਖੇਡਾਂ ਲਈ ਚੁਣਿਆ ਗਿਆ। ਇਸ ਮੌਕੇਵਿਦਿਆਰਥੀਆਂ ਦੀ ਜਿੱਤ ਬਾਰੇ ਸਕੂਲ ਦੇ ਚੇਅਰਮੈਨ ਤਰਸੇਮ ਜੋਸ਼ੀ ਅਤੇ ਡਾਇਰੈਕਟਰ ਸੁਦੇਸ਼ ਜੋਸ਼ੀ ਨੇ ਕਿਹਾ ਕਿ ਉਨ੍ਹਾਂ ਦੀ ਪ੍ਰਾਪਤੀ ਉਨ੍ਹਾਂ ਦੀ ਮਿਹਨਤ ਦਾ ਪ੍ਰਮਾਣ ਹੈ। ਉਨ੍ਹਾਂ ਨੇ ਆਪਣੀ ਸਫਲਤਾ ਦਾ ਸਿਹਰਾ ਕੋਚ ਰਾਕੇਸ਼ ਕੁਮਾਰ ਨੂੰ ਦਿੱਤਾ ਅਤੇ ਉਨ੍ਹਾਂ ਨੂੰ ਵਧਾਈ ਦਿੱਤੀ। ਇਸ ਮੌਕੇ ਸਕੂਲ ਪ੍ਰਿੰਸੀਪਲ ਭਾਰਤੀ ਜੋਸ਼ੀ ਨੇ ਖਿਡਾਰੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀਆਂ ਪ੍ਰਾਪਤੀਆਂ ਲਈ ਉਹਨਾਂ ਨੂੰ ਵਧਾਈ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਭਵਿੱਖ ਵਿੱਚ ਆਪਣੀ ਤਰੱਕੀ ਜਾਰੀ




# ਅਸ਼ੋਕ ਕਟਾਰੀਆ ਨੇ ਨਵਾਂ ਪਿੰਡ ਟੱਪਰੀਆ ਵਿਖੇ ਕਬੱਡੀ ਕੱਪ ਵਿੱਚ ਕੀਤੀ ਸ਼ਿਰਕਤ...

ਬਲਾਚੌਰ 30 ਸਤੰਬਰ ( ਜਤਿੰਦਰ ਪਾਲ ਸਿੰਘ ਕਲੇਰ ) ਅੱਜ ਪਿੰਡ ਨਵਾਂ ਪਿੰਡ ਟੱਪਰੀਆਂ ਵਿਖੇ ਕਰਵਾਏ ਗਏ ਕਬੱਡੀ ਕੱਪ ਵਿੱਚ ਸੀਨੀਅਰ ਆਪ ਆਗੂ ਅਸ਼ੋਕ ਕਟਾਰੀਆ ਜੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਮੈਦਾਨ ਵਿੱਚ ਨੌਜਵਾਨ ਖਿਡਾਰੀਆਂ ਦੇ ਜਜ਼ਬੇ ਅਤੇ ਖੇਡ ਪ੍ਰਤੀ ਸਮਰਪਣ ਨੂੰ ਦੇਖ ਕੇ ਮਨ ਪ੍ਰਸੰਨ ਹੋਇਆ। ਅਸ਼ੋਕ ਕਟਾਰੀਆ ਜੀ ਨੇ ਨੌਜਵਾਨਾਂ ਨੂੰ ਖੇਡਾਂ ਨਾਲ ਜੁੜੇ ਰਹਿਣ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਖੇਡਾਂ ਸਾਨੂੰ ਤੰਦਰੁਸਤ ਰੱਖਣ ਦੇ ਨਾਲ ਨਾਲ ਇਕਤਾ ਅਤੇ ਭਰਾਵਾਂਪਨ ਦਾ ਸੁਨੇਹਾ ਵੀ ਦਿੰਦੀਆਂ ਹਨ। ਸਮਾਜਕ ਤੇ ਖੇਡਕਾਰੀ ਗਤੀਵਿਧੀਆਂ ਵਿੱਚ ਨੌਜਵਾਨਾਂ ਦੀ ਸਰਗਰਮ ਹਿੱਸੇਦਾਰੀ ਹੀ ਭਵਿੱਖ ਨੂੰ ਮਜ਼ਬੂਤ ਬਣਾਉਂਦੀ ਹੈ।ਉਨ੍ਹਾਂ ਨੇ ਦੱਸਿਆ ਕਿ ਯੁੱਧ ਨਸ਼ਿਆਂ ਵਿਰੁੱਧ ਪਿਛਲੇ 210 ਦਿਨਾਂ ਤੋਂ ਪੰਜਾਬ ਸਰਕਾਰ ਦੁਆਰਾ ਮਿਸ਼ਨ 'ਯੁੱਧ ਨਸ਼ਿਆਂ ਵਿਰੁੱਧ' ਹੇਠ ਰਾਜ ਭਰ ਵਿੱਚ ਲਗਾਤਾਰ ਛਾਪੇਮਾਰੀ, ਤਲਾਸ਼ੀ ਮੁਹਿੰਮਾਂ ਅਤੇ ਜਾਗਰੂਕਤਾ ਮੁਹਿੰਮਾਂ ਚਲਾ ਰਹੀ ਹੈ। ਇਸ ਮਿਸ਼ਨ ਦਾ ਮਕਸਦ ਨਸ਼ਾ ਤਸਕਰੀ ਨੈੱਟਵਰਕਾਂ ਨੂੰ ਤੋੜਨਾ, ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਅਤੇ ਨੌਜਵਾਨਾਂ ਨੂੰ ਨਸ਼ਾ-ਮੁਕਤ ਜੀਵਨ ਵੱਲ ਪ੍ਰੇਰਿਤ ਕਰਨਾ ਹੈ।ਅਤੇ ਖੇਡਾਂ ਨਾਲ ਜੋੜਨਾ ਹੈ ਤੇ ਨਾਲ ਹੀ ਉਨ੍ਹਾਂ ਕਿਹਾ ਕਿ ਆਓ ਮਿਲ ਕੇ ਇਕ ਸੁਰੱਖਿਅਤ, ਨਸ਼ਾ-ਮੁਕਤ ਪੰਜਾਬ ਬਣਾਈਏ ਤੇ ਆਪਣੇ ਬੱਚਿਆਂ ਨੂੰ ਖੇਡਾਂ ਵੱਲ ਪ੍ਰੇਰਿਤ ਕਰੀਏ।ਇਸ ਮੌਕੇ ਸੀਨੀਅਰ ਆਗੂ ਅਸ਼ੋਕ ਕਟਾਰੀਆ ਨੇ ਸਭ ਨੂੰ ਸਨਮਾਨਿਤ ਕੀਤਾ ਤੇ ਉਹਨਾਂ ਨਾਲ ਪ੍ਰਧਾਨ ਲਾਡੀ ਰਾਣਾ,ਅਮਿਤ ਚੰਦਨ ,ਵਿਸ਼ੂ ਰਾਣਾ,ਹਨੀ ਯੋਗੇਵਾਲ, ਵੀ ਆਦਿ ਹਾਜ਼ਰ ਸਨ।



# ਪੀ.ਐਮ.ਐਨ ਕਾਲਜ ਦੇ ਐਮ.ਬੀ.ਏ ਅਤੇ ਐਮ.ਸੀ.ਏ ਅਤੇ ਅੰਡਰ ਗ੍ਰੈਜੂਏਟ ਵਿਦਿਆਰਥੀਆਂ ਲਈ ਉਨ੍ਹਾਂ ਦੇ ਤਕਨੀਕੀ ਹੁਨਰਾਂ ਨੂੰ ਨਿਖਾਰਨ ਲਈ ਸੈਮੀਨਾਰ ਦਾ ਆਯੋਜਨ ਕੀਤਾ ਗਿਆ

ਰਾਜਪੁਰਾ,30 ਸਤੰਬਰ (ਹਿਮਾਂਸ਼ੂ ਹੈਰੀ):ਪਿਮਟ ਰਾਜਪੁਰਾ ਨੇ ਡਾਇਰੈਕਟਰ ਪ੍ਰੋ.ਰਾਜੀਵ ਬਾਹੀਆ ਦੀ ਅਗਵਾਈ ਹੇਠ, ਪੀ.ਐਮ.ਐਨ ਕਾਲਜ ਦੇ ਐਮ.ਬੀ.ਏ ਅਤੇ ਐਮ.ਸੀ.ਏ ਅਤੇ ਅੰਡਰ ਗ੍ਰੈਜੂਏਟ ਵਿਦਿਆਰਥੀਆਂ ਲਈ ਉਨ੍ਹਾਂ ਦੇ ਤਕਨੀਕੀ ਹੁਨਰਾਂ ਨੂੰ ਨਿਖਾਰਨ ਲਈ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਸੈਮੀਨਾਰ ਦਾ ਆਯੋਜਨ ਪੀ.ਆਰ.ਓ ਏ.ਸੀ.ਈ ਇਨਫੋਟੈਕ ਪਟਿਆਲਾ ਦੁਆਰਾ ਕੀਤਾ ਗਿਆ ਸੀ। ਜਿਸ ਵਿੱਚ ਏ.ਜੀਐਮ ਜਸਮੀਤ ਸਿੰਘ ਦਿਨ ਦੇ ਬੁਲਾਰੇ ਸਨ। ਇਹ ਸੈਮੀਨਾਰ ਦੋ ਸੈਸ਼ਨਾਂ ਵਿੱਚ ਕੀਤਾ ਗਿਆ। ਸਵੇਰ ਦੇ ਸੈਸ਼ਨ ਵਿੱਚ ਐਮ.ਸੀ.ਏ ਅਤੇ ਬੀ.ਸੀ.ਏ ਦੇ ਵਿਦਿਆਰਥੀਆਂ ਨੂੰ ਪਾਈ.ਥਨ ਅਤੇ ਏ.ਆਈ ਨਾਲ ਪ੍ਰੋਗਰਾਮਿੰਗ 'ਤੇ ਇੱਕ ਇੰਟਰਐਕਟਿਵ ਸੈਸ਼ਨ ਦਿੱਤਾ ਗਿਆ। ਇਸੇ ਤਰ੍ਹਾਂ ਸ਼ਾਮ ਦੇ ਸੈਸ਼ਨ ਵਿੱਚ ਚਰਚਾ ਦਾ ਵਿਸ਼ਾ ਉਦਯੋਗਿਕ ਐਕਸਪੋਜ਼ਰ ਸੀ ਇੱਕ ਉਦਯੋਗਿਕ ਜਾਗਰੂਕਤਾ ਮਾਡਿਊਲ ਵੱਖ-ਵੱਖ ਵਪਾਰਕ ਖੇਤਰਾਂ ਵਿੱਚ ਇਸਦੇ ਵਿਹਾਰਕ ਉਪਯੋਗਾਂ ਨੂੰ ਸਮਝਣ ਲਈ ਸਿਖਲਾਈ ਬਨਾਮ ਸਿਖਲਾਈ। ਇਸ ਸੈਸ਼ਨ ਵਿੱਚ ਐਮ.ਬੀ.ਏ ਅਤੇ ਬੀ.ਬੀ.ਏ ਦੇ ਵਿਦਿਆਰਥੀਆਂ ਨੇ ਭਾਗ ਲਿਆ। ਇਹਨਾਂ ਸੈਮੀਨਾਰਾਂ ਵਿੱਚ ਏ.ਆਈ ਦੁਆਰਾ ਡਿਜੀਟਲ ਯੁੱਗ ਵਿੱਚ ਕ੍ਰਾਂਤੀ ਅਤੇ ਬਾਜ਼ਾਰ ਵਿੱਚ ਨੌਕਰੀਆਂ ਨੂੰ ਸੁਰੱਖਿਅਤ ਕਰਨ ਲਈ ਨਵੀਆਂ ਤਕਨਾਲੋਜੀਆਂ ਤੋਂ ਆਪਣੇ ਆਪ ਨੂੰ ਕਿਵੇਂ ਜਾਣੂ ਕਰਵਾਇਆ ਜਾਵੇ ਬਾਰੇ ਗਿਆਨ ਦਿੱਤਾ ਗਿਆ। ਇਸ ਸੈਮੀਨਾਰ ਦਾ ਸੰਚਾਲਨ ਡਾ.ਅਮਿਤਾ ਟੀਪੀਓ, ਪੀ.ਐਮ.ਐਨ ਕਾਲਜ ਰਾਜਪੁਰਾ ਦੁਆਰਾ ਪੀ.ਆਈ.ਐਮ.ਟੀ ਤੋਂ ਪ੍ਰੋਫੈਸਰ ਜੋਤੀ ਅਤੇ ਪ੍ਰੋਫੈਸਰ ਰੋਜ਼ੀ ਦੁਆਰਾ ਕੀਤਾ ਗਿਆ ਸੀ। ਇਸ ਪ੍ਰੋਗਰਾਮ ਵਿੱਚ ਸਹਾਇਤਾ ਕਰਨ ਵਾਲੇ ਅਧਿਆਪਕ ਪ੍ਰੋ. ਮਮਤਾ, ਪ੍ਰੋ.ਕਿਰਨਪ੍ਰੀਤ ਕੌਰ, ਪ੍ਰੋ.ਹਰਪ੍ਰੀਤ ਕੌਰ, ਪ੍ਰੋ.ਰਿਚਾ, ਪ੍ਰੋ.ਡੌਲੀ ਅਤੇ ਪ੍ਰੋ.ਰਾਜਵਿੰਦਰ ਕੌਰ ਵੀ ਮੌਜੂਦ ਸਨ।

ਮਹਿਲਾ ਤਾਲਮੇਲ ਸੰਘਰਸ਼ ਕਮੇਟੀ ਵੱਲੋਂ ਪੂਨਮ ਸ਼ਰਮਾ, ਕਾਂਤਾ ਦੇਵੀ,ਅਨੀਤਾ ਜੋਸ਼ੀ,ਸੁਰਿੰਦਰਕੌਰ ,ਮਮਤਾ ,ਹਰਬੰਸ ਕੌਰਾ ਆਦਿ ਹਾਜ਼ਰ ਸਨ।




# ਸੀਟੂ ਦੀ ਅਗਵਾਈ ਹੇਠ ਪ੍ਰਵਾਸੀ ਮਜ਼ਦੂਰਾਂ ਨੇ ਸ਼ਹਿਰ ਵਿੱਚ ਅਮਨ ਮਾਰਚ ਕੱਢਿਆ

ਬਲਾਚੌਰ 30 ਸਤੰਬਰ (ਜਤਿੰਦਰ ਪਾਲ ਸਿੰਘ ਕਲੇਰ) ਪੰਜਾਬ ਅੰਦਰ ਪ੍ਰਵਾਸੀਆਂ ਖਿਲਾਫ ਕੁੱਝ ਵੰਡਵਾਦੀ, ਫਿਰਕੂ, ਭਾਈਚਾਰਕ ਏਕਤਾ ਨੂੰ ਤੋੜਨ ਵਾਲੇ ਤੱਤਾਂ ਵਲੋਂ ਅਰੰਭੀ ਮੁਹਿੰਮ ਵਿਰੁੱਧ ਸੀ ਆਈ ਟੀ ਯੂ ਸੀਟੂ ਦੀ ਅਗਵਾਈ ਹੇਠ ਬਲਾਚੌਰ ਸ਼ਹਿਰ ਵਿੱਚ ਅਮਨ ਮਾਰਚ ਕੱਢਿਆ। ਇਸ ਅਮਨ ਮਾਰਚ ਦੀ ਅਗਵਾਈ ਸੀਟੂ ਦੇ ਸੂਬਾਈ ਪ੍ਰਧਾਨ ਸਾਥੀ ਮਹਾਂ ਸਿੰਘ ਰੌੜੀ, ਕਿਸਾਨ ਆਗੂ ਚਰਨਜੀਤ ਸਿੰਘ ਦੌਲਤ ਪੁਰ,ਸੀਪੀਆਈ (ਐਮ )ਆਗੂ ਪ੍ਰੇਮ ਰੱਕੜ, ਕਿਸਾਨ ਆਗੂ ਜਰਨੈਲ ਸਿੰਘ ਰਾਣੇਵਾਲ ਭਗਤ ਸਿੰਘ ਕੌਲਗੜ੍ਹ, ਹੁਸਨ ਚੰਦ ਮਝੋਟ ਨੇ ਸਾਂਝੇ ਤੌਰ ਤੇ ਕੀਤੀ। ਅਮਨ ਮਾਰਚ ਸੀਪੀਆਈ (ਐਮ )ਦਫਤਰ ਚੰਡੀਗੜ ਰੋਡ ਤੋਂ ਅਰੰਭ ਹੋਕੇ ਐਸ ਡੀ ਐਮ ਕੋਰਟਸ ਤੱਕ ਗਿਆ।ਇਸ ਅਮਨ ਮਾਰਚ ਵਿੱਚ ਵੱਡੀ ਗਿਣਤੀ ਵਿੱਚ ਮਜ਼ਦੂਰ ਕਿਸਾਨ ਸ਼ਾਮਲ ਸਨ। ਮਜ਼ਦੂਰ ਅਕਾਸ਼ ਗੁੰਜਾਊ ਨਾਹਰੇ ਲਾ ਰਹੇ ਸਨ, ਪ੍ਰਵਾਸੀਆਂ ਅਤੇ ਪੰਜਾਬੀਆਂ ਦੀ ਏਕਤਾ ਜ਼ਿੰਦਾਬਾਦ, ਮਜ਼ਦੂਰ ਏਕਤਾ ਜ਼ਿੰਦਾਬਾਦ, ਕਿਸਾਨ ਮਜ਼ਦੂਰ ਏਕਤਾ ਜ਼ਿੰਦਾਬਾਦ,ਸੀ ਆਈ ਟੀ ਯੂ ਸੀਟੂ ਜ਼ਿੰਦਾਬਾਦ। ਮਜ਼ਦੂਰਾਂ ਨੇ ਹੱਥਾਂ ਵਿੱਚ ਸੀਟੂ ਅਤੇ ਸੀਪੀਆਈ (ਐਮ) ਦੇ ਲਾਲ ਝੰਡੇ ਫੜੇ ਹੋਏ ਸਨ।ਐਸ ਡੀ ਐਮ ਕੋਰਟਸ ਸਾਹਮਣੇ ਇੱਕਠ ਨੂੰ ਸੰਬੋਧਨ ਕਰਦਿਆਂ ਸਾਥੀ ਮਹਾਂ ਸਿੰਘ ਰੌੜੀ ਨੇ ਕਿਹਾ ਕਿ ਪੰਜਾਬ ਅੰਦਰ ਪ੍ਰਵਾਸੀਆਂ ਵਿਰੁੱਧ ਮੁਹਿੰਮ ਤਹਿਤ ਉਨ੍ਹਾਂ ਨੂੰ ਪੰਜਾਬ ਤੋਂ ਬਾਹਰ ਕੱਢਣ ਦੀਆਂ ਸਾਜ਼ਿਸ਼ਾਂ ਰਚੀਆਂ ਜਾ ਰਹੀਆਂ ਹਨ। ਜਿਹੜੀਆਂ ਪੰਜਾਬ ਅਤੇ ਦੇਸ਼ ਲਈ ਮੰਦਭਾਗੀਆਂ ਹਨ। ਇੱਕਾ ਦੁੱਕਾ ਘਟਨਾਵਾਂ ਵਾਪਰਨ ਨਾਲ ਸਾਰੇ ਸਮਾਜ ਨੂੰ ਦੋਸ਼ੀ ਕਰਾਰ ਨਹੀਂ ਦਿੱਤਾ ਜਾ ਸਕਦਾ। ਹੁਸ਼ਿਆਰਪੁਰ ਦੀ ਘਟਨਾ ਬੜੀ ਮੰਦਭਾਗੀ ਘਟਨਾ ਹੈ। ਛੋਟੇ ਬੱਚੇ ਨੂੰ ਜਿਸ ਦਰਿੰਦਗੀ ਨਾਲ ਕਤਲ ਕੀਤਾ ਗਿਆ ਹੈ,ਉਸ ਦੁਰਿੰਦੇ ਨੂੰ ਮੌਤ ਦੀ ਸਜ਼ਾ ਮਿਲਣੀ ਚਾਹੀਦੀ ਹੈ। ਸਾਥੀ ਰੌੜੀ ਨੇ ਕਿਹਾ ਕਿ ਪ੍ਰਵਾਸੀ ਮਜ਼ਦੂਰਾਂ ਦਾ ਪੰਜਾਬ ਦੀ ਆਰਥਿਕਤਾ ਵਿੱਚ ਬਹੁਤ ਯੋਗਦਾਨ ਹੈ। ਪੰਜਾਬੀਆਂ ਅਤੇ ਪ੍ਰਵਾਸੀਆਂ ਦੀ ਏਕਤਾ ਨੂੰ ਸੂਬੇ ਵਿਚ ਹੋਰ ਮਜ਼ਬੂਤ ਕਰਨ ਦੇ ਯਤਨ ਜਾਰੀ ਰਹਿਣੇ ਚਾਹੀਦੇ ਹਨ। ਸੀਪੀਆਈ ਐਮ ਆਗੂ ਪ੍ਰੇਮ ਰੱਕੜ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਗੁਰੂਆਂ ਪੀਰਾਂ ਦੀ ਧਰਤੀ,ਹੈਅਸੀਂ ਐਮ ਉਨ੍ਹਾਂ ਦੇ ਪੈਰੋਕਾਰ ਹਾਂ ਜਿਹਨਾਂ,ਮਾਨਸ ਕੀ ਜਾਤ ਸਬੈ ਏਕੈ ਪਹਿਚਾਨਬੋ ,ਅੱਵਲ ਅੱਲਾ ਨੂਰ ਉਪਾਇਆ ਕੁਦਰਤਿ ਕੇ ਸਭ ਬੰਦੇ, ਏਕ ਨੂਰ ਤੇ ਸਭੁ ਜਗੁ ਉਪਜਿਆ ਕਉਨ ਭਲੇ ਕੋਨ ਮੰਦੇ। ਫਿਰ ਮਨੁੱਖਤਾ ਨਾਲ ਨਫ਼ਰਤ ਕਿਉਂ? ਸਾਥੀ ਰੱਕੜ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਰਾਜ ਅੰਦਰ ਭਾਈਚਾਰਕ ਏਕਤਾ ਕਾਇਮ ਰੱਖਣ।ਅੱਜ ਦੇ ਇਸ ਇਕੱਠ ਨੂੰ ਸੀਟੂ ਦੇ ਜ਼ਿਲ੍ਹਾ ਸਕੱਤਰ ਸਾਥੀ ਜਸਵੰਤ ਸਿੰਘ ਸੈਣੀ,ਕਿਸਾਨ ਆਗੂ ਚੌਧਰੀ ਸੋਮਨਾਥ,ਖੇਤ ਮਜ਼ਦੂਰ ਯੂਨੀਅਨ ਆਗੂ ਸਾਥੀ ਸੋਹਣ ਸਿੰਘ ਫ਼ੌਜੀ, ਕਿਸਾਨ ਆਗੂ ਸਾਥੀ ਹੁਸਨ ਛੰਦ ਗਫ ਮਝੋਟ, ਪ੍ਰਵਾਸੀ ਮਜ਼ਦੂਰ ਆਗੂ ਸਾਥੀ ਨਨੇ ਖਾਨ, ਸੁਰੇਸ਼, ਰਾਮੂ,ਸਰਬਨ ਦਾਸ,ਸੁਰੇਸ਼, ਮੁਹੰਮਦ ਅਕਤਰ, ਬ੍ਰਜੇਸ਼, ਰੋਹਿਤ, ਸੁਰਜੀਤ ਆਦਿ ਨੇ ਸੰਬੋਧਨ ਕੀਤਾ।ਅੰਤ ਵਿਚ ਪ੍ਰਵਾਸੀਆਂ ਦੀ ਰਾਖੀ ਲਈ ਸੀਟੂ ਨੇ ਐਸ ਡੀ ਐਮ ਬਲਾਚੌਰ ਨੂੰ ਮੰਗ ਪੱਤਰ ਦਿੱਤਾ।



# ਆਰਕੀਟੈਕਟ ਸੰਜੇ ਗੋਇਲ ਨੇ ਐਲਪੀਯੂ ਦੇ ਅਟਲ ਐਫਡੀਪੀ ਵਿਖੇ ਸਮਾਰਟ ਮੋਬਿਲਿਟੀ ਫਰੇਮਵਰਕ 'ਤੇ ਡੂੰਘਾਈ ਨਾਲ ਦਿੱਤਾ ਇੱਕ ਸੈਸ਼ਨ


ਲੁਧਿਆਣਾ 30 ਸਤੰਬਰ (ਕਰਨੈਲ ਸਿੰਘ ਐੱਮ.ਏ.) ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲਪੀਯੂ) ਵਿਖੇ "ਸਮਾਰਟ ਸਿਟੀਜ਼ ਐਂਡ ਮੋਬਿਲਿਟੀ: ਟੈਕਨੋਲੋਜੀਕਲ ਇਨੋਵੇਸ਼ਨਜ਼ ਫਾਰ ਸਸਟੇਨੇਬਲ ਅਰਬਨ ਟ੍ਰਾਂਸਪੋਰਟ" 'ਤੇ ਅਟਲ (ਏਆਈਸੀਟੀਈ ਟ੍ਰੇਨਿੰਗ ਐਂਡ ਲਰਨਿੰਗ) ਔਨਲਾਈਨ 6-ਦਿਨ ਫੈਕਲਟੀ ਡਿਵੈਲਪਮੈਂਟ ਪ੍ਰੋਗਰਾਮ (ਐਫਡੀਪੀ) 2025-26 ਦੇ ਪੰਜਵੇਂ ਦਿਨ, ਸਮਾਰਟ ਸਿਟੀ ਲੁਧਿਆਣਾ ਦੇ ਸਾਬਕਾ ਡਾਇਰੈਕਟਰ ਅਤੇ ਡਿਜ਼ਾਈਨੈਕਸ ਆਰਕੀਟੈਕਟਸ, ਲੁਧਿਆਣਾ ਦੇ ਚੀਫ ਆਰਕੀਟੈਕਟ ਸੰਜੇ ਗੋਇਲ ਵੱਲੋਂ ਇੱਕ ਦਿਲਚਸਪ ਅਤੇ ਵਿਚਾਰਯੋਗ ਸੈਸ਼ਨ ਕੀਤਾ ਗਿਆ। "ਮੋਬਿਲਿਟੀ ਚੁਣੌਤੀਆਂ, ਸਮਾਰਟ ਮੋਬਿਲਿਟੀ ਫਰੇਮਵਰਕ, ਅਤੇ ਗਲੋਬਲ ਰੁਝਾਨ" ਵਿਸ਼ੇ 'ਤੇ ਬੋਲਦੇ ਹੋਏ, ਆਰਕੀਟੈਕਟ ਗੋਇਲ ਨੇ ਤੇਜ਼ੀ ਨਾਲ ਸ਼ਹਿਰੀਕਰਨ, ਜਲਵਾਯੂ ਚਿੰਤਾਵਾਂ ਅਤੇ ਤਕਨੀਕੀ ਤਬਦੀਲੀ ਦੇ ਜਵਾਬ ਵਿੱਚ ਗਤੀਸ਼ੀਲਤਾ ਪ੍ਰਣਾਲੀਆਂ ਨੂੰ ਕਿਵੇਂ ਵਿਕਸਤ ਕਰਨਾ ਚਾਹੀਦਾ ਹੈ, ਇਸ ਬਾਰੇ ਕੀਮਤੀ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅੱਜ ਗਤੀਸ਼ੀਲਤਾ ਸਿਰਫ਼ ਭੌਤਿਕ ਸੰਪਰਕ ਬਾਰੇ ਨਹੀਂ ਹੈ, ਸਗੋਂ ਅਰਥਵਿਵਸਥਾਵਾਂ ਨੂੰ ਸਮਰੱਥ ਬਣਾਉਣ, ਅਸਮਾਨਤਾਵਾਂ ਨੂੰ ਘਟਾਉਣ ਅਤੇ ਟਿਕਾਊ, ਲੋਕ-ਕੇਂਦ੍ਰਿਤ ਸ਼ਹਿਰਾਂ ਨੂੰ ਯਕੀਨੀ ਬਣਾਉਣ ਬਾਰੇ ਹੈ।

ਆਰਕੀਟੈਕਟ ਗੋਇਲ, ਇੱਕ ਦੂਰਦਰਸ਼ੀ ਪ੍ਰੈਕਟੀਸ਼ਨਰ ਅਤੇ ਇੰਡੀਅਨ ਇੰਸਟੀਚਿਊਟ ਆਫ਼ ਆਰਕੀਟੈਕਟਸ (ਆਈਆਈਏ) ਪੰਜਾਬ ਚੈਪਟਰ ਦੇ ਸਾਬਕਾ ਚੇਅਰਮੈਨ, ਨੇ ਇਸ ਗੱਲ 'ਤੇ ਚਾਨਣਾ ਪਾਇਆ ਕਿ ਸਮਾਰਟ ਤਕਨਾਲੋਜੀ, ਸਥਿਰਤਾ ਅਤੇ ਮਨੁੱਖੀ ਮੁੱਲਾਂ ਨੂੰ ਜੋੜਨ ਵਾਲੇ ਏਕੀਕ੍ਰਿਤ ਢਾਂਚੇ ਕਿਵੇਂ ਲਚਕੀਲੇ ਅਤੇ ਸਮਾਵੇਸ਼ੀ ਆਵਾਜਾਈ ਪ੍ਰਣਾਲੀਆਂ ਨੂੰ ਆਕਾਰ ਦੇ ਸਕਦੇ ਹਨ।

ਅਟਲ ਐਫਡੀਪੀ ਦੇ ਕੋਆਰਡੀਨੇਟਰ, ਪ੍ਰੋਫੈਸਰ (ਡਾ:) ਨਾਗੇਂਦਰ ਨਾਰਾਇਣ ਨੇ ਪ੍ਰਭਾਵਸ਼ਾਲੀ ਸੈਸ਼ਨ ਲਈ ਧੰਨਵਾਦ ਪ੍ਰਗਟ ਕਰਦੇ ਹੋਏ ਕਿਹਾ, "ਆਰਕੀਟੈਕਟ ਸੰਜੇ ਗੋਇਲ ਦੀ ਪੇਸ਼ਕਾਰੀ ਨੇ ਸਾਡੇ ਭਾਗੀਦਾਰਾਂ ਨੂੰ ਇੱਕ ਵਿਸ਼ਵਵਿਆਪੀ ਦ੍ਰਿਸ਼ਟੀਕੋਣ ਪ੍ਰਦਾਨ ਕੀਤਾ ਅਤੇ ਨਾਲ ਹੀ ਭਾਰਤੀ ਸ਼ਹਿਰਾਂ ਦੀਆਂ ਹਕੀਕਤਾਂ ਵਿੱਚ ਚਰਚਾ ਨੂੰ ਆਧਾਰ ਬਣਾਇਆ। ਗਤੀਸ਼ੀਲਤਾ ਨੂੰ ਇੱਕ ਪਰਿਵਰਤਨਸ਼ੀਲ ਸ਼ਕਤੀ ਵਜੋਂ ਦੇਖਣ ਦਾ ਉਨ੍ਹਾਂ ਦਾ ਦ੍ਰਿਸ਼ਟੀਕੋਣ ਸੱਚਮੁੱਚ ਇਸ ਐਫਡੀਪੀ ਦੇ ਉਦੇਸ਼ਾਂ ਦੇ ਅਨੁਸਾਰ ਹੈ, ਜੋ ਸਾਨੂੰ ਕੁਸ਼ਲਤਾ ਤੋਂ ਪਰੇ ਅਤੇ ਸਮਾਵੇਸ਼ੀ, ਸਥਿਰਤਾ ਅਤੇ ਮਨੁੱਖੀ ਸਸ਼ਕਤੀਕਰਨ ਵੱਲ ਸੋਚਣ ਲਈ ਪ੍ਰੇਰਿਤ ਕਰਦਾ ਹੈ।"

ਇਸ ਸੈਸ਼ਨ ਵਿੱਚ ਭਾਰਤ ਅਤੇ ਵਿਦੇਸ਼ਾਂ ਦੇ ਫੈਕਲਟੀ ਮੈਂਬਰਾਂ, ਖੋਜਕਰਤਾਵਾਂ ਅਤੇ ਸ਼ਹਿਰੀ ਯੋਜਨਾਕਾਰਾਂ ਨੇ ਸਰਗਰਮੀ ਨਾਲ ਸ਼ਿਰਕਤ ਕੀਤੀ, ਭਵਿੱਖ ਲਈ ਸ਼ਹਿਰੀ ਗਤੀਸ਼ੀਲਤਾ ਦੀ ਮੁੜ ਕਲਪਨਾ ਕਰਨ 'ਤੇ ਅਰਥਪੂਰਨ ਸੰਵਾਦ ਨੂੰ ਉਤਸ਼ਾਹਿਤ ਕੀਤਾ।

ਏਆਈਸੀਟੀਈ-ਅਟਲ ਅਕੈਡਮੀ ਦੀ ਅਗਵਾਈ ਹੇਠ ਆਯੋਜਿਤ, ਐਫਡੀਪੀ ਸਮਾਰਟ ਅਤੇ ਟਿਕਾਊ ਸ਼ਹਿਰੀ ਵਿਕਾਸ ਦੇ ਏਜੰਡੇ ਨੂੰ ਅੱਗੇ ਵਧਾਉਣ ਵਿੱਚ ਉੱਘੇ ਸਰੋਤ ਵਿਅਕਤੀਆਂ ਦੀ ਮੁਹਾਰਤ ਨੂੰ ਪ੍ਰਦਰਸ਼ਿਤ ਕਰਦਾ ਹੈ।



# 30,000 ਰੁਪਏ ਰਿਸ਼ਵਤ ਲੈਂਦਾ ਏ.ਐਸ.ਆਈ ਵਿਜੀਲੈਂਸ ਬਿਊਰੋ ਵੱਲੋਂ ਰੰਗੇ ਹੱਥੀਂ ਕਾਬੂ

Desi Punjab YouTube www.desipunjab.in



ਮੋਹਾਲੀ/ਡੇਰਾ ਬਸੀ, 30 ਸਤੰਬਰ (ਹਿਮਾਂਸ਼ੂ ਹੈਰੀ):ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਜਾਰੀ ਆਪਣੀ ਮੁਹਿੰਮ ਦੌਰਾਨ ਅੱਜ ਜ਼ਿਲ੍ਹਾ ਐਸਏਐਸ ਨਗਰ ਦੇ ਪੁਲਿਸ ਥਾਣਾ ਲਾਲੜੂ ਵਿਖੇ ਤਫ਼ਤੀਸ਼ੀ ਅਫ਼ਸਰ ਵਜੋਂ ਤਾਇਨਾਤ ਸਹਾਇਕ ਸਬ ਇੰਸਪੈਕਟ(ਏ.ਐਸ.ਆਈ) ਬਲਜਿੰਦਰ ਸਿੰਘ ਨੂੰ 30,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ। ਇਸ ਬਾਰੇ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਅਧਿਕਾਰਤ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਪੁਲਿਸ ਮੁਲਾਜ਼ਮ ਨੂੰ ਪਿੰਡ ਛੰਨਾ ਗੁਲਾਬ ਸਿੰਘ ਵਾਲਾ, ਜ਼ਿਲ੍ਹਾ ਬਠਿੰਡਾ ਦੇ ਵਸਨੀਕ, ਜੋ ਇਸ ਸਮੇਂ ਐਸ.ਏ.ਐਸ ਨਗਰ ਜ਼ਿਲ੍ਹੇ ਦੇ ਖਰੜ ਦੀ ਗਿਲਕੋ ਵੈਲੀ ਵਿਖੇ ਰਹਿ ਰਿਹਾ ਹੈ ਉਸ ਵੱਲੋਂ ਦਰਜ ਕਰਵਾਈ ਸ਼ਿਕਾਇਤ ਤੋਂ ਬਾਅਦ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਸ਼ਿਕਾਇਤ ਦਰਜ ਕਰਵਾਈ ਕਿ ਉਕਤ ਏ.ਐਸ.ਆਈ ਉਸ ਵਿਰੁੱਧ ਆਈ.ਪੀ.ਸੀ ਦੀ ਧਾਰਾ 406 ਅਤੇ 420 ਤਹਿਤ ਥਾਣਾ ਲਾਲੜੂ ਵਿਖੇ ਦਰਜ ਮਾਮਲੇ ਦੀ ਜਾਂਚ ਕਰ ਰਿਹਾ ਹੈ ਅਤੇ ਉਸ ਨੇ ਉਸ ਕੋਲੋਂ 1,30,000 ਰੁਪਏ ਦੀ ਰਿਸ਼ਵਤ ਮੰਗੀ ਹੈ। ਸ਼ਿਕਾਇਤਕਰਤਾ ਨੇ ਦੱਸਿਆ ਕਿ ਉਸ ਤੋਂ ਇਹ ਰਿਸ਼ਵਤ ਜਾਂਚ ਵਿੱਚ ਉਸਦਾ ਪੱਖ ਲੈਣ ਬਦਲੇ ਮੰਗੀ ਗਈ ਹੈ, ਜਿਸ ਵਿੱਚ ਪੁਲਿਸ ਰਿਮਾਂਡ ਦੌਰਾਨ 10,00,000 ਰੁਪਏ ਦੀ ਠੱਗੀ ਵਾਲੀ ਰਕਮ ਦੀ ਵਸੂਲੀ ਤੋਂ ਬਚਾਉਣਾ, ਭਵਿੱਖੀ ਜਾਂਚ ਵਿੱਚ ਨਰਮੀ ਵਰਤਣਾ ਅਤੇ ਉਕਤ ਪੁਲਿਸ ਮੁਲਾਜ਼ਮ ਦੁਆਰਾ ਕਬਜ਼ੇ ਵਿੱਚ ਲਈ ਗਈ ਪਰ ਰਿਕਾਰਡ 'ਚ ਦਰਜ ਨਾ ਕੀਤੀ ਸ਼ਿਕਾਇਤਕਰਤਾ ਦੀ ਕਾਰ ਨੂੰ ਛੱਡਣਾ ਸ਼ਾਮਲ ਹੈ। ਉਸਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੂੰ ਮੁਲਜ਼ਮ ਕਰਮਚਾਰੀ ਵੱਲੋਂ ਰਿਸ਼ਵਤ ਦੀ ਕੁੱਲ ਰਕਮ ਵਿੱਚੋਂ ਪਹਿਲੀ ਕਿਸ਼ਤ ਵਜੋਂ 30,000 ਰੁਪਏ ਤੁਰੰਤ ਅਦਾ ਕਰਨ ਲਈ ਕਿਹਾ ਗਿਆ ਹੈ। ਦੱਸਣਯੋਗ ਹੈ ਕਿ ਸ਼ਿਕਾਇਤਕਰਤਾ ਨੇ ਮੁਲਜ਼ਮ ਕਰਮਚਾਰੀ ਦੀ ਸਾਰੀ ਗੱਲਬਾਤ ਰਿਕਾਰਡ ਕਰ ਲਈ ਸੀ ਜੋ ਉਸਨੇ ਸਬੂਤ ਵਜੋਂ ਵਿਜੀਲੈਂਸ ਬਿਊਰੋ ਨੂੰ ਸੌਂਪ ਦਿੱਤੀ। ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤ 'ਤੇ ਤੁਰੰਤ ਕਾਰਵਾਈ ਕਰਦਿਆਂ ਵਿਜੀਲੈਂਸ ਬਿਊਰੋ ਦੇ ਉਡਣ ਦਸਤੇ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮੁਕੱਦਮਾ ਦਰਜ ਕਰਕੇ ਮੁਲਜ਼ਮ ਨੂੰ ਫੜਨ ਲਈ ਟੀਮ ਦਾ ਗਠਨ ਕੀਤਾ। ਉਨ੍ਹਾਂ ਅੱਗੇ ਦੱਸਿਆ ਕਿ ਯੋਜਨਾ ਅਨੁਸਾਰ, ਮੁਲਜ਼ਮ ਏਐਸਆਈ ਨੇ ਸ਼ਿਕਾਇਤਕਰਤਾ ਨੂੰ ਲਾਲੜੂ ਦੇ ਨੈਸ਼ਨਲ ਹਾਈਵੇਅ 'ਤੇ ਸਥਿਤ ਪੰਜਾਬੀ ਵੈਸ਼ਨੋ ਢਾਬੇ 'ਤੇ ਮਿਲਣ ਲਈ ਬੁਲਾਇਆ ਜਿੱਥੇ ਉਹ ਆਪਣੀ ਨਿੱਜੀ ਗੱਡੀ ਵਿੱਚ ਪਹੁੰਚਿਆ। ਇਸ ਮੌਕੇ ਵਿਜੀਲੈਂਸ ਟੀਮ ਨੇ ਮੁਲਜ਼ਮ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 30,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਅਤੇ ਇਸ ਸਬੰਧੀ ਕੇਸ ਦੀ ਅਗਲੇਰੀ ਜਾਂਚ ਜਾਰੀ ਹੈ।

# ਕਾਦੀਆਂ ਪੁਲਿਸ ਦੀ ਵੱਡੀ ਕਾਮਯਾਬੀ : 12 ਘੰਟਿਆਂ ਵਿੱਚ ਤਿੰਨ ਲਾਪਤਾ ਨਾਬਾਲਿਗ ਲੜਕੀਆਂ ਸੁਰੱਖਿਅਤ ਬਰਾਮਦ

Desi Punjab YouTube www.desipunjab.in



ਬਟਾਲਾ/ਕਾਦੀਆਂ, 30 ਸਤੰਬਰ (ਬਲਦੇਵ ਸਿੰਘ ਖਾਲਸਾ,, ਸੁਨੀਲ ਬਟਾਲਵੀ) :- ਕਾਦੀਆਂ ਪੁਲਿਸ ਨੇ ਸਾਵਧਾਨੀ, ਇਮਾਨਦਾਰੀ ਅਤੇ ਤੇਜ਼ ਕਾਰਵਾਈ ਨਾਲ ਭੇਦਭਰੀ ਹਾਲਤ ਵਿੱਚ ਗਾਇਬ ਹੋਈਆਂ ਤਿੰਨ ਨਾਬਾਲਿਗ ਲੜਕੀਆਂ ਨੂੰ ਕੇਵਲ 12 ਘੰਟਿਆਂ ਦੇ ਅੰਦਰ ਬਰਾਮਦ ਕਰਕੇ ਉਹਨਾਂ ਨੂੰ ਪਰਿਵਾਰਾਂ ਦੇ ਹਵਾਲੇ ਕਰ ਦਿੱਤਾ। ਇਸ ਸ਼ਾਨਦਾਰ ਕਾਮਯਾਬੀ ਨਾਲ ਸ਼ਹਿਰ ਦੇ ਲੋਕਾਂ ਨੇ ਵੀ ਚੈਨ ਦੀ ਸਾਹ ਲਿਆ।ਥਾਣਾ ਕਾਦੀਆਂ ਦੇ ਐਸ.ਐਚ.ਓ. ਗੁਰਮੀਤ ਸਿੰਘ ਨੇ ਦੱਸਿਆ ਕਿ ਸਥਾਨਕ ਇੱਕ ਮੁਹੱਲੇ ਦੀਆਂ 9 ਸਾਲ, 12 ਸਾਲ ਅਤੇ 17 ਸਾਲ ਦੀਆਂ ਤਿੰਨ ਲੜਕੀਆਂ ਪੇਪਰ ਦੇਣ ਵਾਸਤੇ ਇੱਕ ਨਿੱਜੀ ਸਕੂਲ ਗਈਆਂ ਸਨ। ਪੇਪਰ ਮੁਕੰਮਲ ਹੋਣ ਉਪਰੰਤ ਜਦੋਂ ਉਹ ਘਰ ਨਹੀਂ ਪਹੁੰਚੀਆਂ ਤਾਂ ਪਰਿਵਾਰਿਕ ਮੈਂਬਰਾਂ ਨੇ ਘਬਰਾਹਟ ਵਿਚ ਤੁਰੰਤ ਪੁਲਿਸ ਨੂੰ ਸੂਚਨਾ ਦਿੱਤੀ।ਸੂਚਨਾ ਮਿਲਦਿਆਂ ਹੀ ਕਾਦੀਆਂ ਪੁਲਿਸ ਨੇ ਤੁਰੰਤ ਕਾਰਵਾਈ ਕਰਦਿਆਂ ਸ਼ਹਿਰ ਦੇ ਤਕਰੀਬਨ ਸਾਰੇ CCTV ਕੈਮਰੇ ਖੰਗਾਲੇ ਅਤੇ ਆਪਣੀ ਟੀਮ ਦੀ ਮਿਹਨਤ ਨਾਲ 12 ਘੰਟਿਆਂ ਦੇ ਅੰਦਰ ਤਿੰਨੋਂ ਲਾਪਤਾ ਬੱਚੀਆਂ ਨੂੰ ਲੱਭ ਕੇ ਮਾਤਾ-ਪਿਤਾ ਦੇ ਹਵਾਲੇ ਕਰ ਦਿੱਤਾ।ਸ਼ਹਿਰ ਵਾਸੀਆਂ ਨੇ ਇਸ ਮਾਮਲੇ ਵਿੱਚ ਪੁਲਿਸ ਵੱਲੋਂ ਦਿਖਾਈ ਗਈ ਤੇਜ਼ੀ, ਇਮਾਨਦਾਰੀ ਤੇ ਜ਼ਿੰਮੇਵਾਰੀ ਦੀ ਖੁੱਲ੍ਹ ਕੇ ਪ੍ਰਸ਼ੰਸਾ ਕੀਤੀ ਹੈ। ਲੋਕਾਂ ਦਾ ਕਹਿਣਾ ਹੈ ਕਿ ਇਹ ਘਟਨਾ ਦਰਸਾਉਂਦੀ ਹੈ ਕਿ ਜੇ ਨਿਭਾਉ ਸੱਚਾਈ ਅਤੇ ਨਿਸ਼ਠਾ ਨਾਲ ਕੀਤਾ ਜਾਵੇ ਤਾਂ ਹਰ ਮੁਸ਼ਕਲ ਨੂੰ ਜਿੱਤਿਆ ਜਾ ਸਕਦਾ ਹੈ।ਇਹ ਖ਼ਬਰ ਨਾ ਸਿਰਫ਼ ਪਰਿਵਾਰਾਂ ਲਈ ਖੁਸ਼ੀ ਦੀ ਲਹਿਰ ਲੈ ਕੇ ਆਈ ਹੈ, ਬਲਕਿ ਸਮਾਜ ਲਈ ਵੀ ਇਕ ਸੰਦੇਸ਼ ਹੈ ਕਿ ਅਸੀਂ ਸਭ ਨੂੰ ਵੀ ਪੁਲਿਸ ਦੀ ਤਰ੍ਹਾਂ ਇਮਾਨਦਾਰ, ਜ਼ਿੰਮੇਵਾਰ ਅਤੇ ਇਕ-ਦੂਜੇ ਦੀ ਸਹਾਇਤਾ ਕਰਨ ਵਾਲਾ ਬਣਨਾ ਚਾਹੀਦਾ ਹੈ।

# ਮੁਰਗੀ, ਬੱਕਰੀ ਦੇ ਪੈਸੇ ਦੇਣ ਦੀ ਗੱਲ ਕਰਨ ਵਾਲੀ ਸਰਕਾਰ ਲੋਕਾਂ ਲਈ ਕੁਝ ਨਹੀਂ ਕਰ ਸਕੀ: ਰਾਠਾਂ

Desi Punjab YouTube www.desipunjab.in



ਦਲਵਿੰਦਰ ਸਿੰਘ ਮਨੋਚਾ, ਗੜ੍ਹਸ਼ੰਕਰ-ਪੁਨਰ ਸੁਰਜੀਤ ਸ਼੍ਰੋਮਣੀ ਅਕਾਲੀ ਦਲ ਦੀ ਇੱਕ ਤਤਕਾਲੀ ਮੀਟਿੰਗ ਸਾਬਕਾ ਵਿਧਾਇਕ ਠੇਕੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਦੀ ਅਗਵਾਈ ਹੇਠ ਹੋਈ। ਇਸ ਮੌਕੇ ਭੁੱਲੇਵਾਲ ਰਾਠਾਂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਦੇ ਹੁਕਮ ਨਾਲ ਕੀਤੀ ਗਈ ਭਰਤੀ ਤਹਿਤ ਸਰਕਲ ਪ੍ਰਧਾਨਾਂ ਦੀ ਚੋਣ ਕਰਨ ਸਬੰਧੀ ਜ਼ਿਲ੍ਹੇ ਦੇ ਸੀਨੀਅਰ ਆਗੂਆਂ ਦੀ ਇਹ ਮੀਟਿੰਗ ਰੱਖੀ ਗਈ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਸਾਰੇ ਸਰਕਲ ਪ੍ਰਧਾਨ ਬਣਾ ਕੇ ਸੂਚੀ ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੂੰ ਸੌਂਪੀ ਜਾਵੇਗੀ ਜਿਸ ਉਪਰੰਤ ਜ਼ਿਲ੍ਹਾ ਪ੍ਰਧਾਨ ਦੀ ਚੋਣ ਹੋਵੇਗੀ। ਇਸ ਮੌਕੇ ਉਨ੍ਹਾਂ ਪੰਜਾਬ ਸਰਕਾਰ 'ਤੇ ਵਰ੍ਹਦਿਆਂ ਕਿਹਾ ਕਿ 2023 ਵਿੱਚ ਆਏ ਹੜ੍ਹਾਂ ਦੌਰਾਨ ਮੁਰਗੀ, ਬੱਕਰੀ ਦੇ ਪੈਸੇ ਦੇਣ ਦੀ ਗੱਲ ਕਰਨ ਵਾਲੀ ਸਰਕਾਰ ਲੋਕਾਂ ਲਈ ਕੁੱਝ ਨਹੀਂ ਕਰ ਸਕੀ। ਉਨ੍ਹਾਂ ਕਿਹਾ ਕਿ ਸਰਕਾਰ ਦੀ ਨਲਾਇਕੀ ਕਾਰਨ ਹੀ ਹੜ੍ਹ ਆਏ ਹਨ। ਜੇਕਰ ਸਮੇਂ ਸਿਰ ਡੈਮਾਂ ਦਾ ਪਾਣੀ ਛੱਡਿਆ ਗਿਆ ਹੁੰਦਾ ਤਾਂ ਕਿਸਾਨਾਂ, ਵਪਾਰੀਆਂ ਅਤੇ ਗਰੀਬਾਂ ਦਾ ਨੁਕਸਾਨ ਨਾ ਹੁੰਦਾ। ਤ੍ਰਾਸਦੀ ਇਹ ਰਹੀ ਕਿ ਹੜ੍ਹਾਂ ਦੌਰਾਨ ਪੰਜਾਬ ਸਰਕਾਰ ਦੀ ਭੂਮਿਕਾ ਕਿਤੇ ਨਜ਼ਰ ਹੀ ਨਹੀਂ ਆਈ ਸਗੋਂ ਪੰਜਾਬ ਦੇ ਲੋਕਾਂ ਅਤੇ ਐਨਆਰਆਈਜ਼ ਨੇ ਦਿਲ ਖੋਲ੍ਹ ਕੇ ਸੇਵਾ ਕੀਤੀ। ਉਨ੍ਹਾਂ ਕਿਹਾ ਕਿ ਨਸ਼ਾ ਅਤੇ ਰਿਸ਼ਵਤਖੋਰੀ ਦਾ ਪੰਜਾਬ ਵਿੱਚ ਬੋਲਬਾਲਾ ਹੈ। ਰੰਗਲੇ ਪੰਜਾਬ ਦੀਆਂ ਗੱਲਾਂ ਕਰਨ ਵਾਲਿਆਂ ਨੇ ਪੰਜਾਬ ਨੂੰ ਕੰਗਲਾ ਬਣਾ ਦਿੱਤਾ ਹੈ। ਗੜ੍ਹਸ਼ੰਕਰ ਹਲਕੇ ਬਾਰੇ ਉਨ੍ਹਾਂ ਕਿਹਾ ਕਿ ਪਿੰਡਾਂ ਦੀਆਂ ਲਿੰਕ ਸੜਕਾਂ, ਨਵਾਂਸ਼ਹਿਰ ਰੋਡ ,ਹੁਸ਼ਿਆਰਪੁਰ ਰੋਡ ਆਦਿ ਦੀ ਹਾਲਤ ਤਰਸਯੋਗ ਬਣੀ ਹੋਈ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਨੁਮਾਇੰਦਿਆਂ ਦਾ ਪਿੰਡਾਂ ਵਿੱਚ ਵਿਰੋਧ ਸ਼ੁਰੂ ਹੋ ਚੁੱਕਾ ਹੈ ਅਤੇ ਦੋ ਚਾਰ ਮਹੀਨੇ ਬਾਅਦ ਲੋਕ ਇਨ੍ਹਾਂ ਨੂੰ ਪਿੰਡਾਂ ਵਿੱਚ ਨਹੀਂ ਵੜਨ ਦੇਣਗੇ।ਇਸ ਮੌਕੇ ਬੂਟਾ ਸਿੰਘ ਅਲੀਪੁਰ, ਹਰਜੀਤ ਸਿੰਘ ਭਾਰਤਪੁਰ ਜੱਟਾਂ,ਇੱਕਬਾਲ ਸਿੰਘ ਗੱਗੂ ਜੱਸੋਵਾਲ, ਡਾ. ਕ੍ਰਿਸ਼ਨ ਬੱਧਣ, ਡਾ. ਆਤਮਜੀਤ ਸਿੰਘ, ਕੈਪਟਨ ਜਸਵੰਤ ਸਿੰਘ ਮਹਿੰਗਰੋਵਾਲ, ਜਰਨੈਲ ਸਿੰਘ ਨੂਰਪੁਰ ਜੱਟਾਂ, ਨੰਬਰਦਾਰ ਮੱਖਣ ਸੈਣੀ, ਚਰਨਜੀਤ ਸਿੰਘ ਨਮੋਲੀਆਂ, ਨਿਰੰਜਨ ਸਿੰਘ, ਜੁਝਾਰ ਸਿੰਘ ਬੀਰਮਪੁਰ, ਅਨਮੋਲਪ੍ਰੀਤ ਬੀਰਮਪੁਰ, ਪਰਮਜੀਤ ਸਿੰਘ ਸੰਧੀ ਜੱਸੋਵਾਲ ,ਸ਼ਿਵ ਸਿੰਘ ਧਾਮੀ ਆਦਿ

# ਕਨੇਡਾ ਦੇ ਸਿਹਤ ਮੰਤਰੀ ਮਰਜੋਈ ਮਿਸ਼ੇਲ ਨੀ ਨੌਜਵਾਨਾਂ ਨੂੰ ਦਿੱਤਾ ਅਹਿਮ ਮੌਕਾ

Desi Punjab YouTube www.desipunjab.in



ਕੈਨੇਡਾ(ਮਨਿੰਦਰ)ਬਿਲਾਲ ਸ਼ਾਹਿਦ ਦੇ ਨਵੋਚਾਰਕ ਵਿਚਾਰ ਨੂੰ ਅੱਗੇ ਵਧਾਉਂਦੇ ਹੋਏ, ਪਾਪੀਨੋ ਦੀ ਸੰਸਦ ਮੈਂਬਰ, ਮਾਣਨੀਯ ਮਾਰਜੋਰੀ ਮਿਸ਼ੇਲ ਨੇ ਪਾਪੀਨੋ ਯੂਥ ਕੌਂਸਲ ਦੀ ਸਥਾਪਨਾ ਕੀਤੀ ਹੈ। ਇਹ ਕੌਂਸਲ ਨੌਜਵਾਨਾਂ ਲਈ ਇੱਕ ਇਤਿਹਾਸਕ ਪਹਲ ਹੈ, ਜਿੱਥੇ 14 ਤੋਂ 24 ਸਾਲ ਦੀ ਉਮਰ ਦੇ ਨੌਜਵਾਨ ਇਕੱਠੇ ਹੋ ਕੇ ਆਪਣੀ ਆਵਾਜ਼ ਬੁਲੰਦ ਕਰਨਗੇ, ਨਵੇਂ ਅਤੇ ਸਾਹਸੀ ਵਿਚਾਰ ਸਾਂਝੇ ਕਰਨਗੇ ਅਤੇ ਉਹਨਾਂ ਪ੍ਰੋਜੈਕਟਾਂ ਦੀ ਅਗਵਾਈ ਕਰਨਗੇ ਜੋ ਸਮਾਜ ਵਿੱਚ ਅਸਲ ਬਦਲਾਅ ਲਿਆ ਸਕਣ। ਬਿਲਾਲ ਸ਼ਾਹਿਦ ਇੱਕ ਸੰਸਥਾਪਕ ਮੈਂਬਰ ਵਜੋਂ ਇਸ ਕੌਂਸਲ ਦਾ ਮਹੱਤਵਪੂਰਨ ਹਿੱਸਾ ਹਨ, ਜੋ ਇਸਨੂੰ ਹੋਰ ਵੀ ਖਾਸ ਬਣਾਉਂਦਾ ਹੈ। ਹੁਣ ਤੱਕ ਦੱਸ ਜੋਸ਼ੀਲੇ ਅਤੇ ਸਮਰਪਿਤ ਨੌਜਵਾਨ ਮੈਂਬਰ ਜੁੜ ਚੁੱਕੇ ਹਨ ਅਤੇ ਇਹ ਗਿਣਤੀ ਆਉਣ ਵਾਲੇ ਸਮੇਂ ਵਿੱਚ ਹੋਰ ਵਧੇਗੀ। ਇਸ ਪਹਲ ਰਾਹੀਂ ਪਾਪੀਨੋ ਵਿੱਚ ਨੌਜਵਾਨੀ ਦੀ ਅਗਵਾਈ, ਰਚਨਾਤਮਕਤਾ ਅਤੇ ਨਵੋਚਾਰ ਦਾ ਇੱਕ ਨਵਾਂ ਯੁੱਗ ਸ਼ੁਰੂ ਹੋ ਚੁੱਕਾ ਹੈ, ਜਿੱਥੇ ਨੌਜਵਾਨਾਂ ਦੀ ਭਾਗੀਦਾਰੀ ਭਵਿੱਖ ਦੀ ਦਿਸ਼ਾ ਤੈਅ ਕਰੇਗੀ ਇਸ ਕਮੇਟੀ ਦੇ ਮੈਂਬਰ ਬਿਲਾਲ ਸ਼ਾਹਿਦ (ਸੰਸਥਾਪਕ ਮੈਂਬਰ)ਲੌਰੇ ,ਹਕੀਮ ਸਰਾਏ,ਲੌਰੀਨ ਮੇਰਲੇ,ਓਹਰੇਨਮੇਰਲੇ,ਪੇਈਡੀ,ਤੰਜੀਲਾ,ਸਰੇਨਾ,ਮਾਇ ,ਮਰਜਾਨਾ

# ਐਸ.ਐਚ.ਓ ਮੁਖਤਿਆਰ ਸਿੰਘ ਜੰਡਿਆਲਾ ਗੁਰੂ ਵੱਲੋਂ ਗਰੀਬ ਪਰਿਵਾਰ ਲੜਕੀ ਦੀ ਮਦਦ ਕਰਦੇ ਹੋਏ ਸਲਾਈ ਮਸ਼ੀਨ ਦਿੱਤੀ ਗਈ

ਜੰਡਿਆਲਾ ਗੁਰੂ (ਸੁਖਜਿੰਦਰ ਸਿੰਘ ਸੋਨੂੰ)ਜੰਡਿਆਲਾ ਦੇ ਪਿੰਡ ਜਾਣੀਆਂ ਵਿੱਚ ਗਰੀਬ ਪਰਿਵਾਰ ਦੀ ਲੜਕੀ ਸਵਿੰਦਰ ਕੌਰ ਜੋ ਕਿ ਪਿੰਡ ਜਾਣੀਆਂ ਦੀ ਸੜਕ ਤੇ ਆਂਡੇ ਵੇਚਣ ਦਾ ਕੰਮ ਦੋ ਮਹੀਨੇ ਤੋਂ ਕਰਦੀ ਆ ਰਹੀ ਸੀ ਜੰਡਿਆਲਾ ਗੁਰੂ ਦੇ ਐਸ.ਐਚ.ਓ ਮੁਖਤਿਆਰ ਸਿੰਘ ਜੋ ਕਿ ਕੁੱਝ ਦਿਨ ਪਹਿਲਾਂ ਇੱਕ ਸ਼ਰਾਬ ਰੇਡ ਦੌਰਾਨ ਉਸ ਲੜਕੀ ਨੂੰ ਮਿਲੇ ਤੇ ਉਸਨੂੰ ਇਸ ਬਦਨਾਮ ਜਗ੍ਹਾ ਤੇ ਆਂਡੇ ਵੇਚਣ ਦਾ ਕਾਰਨ ਪੁੱਛਿਆ ਤਾਂ ਉਸ ਲੜਕੀ ਦੀ ਗੱਲ ਸੁਣ ਕੇ ਉਸਦੀ ਮੱਦਦ ਲਈ ਇੱਕ ਸਲਾਈ ਮਸ਼ੀਨ ਦੇਣ ਤੇ ਘਰ ਵਿੱਚ ਹੀ ਕੰਮ ਕਰਨ ਲਈ ਕਿਹਾ ਉਸ ਵਾਧੇ ਨੂੰ ਪੂਰਾ ਕਰਦਿਆ ਹੋਇਆ , ਮੁਖਤਿਆਰ ਸਿੰਘ ਐਸ. ਐਚ. ਓ ਨੇ ਆਪ ਖੁਦ ਗਰੀਬ ਲੜਕੀ ਦੇ ਘਰ ਜਾਂ ਕੇ ਸਲਾਈ ਮਸ਼ੀਨ ਦਿੱਤੀ ਪੱਤਰਕਾਰਾਂ ਨਾਲ ਗਰੀਬ ਪਰਿਵਾਰ ਦੀ ਲੜਕੀ ਸਵਿੰਦਰ ਕੌਰ ਵਾਈਫ ਆਫ ਜਸਪਾਲ ਸਿੰਘ ਜੋ ਕਿ ਕਵਾੜ ਦਾ ਕੰਮ ਕਰਦਾ ਸੀ ਉਹਨਾਂ ਨੇ ਦੱਸਿਆ ਕਿ ਅਸੀਂ ਕੁਝ ਸਮਾਂ ਪਹਿਲਾਂ ਲੋਕਾਂ ਕੋਲੋਂ ਆਧਾਰ ਪੈਸੇ ਚੁੱਕ ਕੇ ਬੱਕਰੀਆਂ ਦਾ ਕੰਮ ਕੀਤਾ ਸੀ ਜੋ ਕਿ ਬਿਮਾਰੀ ਲੱਗਣ ਦੇ ਕਾਰਨ ਅਚਾਨਕ ਸਾਰਿਆ ਬੱਕਰੀਆਂ ਦੀ ਮੌਤ ਹੋ ਗਈ ਤੇ ਮੇਰਾ ਘਰ ਵਾਲਾ ਵੀ ਕੁਵਾੜ ਦਾ ਕੰਮ ਕਰਦਾ ਸੀ ਜੋ ਕਿ ਅੱਜ ਕੱਲ ਉਸਦਾ ਕੰਮ ਚੱਲ ਨਹੀਂ ਰਿਹਾ ਸੀ ਜਿਸ ਕਾਰਨ ਮੈਨੂੰ ਆਪਣੇ ਬੱਚਿਆਂ ਅਤੇ ਘਰ ਦਾ ਖਰਚਾ ਚਲਾਉਣ ਵਾਸਤੇ ਬਾਹਰ ਸੜਕ ਤੇ ਆਂਡੇ ਲਾਉਣੇ ਪੈਂਦੇ ਸੀ ਇੱਥੇ ਹੀ ਇੱਕ ਦਿਨ ਐਸ. ਐਚ.ਓ ਸਰਦਾਰ ਮੁਖਤਿਆਰ ਸਿੰਘ ਦੀ ਗੱਡੀ ਲੰਘ ਰਹੀ ਸੀ ਤਾਂ ਉਹਨਾਂ ਨੇ ਰੁਕ ਕੇ ਮੈਨੂੰ ਇਸ ਬਦਨਾਮ ਜਗਹਾ ਤੇ ਆਂਡੇ ਲਗਾਉਣ ਦਾ ਕਾਰਨ ਪੁੱਛਿਆ ਤੇ ਕਿਹਾ ਕਿ ਇੱਥੇ ਤਾਂ ਸ਼ਰਾਬੀਆਂ ਦਾ ਆਉਣਾ ਜਾਣਾ ਲੱਗਿਆ ਰਹਿੰਦਾ ਹੈ ਤੂੰ ਸਾਡੀ ਧੀਆਂ ਵਾਂਗੂ ਹੈ ਤੈਨੂੰ ਇੱਥੇ ਆਂਡੇ ਨਹੀਂ ਲਾਉਣੇ ਚਾਹੀਦੇ ਤਾਂ ਮੈਂ ਉਹਨਾਂ ਨੂੰ ਆਪਣੀ ਹੱਡ ਬੀਤੀ ਸੁਣਾ ਦਿੱਤੀ ਤੇ ਉਹਨਾਂ ਨੇ ਮੈਨੂੰ ਕਿਹਾ ਕਿ ਤੂੰ ਅੱਜ ਤੋਂ ਬਾਅਦ ਇੱਥੇ ਆਂਡੇ ਨਹੀਂ ਲਾਉਣੇ ਤੇ ਹੋਰ ਕੋਈ ਕੰਮ ਕਰ ਸਕਦੀ ਹੈ, ਤਾਂ ਮੈਂ ਉਹਨਾਂ ਨੂੰ ਦੱਸਿਆ ਕਿ ਮੈਂ ਸਿਲਾਈ ਮਸ਼ੀਨ ਦਾ ਕੰਮ ਜਾਣਦੀ ਹਾਂ ਤਾਂ ਉਹਨਾਂ ਨੇ ਮੇਰੇ ਨਾਲ ਵਾਧਾ ਕੀਤਾ ਕੀ ਮੈ ਤੈਨੂੰ ਆਪਣੀ ਕਮਾਈ ਵਿੱਚੋਂ ਸਿਲਾਈ ਮਸ਼ੀਨ ਲਿਆ ਕੇ ਦੇਵਾਂਗਾ ਤੇ ਤੂੰ ਕੱਪੜੇ ਸੀਣ ਦਾ ਕੰਮ ਕਰ ਲਵੀ, ਜਿਸ ਵਾਅਦੇ ਨੂੰ ਅੱਜ ਪੂਰਾ ਕਰਦਿਆਂ ਹੋਇਆਂ ਐਸ ਐਚ ਓ ਮੁਖਤਿਆਰ ਸਿੰਘ ਮੇਰੇ ਘਰ ਸਿਲਾਈ ਮਸ਼ੀਨ ਦੇਣ ਵਾਸਤੇ ਆਏ ਹਨ ਤਾਂ ਜੋ ਮੈਂ ਆਪਣੇ ਪਰਿਵਾਰ ਲਈ ਰੋਜੀ ਰੋਟੀ ਕਮਾ ਸਕਾ ਇਸ ਮੌਕੇ ਮਹਾਦੇਵ ਖੂਨ ਦਾਨ ਬਲੱਡ ਗਰੁੱਪ ਦੇ ਪੰਜਾਬ ਪ੍ਰਧਾਨ ਗੁਰਪ੍ਰੀਤ ਸਿੰਘ ਜਾਣੀਆਂ, ਨੇ ਕਿਹਾ ਕਿ ਸਾਡੇ ਜੰਡਿਆਲਾ ਗੁਰੂ ਦੇ ਐਸ. ਐਚ .ਓ. ਸਰਦਾਰ ਮੁਖਤਿਆਰ ਸਿੰਘ ਨੇ ਬਹੁਤ ਹੀ ਵਧੀਆ ਤੇ ਸ਼ਲਾਘਾਯੋਗ ਕੰਮ ਕੀਤਾ ਹੈ ਇੱਕ ਗਰੀਬ ਲੜਕੀ ਨੂੰ ਅਪਣਾ ਖੁਦ ਦਾ ਕੰਮ ਕਰਨ ਲਈ ਸਲਾਈ ਮਸ਼ੀਨ ਦਿੱਤੀ ਹੈ ਜਦੋਂ ਦੇ ਸਾਡੇ ਜੰਡਿਆਲਾ ਗੁਰੂ ਵਿੱਚ ਐਸ. ਐਚ. ਓ ਸਰਦਾਰ ਮੁਖਤਿਆਰ ਸਿੰਘ ਨੇ ਚਾਰਜ ਸੰਭਾਲਿਆ ਹੈ ਸਾਡੇ ਜੰਡਿਆਲਾ ਗੁਰੂ ਤੇ ਲਾਗੇ ਦੇ ਪਿੰਡਾ ਵਿੱਚ ਨਸ਼ੇ ਦੀ ਵਿਕਰੀ ਬਹੁਤ ਜਿਆਦਾ ਘਟੀ ਹੈ ਸੋ ਅਸੀਂ ਫਿਰ ਤੋਂ ਐਸ. ਐਚ .ਓ .ਮੁਖਤਿਆਰ ਸਿੰਘ ਦਾ ਦਿਲ ਦੀਆ ਗਿਹਰਾਇਆਂ ਤੋ ਧੰਨਵਾਦ ਕਰਦੇ ਹਾਂ।

# ਹੜ੍ਹ ਪੀੜਤ ਇਲਾਕਿਆਂ ਵਿੱਚ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ (ਰਜਿ. 295) ਨੇ ਦਵਾਈਆਂ ਦੇ ਨਾਲ ਨਾਲ ਵੰਡੇ ਰੈਡੀਮੇਡ ਕੱਪੜੇ ਅਤੇ ਸਿੱਖਿਆ ਸਮੱਗਰੀ

Desi Punjab YouTube www.desipunjab.in




ਮਹਿਲ ਕਲਾਂ 30 ਸਤੰਬਰ ( ਰਾਜਵਿੰਦਰ ਸਿੰਘ ਕਲਾਲ ਮਾਜਰਾ ਬਲਜਿੰਦਰ ਸਿੰਘ ਢਿੱਲੋਂ)ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਪੰਜਾਬ (ਰਜਿ. 295) ਦੇ ਸੂਬਾ ਮੀਡੀਆ ਇੰਚਾਰਜ ਪੰਜਾਬ ਡਾਕਟਰ ਮਿੱਠੂ ਮੁਹੰਮਦ ਮਹਿਲ ਕਲਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਐਸੋਸੀਏਸ਼ਨ ਵੱਲੋਂ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਜਿੱਥੇ ਲਗਾਤਾਰ ਦਵਾਈਆਂ ਅਤੇ ਰਾਸ਼ਨ ਦੀ ਸੇਵਾ ਜਾਰੀ ਹੈ, ਓਥੇ ਹੀ ਹੁਣ ਲੋਕਾਂ ਦੀ ਲੋੜ ਨੂੰ ਧਿਆਨ ਵਿੱਚ ਰੱਖਦਿਆਂ ਰੈਡੀਮੇਡ ਕੱਪੜਿਆਂ ਅਤੇ ਸਿੱਖਿਆ ਸਮੱਗਰੀ ਦੀ ਸੇਵਾ ਦੀ ਵੀ ਸ਼ੁਰੂਆਤ ਕੀਤੀ ਗਈ ਹੈ।ਇਸ ਮੌਕੇ ਪੰਜਾਬ ਪ੍ਰਧਾਨ ਡਾ. ਜਸਵਿੰਦਰ ਕਾਲਖ, ਹੜ੍ਹ ਕੰਟਰੋਲ ਮੁਖੀ ਡਾ. ਦੀਦਾਰ ਸਿੰਘ ਸ੍ਰੀ ਮੁਕਤਸਰ ਸਾਹਿਬ, ਆਰਗਨਾਈਜ਼ਰ ਸੈਕਟਰੀ ਪੰਜਾਬ ਡਾ. ਅੰਗਰੇਜ਼ ਸਿੰਘ ਫਾਜ਼ਿਲਕਾ, ਮੀਤ ਪ੍ਰਧਾਨ ਪੰਜਾਬ ਡਾ. ਰਜੇਸ਼ ਸ਼ਰਮਾ ਰਾਜੂ (ਪ੍ਰੈਸ ਸਕੱਤਰ) ਨੇ ਕਿਹਾ ਕਿ ਮਾਨਵ ਸੇਵਾ ਹੀ ਸਭ ਤੋਂ ਵੱਡਾ ਧਰਮ ਹੈ, ਅਤੇ ਇਸੇ ਆਦਰਸ਼ ਨੂੰ ਅੱਗੇ ਰੱਖਦਿਆਂ ਐਸੋਸੀਏਸ਼ਨ ਆਪਣੇ ਲੋਕਾਂ ਦੀ ਬਾਂਹ ਫੜੀ ਹੋਈ ਹੈ।

ਪਿੰਡ ਮਹਾਤਮ ਨਗਰ ਮਿਡਲ ਸਕੂਲ, ਪ੍ਰਾਇਮਰੀ ਸਕੂਲ ਦੋਨਾ ਨਾਨਕਾ, ਅਤੇ ਹਿੰਦੁਸਤਾਨ ਦੇ ਆਖਰੀ ਪਿੰਡ ਤੇਜਾ ਰਹੇਲਾ ਦੇ ਸਕੂਲਾਂ ਵਿੱਚ ਬੱਚਿਆਂ ਨੂੰ ਸਕੂਲ ਬੈਗ, ਸਟੇਸ਼ਨਰੀ ਤੇ ਕਾਪੀਆਂ ਦੇ ਸੈੱਟ ਵੰਡੇ ਗਏ।

ਇਸ ਨਾਲ ਸੈਂਕੜੇ ਬੱਚਿਆਂ ਦੇ ਚਿਹਰਿਆਂ 'ਤੇ ਖੁਸ਼ੀ ਦੀ ਲਹਿਰ ਦੌੜ ਗਈ।ਇਸੇ ਦੌਰਾਨ ਪਿੰਡਾਂ ਵਿੱਚ ਅੱਖਾਂ ਦੀਆਂ ਬਿਮਾਰੀਆਂ, ਹੱਡੀਆਂ ਤੇ ਜੋੜਾਂ ਦੀਆਂ ਬਿਮਾਰੀਆਂ, ਅਤੇ ਚਮੜੀ ਦੀਆਂ ਬਿਮਾਰੀਆਂ ਦੇ ਮੁਫ਼ਤ ਮੈਡੀਕਲ ਕੈਂਪ ਵੀ ਲਗਾਏ ਗਏ। ਨਾਲ ਹੀ ਲੋੜਵੰਦ ਪਰਿਵਾਰਾਂ ਵਿੱਚ ਰੈਡੀਮੇਡ ਕੱਪੜਿਆਂ ਦੀ ਵੰਡ ਵੀ ਕੀਤੀ ਗਈ।ਇਸ ਮੌਕੇ ਡਾ. ਨਿਰਮਲ ਸਿੰਘ ਚੀਮਾ (ਸਾਬਕਾ ਬਲਾਕ ਪ੍ਰਧਾਨ ਸਿਮਲਾਪੁਰੀ), ਡਾ. ਭਗਤ ਸਿੰਘ ਤੁਗਲ (ਸਾਬਕਾ ਪ੍ਰਧਾਨ ਬਲਾਕ ਪੱਖੋਵਾਲ), ਡਾ. ਰਾਜਮਿਦਰ ਸਿੰਘ (ਬਲਾਕ ਪ੍ਰਧਾਨ ਸ਼ਿਮਲਾਪੁਰੀ), ਡਾ. ਸੁਮਿਤ ਸਰਾਂ (ਨਾਰੰਗਵਾਲ), ਡਾ. ਬੂਟਾ ਖਾਨ (ਜੜਤੌਲੀ), ਡਾ. ਹਰਦੀਪ ਸਿੰਘ (ਫੱਲੇਵਾਲ), ਡਾ. ਅੰਗਰੇਜ਼ ਸਿੰਘ (ਫਾਜ਼ਿਲਕਾ), ਅਤੇ ਡਾ. ਦੀਵਾਨ ਚੰਦ (ਅਬੋਹਰ) ਖ਼ਾਸ ਤੌਰ 'ਤੇ ਮੌਜੂਦ ਸਨ।ਇਸ ਤੋਂ ਇਲਾਵਾ ਪਿੰਡਾਂ ਦੇ ਸਰਪੰਚ ਸਾਹਿਬਾਨ, ਸਕੂਲਾਂ ਦੇ ਮੁੱਖ ਅਧਿਆਪਕ, ਸਮੂਹ ਸਟਾਫ, ਵਿਦਿਆਰਥੀ ਅਤੇ ਪੰਚਾਇਤ ਮੈਂਬਰਾਂ ਨੇ ਵੀ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ।ਅਖੀਰ ਵਿੱਚ ਸੂਬਾ ਪ੍ਰਧਾਨ ਡਾ. ਜਸਵਿੰਦਰ ਕਾਲਖ ਨੇ ਕਿਹਾ ਕਿ ਹੜ੍ਹ ਪੀੜਤ ਲੋਕਾਂ ਦੀ ਸਹਾਇਤਾ ਲਈ ਇਹ ਸੇਵਾ ਲੜੀ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਲੰਬੀ ਕੀਤੀ ਜਾਵੇਗੀ।

# ਪਟਾਕੇ ਵੇਚਣ ਦੇ ਆਰਜ਼ੀ ਲਾਇਸੰਸ ਲਈ 1 ਤੋਂ 6 ਅਕਤੂਬਰ ਤੱਕ ਸੇਵਾ ਕੇਂਦਰਾਂ 'ਚ ਲਈਆਂ ਜਾਣਗੀਆਂ ਦਰਖ਼ਾਸਤਾਂ

## 13 ਅਕਤੂਬਰ ਨੂੰ ਆਰਜ਼ੀ ਲਾਇਸੰਸਾਂ ਲਈ ਲਾਟਰੀ ਸਿਸਟਮ ਰਾਹੀਂ ਕੱਢਿਆ ਜਾਵੇਗਾ ਡਰਾਅ : ਡਿਪਟੀ ਕਮਿਸ਼ਨਰ

Desi Punjab YouTube www.desipunjab.in



ਨਵਾਂਸ਼ਹਿਰ, 30 ਸਤੰਬਰ(ਜਤਿੰਦਰ ਪਾਲ ਸਿੰਘ ਕਲੇਰ ) ਦੀਵਾਲੀ ਦੇ ਮੱਦੇਨਜ਼ਰ ਪਟਾਕੇ ਵੇਚਣ ਲਈ ਆਰਜ਼ੀ ਲਾਇਸੰਸ ਲੈਣ ਦੇ ਚਾਹਵਾਨ 01 ਤੋਂ 06 ਅਕਤੂਬਰ ਸ਼ਾਮ 5 ਵਜੇ ਤੱਕ ਸਬ-ਡਵੀਜ਼ਨ ਵਾਈਜ਼ ਆਪਣੀਆਂ ਦਰਖ਼ਾਸਤਾਂ ਨੇੜੇ ਦੇ ਸੇਵਾ ਕੇਂਦਰ ਵਿਖੇ ਜਮਾਂ ਕਰਵਾ ਸਕਦੇ ਹਨ।

ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਦੱਸਿਆ ਕਿ ਨਿਸ਼ਚਿਤ ਕੀਤੇ ਗਏ ਸਮੇਂ ਦੌਰਾਨ ਪ੍ਰਾਪਤ ਹੋਈਆਂ ਦਰਖ਼ਾਸਤਾਂ 'ਤੇ ਹੀ ਵਿਚਾਰ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ 13 ਅਕਤੂਬਰ 2025 ਨੂੰ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਲਾਟਰੀ ਸਿਸਟਮ ਰਾਹੀਂ ਪਟਾਕੇ ਵੇਚਣ ਸਬੰਧੀ ਆਰਜ਼ੀ ਲਾਇਸੰਸ ਜਾਰੀ ਕਰਨ ਲਈ ਡਰਾਅ ਕੱਢਿਆ ਜਾਵੇਗਾ। ਉਨ੍ਹਾਂ ਕਿਹਾ ਕਿ ਜਿਨ੍ਹਾਂ ਵਿਅਕਤੀਆਂ ਨੂੰ ਆਰਜ਼ੀ ਲਾਇਸੰਸ ਜਾਰੀ ਕੀਤਾ ਜਾਵੇਗਾ, ਸਿਰਫ ਉਹ ਵਿਅਕਤੀ ਹੀ ਪਟਾਕੇ ਵੇਚਣ ਲਈ ਅਧਿਕਾਰਤ ਹੋਣਗੇ। ਉਨ੍ਹਾਂ ਕਿਹਾ ਕਿ ਆਮ ਪਬਲਿਕ ਵੀ ਅਧਿਕਾਰਤ ਵਿਅਕਤੀਆਂ ਪਾਸੋਂ ਨਿਰਧਾਰਤ ਕੀਤੇ ਗਏ ਸਥਾਨਾਂ 'ਤੇ ਹੀ ਪਟਾਕੇ ਖਰੀਦੇ ਅਤੇ ਅਣ-ਅਧਿਕਾਰਤ ਤੌਰ 'ਤੇ ਪਟਾਕੇ ਵੇਚਣ ਵਾਲਿਆਂ ਖਿਲਾਫ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਉਨ੍ਹਾਂ ਸਪੱਸ਼ਟ ਕੀਤਾ ਕਿ ਇਕ ਵਿਅਕਤੀ ਇਕ ਦਰਖ਼ਾਸਤ ਪੇਸ਼ ਕਰ ਸਕਦਾ ਹੈ ਅਤੇ ਇਕ ਤੋਂ ਵੱਧ ਦਰਖ਼ਾਸਤ ਮੰਨਣਯੋਗ ਨਹੀਂ ਹੋਵੇਗੀ।

# ਬਟਾਲਾ ਵਿੱਚ ਗੂੰਜੇ "ਜੈ ਬਜਰੰਗ ਬਲੀ" ਦੇ ਨਾਰੇ – 40 ਵਾਨਰ ਸੈਨਾ ਨੇ ਕਮਲ ਵਰਮਾ ਦੇ ਘਰ ਪਾਏ ਚਰਨ, ਸ਼ਹਿਰ ਦੇ ਲੋਕਾਂ ਵਿੱਚ ਭਾਰੀ ਉਤਸ਼ਾਹ

Desi Punjab YouTube www.desipunjab.in



ਬਟਾਲਾ 30 ਸਤੰਬਰ (ਬਲਦੇਵ ਸਿੰਘ ਖਾਲਸਾ,, ਸੁਨੀਲ ਬਟਾਲਵੀ) – ਨਵਰਾਤਰੀ ਦੇ ਪਵਿੱਤਰ ਦਿਨਾਂ ਵਿੱਚ ਅੰਮ੍ਰਿਤਸਰ ਤੋਂ ਆਈ 40 ਵਾਨਰ ਸੈਨਾ ਨੇ ਬਟਾਲਾ ਪਹੁੰਚ ਕੇ ਧਾਰਮਿਕ ਮਾਹੌਲ ਨੂੰ ਭਗਤੀ ਦੇ ਰੰਗਾਂ ਨਾਲ ਰੰਗਿਆ। ਵੱਖ–ਵੱਖ ਵੇਸ਼–ਭੂਸ਼ਾ ਵਿਚ ਸਜੇ ਇਹ ਵਾਨਰ, ਹਨੂਮਾਨ ਜੀ ਦੀ ਅਦਭੁਤ ਲੀਲਾ ਦਾ ਜੀਵੰਤ ਰੂਪ ਲੱਗ ਰਹੇ ਸਨ।ਜਿਵੇਂ ਹੀ ਸੈਨਾ ਕਮਲ ਵਰਮਾ ਦੇ ਨਿਵਾਸ ਸਥਾਨ 'ਤੇ ਪਹੁੰਚੀ, ਤੁਰੰਤ ਹੀ ਇਲਾਕੇ ਵਿੱਚ "ਜੈ ਬਜਰੰਗ ਬਲੀ" ਦੇ ਗੂੰਜਦਾਰ ਨਾਰੇ ਲੱਗਣ ਸ਼ੁਰੂ ਹੋ ਗਏ। ਟੋਲੀਆਂ ਵਿੱਚ ਲੋਕ ਦਰਸ਼ਨ ਕਰਨ ਪਹੁੰਚੇ ਅਤੇ ਹਰ ਕੋਈ ਇਸ ਆਧਿਆਤਮਿਕ ਘੜੀ ਨੂੰ ਆਪਣੇ ਜੀਵਨ ਦਾ ਵੱਡਾ ਸ਼ਗਨ ਮੰਨ ਰਿਹਾ ਸੀ। ਪਰਿਵਾਰ ਨੇ ਵੀ ਪ੍ਰਭੂ ਅੱਗੇ ਸ਼ੁਕਰਾਨਾ ਕੀਤਾ ਕਿ ਹਨੂਮਾਨ ਜੀ ਦੀ ਸੈਨਾ ਨੇ ਸਾਡੇ ਆਂਗਨ ਵਿੱਚ ਚਰਨ ਪਾਏ। ਇਸ ਤੋਂ ਬਾਅਦ ਇਹ ਵਾਨਰ ਸੈਨਾ ਵੱਲੋਂ ਹੋਰ ਭਗਤਾਂ ਦੇ ਘਰ ਵੀ ਚਰਨ ਪਾਏ।ਇਸ ਮੌਕੇ ਕਮਲ ਵਰਮਾ, ਸੋਭਿਤ ਵਰਮਾ,ਤਨਿਕਾ ਵਰਮਾ ,ਸਾਈਸ ਵਰਮਾ, ਸਮਾਇਰਾ ਵਰਮਾ ਸਮੇਤ , ਰਮੇਸ਼ ਵਰਮਾ, ਨਰੇਸ਼, ਰਕੇਸ਼ ਵਰਮਾ, ਧੀਰਜ ਵਰਮਾ,ਰਾਘਵ ,ਮਾਨਿਕ, ,ਰਿਕੀ ਅਤੇ ਆਸ਼ੂ ਗੋਇਲ ਸਮੇਤ ਕਈ ਗੁਆਂਢੀ ਅਤੇ ਸ਼ਰਧਾਲੂ ਹਾਜ਼ਰ ਸਨ। ਸਭ ਦੇ ਚਿਹਰਿਆਂ ਉੱਤੇ ਖੁਸ਼ੀ ਅਤੇ ਭਗਤੀ ਦੀ ਰੌਣਕ ਸਪਸ਼ਟ ਦਿਖਾਈ ਦੇ ਰਹੀ ਸੀ ।ਧਾਰਮਿਕ ਪਰੰਪਰਾ ਅਤੇ ਭਗਤੀ ਦਾ ਸੰਕਲਪ ਮੰਨਤਾ ਹੈ ਕਿ ਜੋ ਭਗਤ ਨਵਰਾਤਰੀ ਤੋਂ ਦਸ਼ਹਿਰੇ ਤੱਕ ਵਾਨਰ ਸੈਨਾ ਵਿਚ ਸੇਵਾ ਕਰਦੇ ਹਨ, ਉਹ ਪ੍ਰਭੂ ਪ੍ਰਤੀ ਅਟੁੱਟ ਸ਼ਰਧਾ ਨਾਲ ਵਿਰਤ ਰਹਿੰਦੇ ਹਨ। ਇਹ ਭਗਤ ਜ਼ਮੀਨ 'ਤੇ ਹੀ ਨਿੰਦਰਾ ਕਰਦੇ ਹਨ, ਚਾਕੂ ਨਾਲ ਕੱਟੀ ਕੋਈ ਵੀ ਚੀਜ਼ ਨਹੀਂ ਖਾਂਦੇ ਅਤੇ ਕੇਵਲ ਸਾਤਵਿਕ ਭੋਜਨ ਗ੍ਰਹਿਣ ਕਰਦੇ ਹਨ। ਇਹ ਸਾਰੀ ਸਾਧਨਾ ਹਨੂਮਾਨ ਜੀ ਦੀ ਉਸ ਅਦਭੁਤ ਸ਼ਕਤੀ ਨੂੰ ਯਾਦ ਕਰਦੀ ਹੈ, ਜਿਸ ਨੇ ਰਾਘਵ ਕੰਠਾ ਨੂੰ ਰਾਖੀ ਦੇ ਲਈ ਪੂਰੀ ਵਾਨਰ ਸੈਨਾ ਇਕੱਠੀ ਕੀਤੀ ਸੀ।ਲੋਕਾਂ ਨੇ ਕਿਹਾ ਕਿ ਵਾਨਰ ਸੈਨਾ ਦੇ ਦਰਸ਼ਨ ਕਰਨ ਨਾਲ ਮਨ ਵਿੱਚ ਅਨੋਖੀ ਸ਼ਾਂਤੀ ਅਤੇ ਉਰਜਾ ਉਤਪੰਨ ਹੁੰਦੀ ਹੈ। ਸ਼ਰਧਾਲੂਆਂ ਦਾ ਮੰਨਣਾ ਹੈ ਕਿ ਜਿਵੇਂ ਰਾਮ ਭਗਤ ਹਨੂਮਾਨ ਨੇ ਆਪਣੀ ਸ਼ਕਤੀ ਨਾਲ ਅਸੰਭਵ ਨੂੰ ਸੰਭਵ ਕੀਤਾ, ਓਸੇ ਤਰ੍ਹਾਂ ਇਸ ਸੈਨਾ ਦੀ ਸੇਵਾ ਕਰਨ ਵਾਲੇ ਭਗਤਾਂ ਨੂੰ ਵੀ ਜੀਵਨ ਵਿੱਚ ਆਤਮਿਕ ਤਾਕਤ ਅਤੇ ਪ੍ਰਭੂ ਦੀ ਅਸੀਸ ਪ੍ਰਾਪਤ ਹੁੰਦੀ ਹੈ।ਵੱਡਾ ਸ਼ਗਨ ਇਸ ਕਾਰਨ ਹੀ ਨਵਰਾਤਰੀ ਤੋਂ ਦਸ਼ਹਿਰੇ ਤੱਕ ਘਰ–ਘਰ ਵਾਨਰ ਸੈਨਾ ਦਾ ਆਗਮਨ ਵੱਡਾ ਸ਼ਗਨ ਮੰਨਿਆ ਜਾਂਦਾ ਹੈ। ਲੋਕਾਂ ਦਾ ਵਿਸ਼ਵਾਸ ਹੈ ਕਿ ਜਿਹੜੇ ਘਰ ਵਿੱਚ ਇਹ ਸੈਨਾ ਚਰਨ ਪਾਉਂਦੀ ਹੈ, ਉਥੇ ਰਾਮ ਭਗਤੀ, ਅਨੰਦ ਅਤੇ ਸੁਖ–ਸਮ੍ਰਿੱਧੀ ਦੇ ਦਰਵਾਜ਼ੇ ਖੁੱਲ ਜਾਂਦੇ ਹਨ।

# ਪੰਜਾਬ ਵਫ਼ਦ ਵੱਲੋਂ 16ਵੇਂ ਵਿੱਤ ਕਮਿਸ਼ਨ ਦੇ ਚੇਅਰਮੈਨ ਨਾਲ ਮੁਲਾਕਾਤ; ਹੜ੍ਹਾਂ ਕਾਰਨ 20,000 ਕਰੋੜ ਰੁਪਏ ਦੇ ਨੁਕਸਾਨ ਦੇ ਮੱਦੇਨਜ਼ਰ ਵਿਸ਼ੇਸ਼ ਪੁਨਰਵਾਸ ਪੈਕੇਜ ਦੀ ਕੀਤੀ ਮੰਗ

Desi Punjab YouTube www.desipunjab.in



ਨਵੀਂ ਦਿੱਲੀ, 30 ਸਤੰਬਰ (ਮਨਪ੍ਰੀਤ ਸਿੰਘ ਖਾਲਸਾ):- ਪੰਜਾਬ ਸਰਕਾਰ ਦੇ ਇੱਕ ਉੱਚ ਪੱਧਰੀ ਵਫ਼ਦ, ਜਿਸ ਵਿੱਚ ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ, ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਅਤੇ ਗ੍ਰਹਿ ਅਤੇ ਵਿੱਤ ਵਿਭਾਗ ਦੇ ਵਧੀਕ ਮੁੱਖ ਸਕੱਤਰ ਆਲੋਕ ਸ਼ੇਖਰ ਸ਼ਾਮਲ ਸਨ, ਨੇ ਅੱਜ ਨਵੀਂ ਦਿੱਲੀ ਵਿਖੇ 16ਵੇਂ ਵਿੱਤ ਕਮਿਸ਼ਨ ਦੇ ਚੇਅਰਮੈਨ ਡਾ. ਅਰਵਿੰਦ ਪਨਗੜ੍ਹੀਆ ਨਾਲ ਮੁਲਾਕਾਤ ਕੀਤੀ ਅਤੇ ਸੂਬੇ ਵਿੱਚ ਹਾਲ ਹੀ ਵਿੱਚ ਆਏ ਦਹਾਕਿਆਂ ਦੇ ਸੱਭ ਤੋਂ ਭਿਆਨਕ ਹੜ੍ਹਾਂ, ਜਿਸ ਕਾਰਨ ਫਸਲਾਂ, ਘਰਾਂ ਅਤੇ ਬੁਨਿਆਦੀ ਢਾਂਚੇ ਨੂੰ 20,000 ਕਰੋੜ ਰੁਪਏ ਤੋਂ ਵੱਧ ਦਾ ਨੁਕਸਾਨ ਹੋਇਆ, ਦਾ ਹਵਾਲਾ ਦਿੰਦਿਆਂ, ਸੂਬੇ ਲਈ ਵਿਸ਼ੇਸ਼ ਲੰਬੇ ਸਮੇਂ ਦੇ ਪੁਨਰਵਾਸ ਪੈਕੇਜ ਵਾਸਤੇ ਜੋਰਦਾਰ ਢੰਗ ਨਾਲ ਕੇਸ ਪੇਸ਼ ਕੀਤਾ। ਵਿੱਤ ਮੰਤਰੀ ਹਰਪਾਲ ਸਿੰਘ ਚੀਮ ਨੇ ਇਸ ਮੌਕੇ ਇੱਕ ਮੋਹਰੀ ਸਰਹੱਦੀ ਸੂਬੇ ਵਜੋਂ ਵਿਲੱਖਣ ਸਥਿਤੀ, ਹਾਲੀਆ ਕੁਦਰਤੀ ਆਫ਼ਤਾਂ ਅਤੇ ਵਸਤੂਆਂ ਅਤੇ ਸੇਵਾਵਾਂ ਕਰ (ਜੀਐਸਟੀ) ਪ੍ਰਣਾਲੀ ਵਿੱਚ ਤਬਦੀਲੀ ਤੋਂ ਪੈਦਾ ਹੋਏ ਢਾਂਚਾਗਤ ਨੁਕਸਾਨਾਂ ਕਾਰਨ ਪੰਜਾਬ ਦੇ ਵਿੱਤ 'ਤੇ ਪਏ ਭਾਰੀ ਦਬਾਅ ਦਾ ਵਿਸਥਾਰ ਵਿੱਚ ਵਰਨਣ ਕੀਤਾ। ਵਿੱਤ ਮੰਤਰੀ ਨੇ ਰਾਜ ਆਫ਼ਤ ਪ੍ਰਬੰਧਨ ਫੰਡ (ਐਸਡੀਆਰਐਫ) ਦੇ ਨਿਯਮਾਂ ਵਿੱਚ ਸੁਧਾਰ ਦੀ ਤੁਰੰਤ ਲੋੜ 'ਤੇ ਜੋਰ ਦਿੰਦਿਆਂ ਚਰਚਾ ਦੀ ਸ਼ੁਰੂਆਤ ਕੀਤੀ। ਵਿੱਤ ਮੰਤਰੀ ਨੇ ਜ਼ੋਰ ਦਿੰਦਿਆਂ ਕਿਹਾ ਕਿ ਮੌਜੂਦਾ ਐਸ.ਡੀ.ਆਰ.ਐਫ ਨਿਯਮ ਬਹੁਤ ਜ਼ਿਆਦਾ ਪਾਬੰਦੀਆਂ ਵਾਲੇ ਅਤੇ ਸਖ਼ਤ ਸਾਬਤ ਹੋਏ ਹਨ, ਜੋ ਸਮੇਂ ਸਿਰ ਅਤੇ ਢੁਕਵੀਂ ਰਾਹਤ ਪ੍ਰਦਾਨ ਕਰਨ ਦੀ ਸੂਬਾ ਸਰਕਾਰ ਦੀ ਯੋਗਤਾ ਨੂੰ ਬੁਰੀ ਤਰ੍ਹਾਂ ਸੀਮਤ ਕਰਦੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਲਈ ਇਹ ਜ਼ਰੂਰੀ ਹੈ ਕਿ ਸੂਬਾ-ਵਿਸ਼ੇਸ਼ ਆਫ਼ਤਾਂ ਲਈ ਲਚਕਦਾਰ ਨਿਯਮਾਂ ਨੂੰ ਸ਼ਾਮਲ ਕਰਨ ਲਈ ਇਨ੍ਹਾਂ ਦਿਸ਼ਾ-ਨਿਰਦੇਸ਼ਾਂ ਦੀ ਵਿਆਪਕ ਸਮੀਖਿਆ ਕੀਤੀ ਜਾਵੇ। ਇਸ ਤੋਂ ਇਲਾਵਾ, ਵਿੱਤ ਮੰਤਰੀ ਨੇ ਇਹ ਜਿਕਰ ਕਰਦਿਆਂ ਕਿ ਪੰਜਾਬ ਦੇ ਐਸ.ਡੀ.ਆਰ.ਐਫ ਵਿੱਚ ਇਸ ਸਮੇਂ 12,268 ਕਰੋੜ ਰੁਪਏ ਦੇ ਕੁੱਲ ਬਕਾਏ ਵਿੱਚੋਂ 7,623 ਕਰੋੜ ਰੁਪਏ ਦੀ ਵਿਆਜ ਦੀ ਵੱਡੀ ਰਕਮ ਹੈ, ਜ਼ੋਰ ਦੇ ਕੇ ਕਿਹਾ ਕਿ ਐਸ.ਡੀ.ਆਰ.ਐਫ ਨੂੰ ਰਾਸ਼ਟਰੀ ਆਫ਼ਤ ਪ੍ਰਬੰਧਨ ਫੰਡ (ਐਨ.ਡੀ.ਆਰ.ਐਫ) ਵਾਂਗ ਇੱਕ ਵਿਆਜ ਰਹਿਤ ਸਹਿਣਸ਼ੀਲ ਰਿਜ਼ਰਵ ਫੰਡ ਵਿੱਚ ਬਦਲਿਆ ਜਾਣਾ ਚਾਹੀਦਾ ਹੈ। ਵਿੱਤ ਕਮਿਸ਼ਨ ਦੇ ਚੇਅਰਮੈਨ ਨੇ ਪੰਜਾਬ ਦੇ ਵਿੱਤ ਮੰਤਰੀ ਵੱਲੋਂ ਉਠਾਈ ਗਈ ਚਿੰਤਾ ਨੂੰ ਸਵੀਕਾਰ ਕੀਤਾ ਅਤੇ ਭਰੋਸਾ ਦਿੱਤਾ ਕਿ ਇਸ ਬਾਰੇ ਕਮਿਸ਼ਨ ਦੇ ਮੈਂਬਰਾਂ ਨਾਲ ਉਨ੍ਹਾਂ ਦੀ ਆਉਣ ਵਾਲੀ ਮੀਟਿੰਗ ਵਿੱਚ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। 16ਵੇਂ ਵਿੱਤ ਕਮਿਸ਼ਨ ਨਾਲ ਪਿਛਲੀ ਮੀਟਿੰਗ ਵਿੱਚ ਸੂਬੇ ਵੱਲੋਂ ਰੱਖੀਆਂ ਗਈਆਂ ਮੰਗਾਂ ਨੂੰ ਦੁਹਰਾਉਂਦੇ ਹੋਏ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੁਸ਼ਮਣ ਦੇਸ਼ਾਂ ਨਾਲ ਸਰਹੱਦੀ ਰਾਜਾਂ ਨੂੰ ਸਮਰਪਿਤ ਵਿੱਤੀ ਸਹਾਇਤਾ ਲਈ ਵੀ ਠੋਸ ਦਲੀਲ ਦਿੱਤੀ। ਉਨ੍ਹਾਂ ਕਮਿਸ਼ਨ ਨੂੰ ਦੱਸਿਆ ਕਿ ਪਾਕਿਸਤਾਨ ਨਾਲ ਵਧੇ ਤਣਾਅ, ਖਾਸ ਕਰਕੇ ਇਸ ਸਾਲ ਦੇ ਸ਼ੁਰੂ ਵਿੱਚ ਆਪ੍ਰੇਸ਼ਨ ਸਿੰਧੂਰ ਦੇ ਮੱਦੇਨਜ਼ਰ, ਰੋਜ਼ਾਨਾ ਜੀਵਨ, ਉਦਯੋਗਿਕ ਗਤੀਵਿਧੀਆਂ ਅਤੇ ਸਾਮਾਨ ਦੀ ਆਵਾਜਾਈ ਵਿੱਚ ਵਾਰ-ਵਾਰ ਵਿਘਨ ਪੈਣ ਕਰਕੇ ਸੂਬੇ ਦੇ ਸਰਹੱਦੀ ਜ਼ਿਲ੍ਹਿਆਂ ਨੂੰ ਭਾਰੀ ਆਰਥਿਕ ਨੁਕਸਾਨ ਪਹੁੰਚਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਨੂੰ ਡਰੋਨ ਘੁਸਪੈਠ, ਸਰਹੱਦ ਪਾਰੋ ਤਸਕਰੀ ਅਤੇ ਨਾਰਕੋ-ਅੱਤਵਾਦ ਸਮੇਤ ਵਿਲੱਖਣ ਸੁਰੱਖਿਆ ਚੁਣੌਤੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜੋ ਸੁਰੱਖਿਆ ਅਤੇ ਕਾਨੂੰਨ ਲਾਗੂਕਰਨ ਲਈ ਨਿਰੰਤਰ ਅਤੇ ਭਾਰੀ ਨਿਵੇਸ਼ ਦੀ ਮੰਗ ਕਰਦੀਆਂ ਹਨ। ਵਿੱਤ ਮੰਤਰੀ ਨੇ ਚੇਅਰਮੈਨ ਨੂੰ ਜਾਣੂ ਕਰਵਾਇਆ ਕਿ ਸੂਬੇ ਵੱਲੋਂ ਸੀਮਾ ਸੁਰੱਖਿਆ ਬਲ (ਬੀ.ਐਸ.ਐਫ) ਦੇ ਸਮਰਥਨ ਵਿੱਚ ਇੱਕ ਪ੍ਰਭਾਵਸ਼ਾਲੀ ਦੂਜੀ ਰੱਖਿਆ ਲਾਈਨ ਬਣਾਉਣ ਲਈ ਬੁਨਿਆਦੀ ਢਾਂਚੇ ਅਤੇ ਪੁਲਿਸ ਆਧੁਨਿਕੀਕਰਨ ਵਿੱਚ ਭਾਰੀ ਨਿਵੇਸ਼ ਕਰ ਰਿਹਾ ਹੈ। ਵਿੱਤ ਮੰਤਰੀ ਨੇ ਪੁਲਿਸ ਬਲਾਂ ਅਤੇ ਕਾਨੂੰਨ ਲਾਗੂਕਰਨ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਇੱਕ ਸਮਰਪਿਤ ਸਰਹੱਦੀ ਖੇਤਰ ਪੈਕੇਜ ਦੀ ਬੇਨਤੀ ਕੀਤੀ, ਜਿਸ ਲਈ ਸੂਬੇ ਨੇ ਕਮਿਸ਼ਨ ਨੂੰ ਸੌਂਪੇ ਆਪਣੇ ਮੈਮੋਰੰਡਮ ਵਿੱਚ 2,982 ਕਰੋੜ ਰੁਪਏ ਦੀ ਬੇਨਤੀ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਸਹਾਇਤਾ ਕੌਮੀ ਸੁਰੱਖਿਆ ਅਤੇ ਖੇਤਰੀ ਸਥਿਰਤਾ ਦੋਵਾਂ ਨੂੰ ਯਕੀਨੀ ਬਣਾਉਣ ਲਈ ਮਹੱਤਵਪੂਰਨ ਹੈ। ਵਿੱਤ ਮੰਤਰੀ ਚੀਮਾ ਨੇ ਸਰਹੱਦੀ ਜ਼ਿਲ੍ਹਿਆਂ ਲਈ ਇੱਕ ਵਿਸ਼ੇਸ਼ ਉਦਯੋਗਿਕ ਪੈਕੇਜ ਦੀ ਵੀ ਮੰਗ ਕੀਤੀ। ਉਨ੍ਹਾਂ ਕਿਹਾ ਕਿ ਸਰਹੱਦੀ ਤਣਾਅ ਕਾਰਨ ਸੀਮਤ ਉਦਯੋਗਿਕ ਗਤੀਵਿਧੀਆਂ ਕਾਰਨ ਇਹ ਜ਼ਿਲ੍ਹੇ ਪ੍ਰਤੀ ਵਿਅਕਤੀ ਆਮਦਨ ਵਿੱਚ ਸੂਬੇ ਦੀ ਔਸਤ ਤੋਂ ਲਗਾਤਾਰ ਪਿੱਛੇ ਰਹਿ ਰਹੇ ਹਨ। ਉਨ੍ਹਾਂ ਕਿਹਾ ਕਿ ਵਾਹਗਾ ਸਰਹੱਦ, ਜੋ ਕਿ ਇੱਕ ਮਹੱਤਵਪੂਰਨ ਵਪਾਰਕ ਗਲਿਆਰਾ ਹੈ, ਦੇ ਬੰਦ ਹੋਣ ਨਾਲ, ਪ੍ਰਤੀ ਸਾਲ 5,000 - 8,000 ਕਰੋੜ ਰੁਪਏ ਦਾ ਅਨੁਮਾਨਤ ਨੁਕਸਾਨ ਹੋ ਰਿਹਾ ਹੈ, ਜਿਸ ਨਾਲ ਸੂਬੇ ਨੂੰ ਵੱਡਾ ਆਰਥਿਕ ਝਟਕਾ ਲੱਗ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਢਾਂਚਾਗਤ ਨੁਕਸਾਨ ਨੂੰ ਦੂਰ ਕਰਨ ਅਤੇ ਸਮਾਵੇਸ਼ੀ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ, ਉਦਯੋਗ ਨੂੰ ਮੁੜ ਸੁਰਜੀਤ ਕਰਨ ਅਤੇ ਰੁਜ਼ਗਾਰ ਪੈਦਾ ਕਰਨ ਲਈ ਇੱਕ ਵਿਸ਼ੇਸ਼ ਉਦਯੋਗਿਕ ਵਿਕਾਸ ਪੈਕੇਜ ਜ਼ਰੂਰੀ ਹੈ। ਪੰਜਾਬ ਨੇ ਇਸ ਪੈਕੇਜ ਲਈ ਕੁੱਲ 6,000 ਕਰੋੜ ਰੁਪਏ ਦੀ ਮੰਗ ਕੀਤੀ ਹੈ, ਜਿਸ ਵਿੱਚ ਉਦਯੋਗਿਕ ਵਿਕਾਸ, ਰੱਖ-ਰਖਾਅ ਅਤੇ ਪ੍ਰੋਤਸਾਹਨ ਲਈ ਫੰਡ ਸ਼ਾਮਲ ਹਨ, ਜੋ ਕਿ ਹਿਮਾਚਲ ਪ੍ਰਦੇਸ਼ ਅਤੇ ਜੰਮੂ ਅਤੇ ਕਸ਼ਮੀਰ ਵਰਗੇ ਗੁਆਂਢੀ ਖੇਤਰਾਂ ਲਈ ਪਹਿਲਾਂ ਹੀ ਐਲਾਨੇ ਗਏ ਸਮਾਨ ਪੈਕੇਜਾਂ ਦੇ ਸਮਾਨ ਹੈ। ਵਿੱਤ ਮੰਤਰੀ ਨੇ ਜੀਐਸਟੀ ਸ਼ਾਸਨ ਨੂੰ ਲਾਗੂ ਕਰਨ ਦੇ ਮਾੜੇ ਵਿੱਤੀ ਪ੍ਰਭਾਵਾਂ ਦਾ ਵੀ ਕੀਤਾ। ਉਨ੍ਹਾਂ ਕਿਹਾ ਕਿਹਾ ਕਿ ਸੂਬੇ ਦੇ ਵੱਖ-ਵੱਖ ਟੈਕਸਾਂ ਦੇ ਜੀ.ਐਸ.ਟੀ ਵਿੱਚ ਸ਼ਾਮਿਲ ਕੀਤੇ ਜਾਣ ਕਾਰਨ ਪੰਜਾਬ ਨੂੰ ਪ੍ਰਤੀ ਸਾਲ 49,727 ਕਰੋੜ ਰੁਪਏ ਦਾ ਸਥਾਈ ਨੁਕਸਾਨ ਹੋਇਆ ਹੈ, ਜਿਸ ਲਈ ਕੋਈ ਮੁਆਵਜ਼ਾ ਨਹੀਂ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਜੀ.ਐਸ.ਟੀ ਵਿੱਚ ਲਿਆਂਦੀ ਗਈ ਤਰਕਸ਼ੀਲਤਾ ਦੇ ਸੰਭਾਵਤ ਪ੍ਰਭਾਵ ਕਾਰਨ ਇਸ ਅੰਕੜੇ ਵਿੱਚ ਹੋਰ ਵਾਧਾ ਹੋਣ ਦੀ ਸੰਭਾਵਨਾ ਹੈ।ਸੂਬਿਆਂ ਲਈ ਵਧੇਰੇ ਵਿੱਤੀ ਸੰਭਾਵਨਾਵਾਂ ਅਤੇ ਨਿਰਪੱਖਤਾ ਨੂੰ ਯਕੀਨੀ ਬਣਾਉਣ ਲਈ, ਵਿੱਤ ਮੰਤਰੀ ਨੇ 16ਵੇਂ ਵਿੱਤ ਕਮਿਸ਼ਨ ਨੂੰ ਮਹੱਤਵਪੂਰਨ ਸਿਫਾਰਸ਼ਾਂ ਪੇਸ਼ ਕੀਤੀਆਂ। ਪੇਸ਼ ਕੀਤੇ ਗਏ ਮੁੱਖ ਸੁਝਾਵਾਂ ਵਿੱਚ ਸੂਬਿਆਂ ਦੇ ਹਿੱਸੇ ਨੂੰ ਵੰਡਣਯੋਗ ਪੂਲ ਦੇ 50% ਤੱਕ ਵਧਾਉਣਾ (ਮੌਜੂਦਾ 42% ਤੋਂ ਵੱਧ), ਅਤੇ ਵੰਡਣਯੋਗ ਪੂਲ ਵਿੱਚ ਸੈੱਸ, ਸਰਚਾਰਜ ਅਤੇ ਚੋਣਵੇਂ ਗੈਰ-ਟੈਕਸ ਮਾਲੀਏ ਨੂੰ ਸ਼ਾਮਲ ਕਰਨਾ ਸ਼ਾਮਲ ਹੈ। ਇਸ ਤੋਂ ਇਲਾਵਾ, ਵਿੱਤ ਮੰਤਰੀ ਨੇ 15ਵੇਂ ਵਿੱਤ ਕਮਿਸ਼ਨ ਦੁਆਰਾ ਪ੍ਰਦਾਨ ਕੀਤੀ ਗਈ ਮਾਲੀਆ ਘਾਟਾ ਗ੍ਰਾਂਟ ਦੀ ਤਰਜ਼ 'ਤੇ ਪੰਜਾਬ ਰਾਜ ਲਈ 75,000 ਕਰੋੜ ਰੁਪਏ ਦੀ ਵਿਕਾਸ ਗ੍ਰਾਂਟ ਦੀ ਬੇਨਤੀ ਕੀਤੀ।ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਇਸ ਮੌਕੇ ਸੂਬੇ ਦੇ ਨਵੀਨਤਮ ਵਿੱਤੀ ਸੰਕੇਤ ਪੇਸ਼ ਕੀਤੇ, ਜਿਸ ਵਿੱਚ ਵਿੱਤੀ ਸਾਲ 2025-26 ਲਈ 23,957 ਕਰੋੜ ਰੁਪਏ ਦਾ ਮਾਲੀਆ ਘਾਟਾ ਅਤੇ 34,201 ਕਰੋੜ ਰੁਪਏ ਦਾ ਵਿੱਤੀ ਘਾਟਾ ਦਸ਼ਾਇਆ ਗਿਆ, ਅਤੇ ਜਿਸ ਵਿੱਚ ਕਰਜ਼ੇ-ਤੋਂ-ਜੀਐਸਡੀਪੀ ਅਨੁਪਾਤ 44.50% ਹੈ। ਉਨ੍ਹਾਂ ਦੁਹਰਾਇਆ ਕਿ 16ਵੇਂ ਵਿੱਤ ਕਮਿਸ਼ਨ ਦੁਆਰਾ ਇੱਕ ਅਨੁਕੂਲ ਸਿਫਾਰਸ਼ ਪੰਜਾਬ ਲਈ ਆਪਣੀਆਂ ਮਹੱਤਵਪੂਰਨ ਸੁਰੱਖਿਆ ਜ਼ਿੰਮੇਵਾਰੀਆਂ ਨੂੰ ਪੂਰਾ ਕਰਨ ਅਤੇ ਆਪਣੇ ਆਰਥਿਕ ਨੁਕਸਾਨਾਂ ਨੂੰ ਦੂਰ ਕਰਨ ਲਈ ਲਾਜ਼ਮੀ ਹੈ। ਹਾਂ ਪੱਖੀ ਮਾਹੌਲ ਵਿੱਚ ਹੋਈ ਇਸ ਮੀਟਿੰਗ ਦੌਰਾਨ ਵਿੱਤ ਕਮਿਸ਼ਨ ਦੇ ਚੇਅਰਮੈਨ ਡਾ. ਅਰਵਿੰਦ ਪਨਗੜ੍ਹੀਆ ਨੇ ਵਫ਼ਦ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਵੱਲੋਂ ਉਠਾਏ ਗਏ ਨੁਕਤਿਆਂ 'ਤੇ ਗੰਭੀਰਤਾ

# ਫਾਸਟ ਟ੍ਰੇਨ ਵੰਦੇ ਭਾਰਤ ਦੀ ਬਰਨਾਲਾ ਵਿਖੇ ਠਹਿਰ ਹੋਵੇਗੀ: ਮੀਤ ਹੇਅਰ ਕੇਂਦਰੀ ਰੇਲ ਰਾਜ ਮੰਤਰੀ ਨੇ ਲੋਕ ਸਭਾ ਮੈਂਬਰ ਨੂੰ ਦਿਵਾਇਆ ਵਿਸ਼ਵਾਸ

Desi Punjab YouTube www.desipunjab.in



ਬਰਨਾਲਾ, 30 ਸਤੰਬਰ (ਧੀਮਾਨ) ਸੰਗਰੂਰ ਤੋਂ ਆਮ ਆਦਮੀ ਪਾਰਟੀ ਦੇ ਲੋਕ ਸਭਾ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੇ ਮੰਗਲਵਾਰ ਨੂੰ ਨਵੀਂ ਦਿੱਲੀ ਵਿਖੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਮੀਤ ਹੇਅਰ ਨੇ ਮੰਗ ਕੀਤੀ ਕਿ ਨਵੀਂ ਦਿੱਲੀ ਤੋਂ ਫਿਰੋਜ਼ਪੁਰ ਕੈਂਟ ਤੱਕ ਚੱਲਣ ਵਾਲੀ ਨਵੀਂ ਵੰਦੇ ਭਾਰਤ ਰੇਲ ਗੱਡੀ ਦਾ ਠਹਿਰਾਅ ਬਰਨਾਲਾ ਵਿਖੇ ਵੀ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਬਰਨਾਲਾ ਰੇਲਵੇ ਸਟੇਸ਼ਨ ਉੱਤੇ ਇਸ ਗੱਡੀ ਦੇ ਠਹਿਰਾਅ ਨਾਲ ਆਸ-ਪਾਸ ਦੇ ਸੈਂਕੜੇ ਪਿੰਡਾਂ ਅਤੇ ਹੋਰ ਕਸਬਿਆਂ ਨੂੰ ਲਾਭ ਮਿਲੇਗਾ ਤੇ ਉਹ ਕੌਮੀ ਰਾਜਧਾਨੀ ਨਾਲ ਕੁਨੈਕਟ ਹੋ ਸਕਣਗੇ।

ਮੀਤ ਹੇਅਰ ਨੇ ਦੱਸਿਆ ਕਿ ਰੇਲ ਮੰਤਰੀ ਨੇ ਉਨ੍ਹਾਂ ਨੂੰ ਭਰੋਸਾ ਦਿੱਤਾ ਹੈ ਕਿ ਉਨ੍ਹਾਂ ਦੀ ਮੰਗ ਉੱਤੇ ਵਿਚਾਰ ਕਰਕੇ ਬਰਨਾਲਾ ਰੇਲਵੇ ਸਟੇਸ਼ਨ ਉੱਤੇ ਵੀ ਗੱਡੀ ਦਾ ਠਹਿਰਾਅ ਯਕੀਨੀ ਬਣਾਇਆ ਜਾਵੇਗਾ। ਮੀਤ ਹੇਅਰ ਨੇ ਕਿਹਾ ਕਿ ਉਹ ਪਿਛਲੇ ਲੰਬੇ ਸਮੇਂ ਤੋਂ ਅਜਿਹੀ ਕੋਈ ਰੇਲ ਗੱਡੀ ਚਲਾਉਣ ਦੀ ਮੰਗ ਕਰਦੇ ਆ ਰਹੇ ਸਨ ਜਿਸ ਨਾਲ ਬਰਨਾਲਾ ਨੂੰ ਸਿੱਧਾ ਕੌਮੀ ਰਾਜਧਾਨੀ ਦਿੱਲੀ ਨਾਲ ਜੋੜਿਆ ਜਾ ਸਕੇ ਅਤੇ ਹੁਣ ਜਦੋਂ ਨਵੀਂ ਦਿੱਲੀ ਤੋਂ ਫਿਰੋਜ਼ਪੁਰ ਕੈਂਟ ਤੱਕ ਵੰਦੇ ਭਾਰਤ ਰੇਲ ਗੱਡੀ ਚਲਾਉਣ ਦਾ ਪ੍ਰਸਤਾਵ ਹੈ ਤਾਂ ਬਰਨਾਲਾ ਸਟੇਸ਼ਨ ਉੱਤੇ ਇਸ ਗੱਡੀ ਦਾ ਠਹਿਰਾਅ ਨਹੀਂ ਬਣਾਇਆ ਗਿਆ।

ਮੀਤ ਹੇਅਰ ਨੇ ਕਿਹਾ ਕਿ ਪਾਰਲੀਮੈਂਟ ਵਿੱਚ ਨਿਰੰਤਰ ਉਨ੍ਹਾਂ ਵੱਲੋਂ ਇਹ ਮੰਗ ਉਠਾਈ ਜਾਂਦੀ ਸੀ ਜਿਸ ਨੂੰ ਪੂਰਾ ਹੋਣ ਉੱਤੇ ਉਹ ਰੇਲ ਮੰਤਰਾਲੇ ਦਾ ਧੰਨਵਾਦ ਕਰਦੇ ਹਨ। ਜਦੋਂ ਇਹ ਗੱਡੀ ਬਰਨਾਲਾ ਸਟੇਸ਼ਨ ਉੱਤੇ ਰੁਕੇਗੀ ਤਾਂ ਉਹ ਬਰਨਾਲਾ ਵਾਸੀਆਂ ਦੇ ਨਾਲ ਪਹਿਲੇ ਦਿਨ ਇਸ ਰੇਲ ਦਾ ਸਵਾਗਤ ਕਰਨਗੇ ਅਤੇ ਬਰਨਾਲਾ ਵਿਖੇ ਰੇਲ ਦਾ ਠਹਿਰ ਬਣਾਉਣ ਲਈ ਉਚੇਚੇ ਤੌਰ ਉਤੇ ਧੰਨਵਾਦ ਕਰਨਗੇ।

# ਪੂਰਵਾਂਚਲ ਵੈਲਫੇਅਰ ਸੋਸਾਇਟੀ ਦਾ 25ਵਾਂ ਵਿਸ਼ਾਲ ਦੁਰਗਾ ਪੂਜਾ ਸਮਾਰੋਹ

Desi Punjab YouTube www.desipunjab.in

ਡੇਰਾਬੱਸੀ 30 ਸਤੰਬਰ , ਸੰਜੀਵ ਸਿੰਘ ਸੈਣੀ ਪੂਰਵਾਂਚਲ ਵੈਲਫੇਅਰ ਸੋਸਾਇਟੀ, ਡੇਰਾਬੱਸੀ, ਇਸ ਸਾਲ ਆਪਣਾ 25ਵਾਂ ਵਿਸ਼ਾਲ ਦੁਰਗਾ ਪੂਜਾ ਸਮਾਰੋਹ ਬਹੁਤ ਖੁਸ਼ੀ, ਅਤੇ ਉਤਸ਼ਾਹ ਨਾਲ ਮਨਾ ਰਹੀ ਹੈ। ਇਹ ਧਾਰਮਿਕ ਪਰੰਪਰਾ ਪਿਛਲੇ 25 ਸਾਲਾਂ ਤੋਂ ਸਫਲਤਾਪੂਰਵਕ ਆਯੋਜਿਤ ਕੀਤੀ ਜਾ ਰਹੀ ਹੈ। ਸੱਤਵੀਂ ਦੇ ਮੌਕੇ ਦੁਰਜਾ ਪੂਜਾ ਦਾ ਜਾਗਰਣ ਕਰਵਾਇਆ ਗਿਆ। ਜਿਸ ਵਿੱਚ ਮੁੱਖ ਮਹਿਮਾਨ ਵੱਜੋਂ ਭਾਜਪਾ ਨੇਤਾ ਮਨਪ੍ਰੀਤ ਸਿੰਘ (ਬੰਨੀ ਸੰਧੂ) ਨੇ ਸ਼ਿਰਕਤ ਕੀਤੀ। ਰਵਿੰਦਰ ਵੈਸ਼ਨਵ, ਪਵਨ (ਪੰਮਾ), ਨੀਰਜ ਵਰਮਾ, ਸੁਮਿਤ ਸ਼ਰਮਾ, ਉਪੇਸ਼ ਬਾਂਸਲ, ਬਲਬੀਰ ਮਾਗੋ, ਦਿਨੇਸ਼ ਵੈਸ਼ਨਵ,ਹਰਬੰਸ ਸਿੰਘ ਅਤੇ ਅਸ਼ੋਕ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਸ਼ਰਧਾਲੂ ਮੌਜੂਦ ਸਨ। ਪ੍ਰੋਗਰਾਮ ਦੁਪਹਿਰ 3 ਵਜੇ ਸ਼ੁਰੂ ਹੋਇਆ ਅਤੇ ਦੇਰ ਰਾਤ ਤੱਕ ਜਾਰੀ ਜਾਰੀ ਰਿਹਾ। 1 ਅਕਤੂਬਰ ਨੂੰ ਦੁਪਹਿਰ 1 ਵਜੇ ਤੋਂ ਪ੍ਰਭੂ ਦੀ ਇੱਛਾ ਤੱਕ ਇੱਕ ਵਿਸ਼ਾਲ ਭੰਡਾਰਾ ਆਯੋਜਿਤ ਕੀਤਾ ਜਾਵੇਗਾ। ਕਮੇਟੀ ਦੀਆਂ ਗਤੀਵਿਧੀਆਂ ਦਾ ਪ੍ਰਬੰਧਨ ਕਰਨ ਵਾਲੇ ਮੈਂਬਰ ਜਿਨ੍ਹਾਂ ਵਿੱਚ ਸੁਨੀਲ ਮਿਸ਼ਰਾ (ਪ੍ਰਧਾਨ), ਵਿਨੋਦ ਤਿਵਾੜੀ (ਪ੍ਰਧਾਨ), ਬ੍ਰਿਜ ਬਿਹਾਰੀ ਪਾਂਡੇ (ਜਨਰਲ ਸਕੱਤਰ), ਰਾਮਚਬਿਲਾ, ਛੋਟਾ ਲਾਲ ਆਨੰਦ ਝਾਅ, ਰਾਮਵਿਲਾਸ, ਵਿਜੇ ਪਾਸਵਾਨ ਅਤੇ ਪਟੇਲ ਸ਼ਾਮਲ ਹਨ। ਕਮੇਟੀ ਦੇ ਅਧਿਕਾਰੀਆਂ ਨੇ ਕਿਹਾ ਕਿ ਇਹ ਸਮਾਗਮ ਨਾ ਸਿਰਫ਼ ਧਾਰਮਿਕ ਆਸਥਾ ਦਾ ਪ੍ਰਤੀਕ ਹੈ ਬਲਕਿ ਸਮਾਜਿਕ ਸਦਭਾਵਨਾ ਅਤੇ ਏਕਤਾ ਨੂੰ ਵੀ ਮਜ਼ਬੂਤ ਕਰਦਾ ਹੈ। ਲਗਾਤਾਰ 25 ਸਾਲਾਂ ਤੋਂ, ਇਹ ਸਮਾਗਮ ਅਧਿਆਤਮਿਕਤਾ ਅਤੇ ਸਮਾਜ ਸੇਵਾ ਦੇ ਸੰਗਮ ਵਜੋਂ ਬਹੁਤ ਧੂਮਧਾਮ ਨਾਲ ਆਯੋਜਿਤ ਕੀਤਾ ਜਾਂਦਾ ਹੈ।

ਇਸ ਮੌਕੇ 'ਤੇ ਮਨਪ੍ਰੀਤ ਸਿੰਘ (ਬੰਨੀ ਸੰਧੂ) ਨੇ ਸ਼ਹਿਰ ਅਤੇ ਰਾਜ ਦੇ ਨਿਵਾਸੀਆਂ ਨੂੰ ਨਵਰਾਤਰੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਉਹਨਾਂ ਕਿਹਾ ਕਿ ਆਪਣੇ ਬੱਚਿਆਂ ਨੂੰ ਧਾਰਮਿਕ ਸਟੇਜਾਂ ਨਾਲ ਤੇ ਸੱਭਿਆਚਾਰ ਨਾਲ ਜੋੜ ਕੇ ਰੱਖੋ ਤਾਂ ਜੋ ਆਉਣ ਵਾਲੀ ਪੀੜ੍ਹੀ ਆਪਣੀ ਸੰਸਕ੍ਰਿਤੀ ਨਾਲ ਜਾਣੂ ਰਹੇ।

# ਪ੍ਰੋਫੈਸਰ ਸਰਚਾਂਦ ਸਿੰਘ ਖਿਆਲਾ ਨੇ ਸ. ਜਸਜੀਤ ਸਿੰਘ ਸਮੁੰਦਰੀ ਦੇ ਅਕਾਲ ਚਲਾਣੇ ਉੱਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

Desi Punjab YouTube www.desipunjab.in



ਅੰਮ੍ਰਿਤਸਰ, 30 ਸਤੰਬਰ – ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋਫੈਸਰ ਸਰਚਾਂਦ ਸਿੰਘ ਖਿਆਲਾ ਨੇ ਸਾਬਕਾ ਸੀਨੀਅਰ ਜੰਗਲਾਤ ਅਧਿਕਾਰੀ ਅਤੇ ਪ੍ਰਸਿੱਧ ਆਈਐਫਐਸ ਅਧਿਕਾਰੀ ਸ. ਜਸਜੀਤ ਸਿੰਘ ਸਮੁੰਦਰੀ ਦੇ ਅਕਾਲ ਚਲਾਣੇ ਉੱਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਧਾਰਮਿਕ ਬਿਰਤੀ ਵਾਲੇ ਸ. ਜਸਜੀਤ ਸਿੰਘ, ਸਾਬਕਾ ਅਮਰੀਕੀ ਰਾਜਦੂਤ ਅਤੇ ਭਾਜਪਾ ਆਗੂ ਸ. ਤਰਨਜੀਤ ਸਿੰਘ ਸੰਧੂ ਦੇ ਵੱਡੇ ਭਰਾ ਸਨ ਅਤੇ ਲੰਬੀ ਬਿਮਾਰੀ ਤੋਂ ਬਾਅਦ ਕੈਨੇਡਾ ਵਿੱਚ ਅੱਜ ਸਵੇਰੇ ਆਪਣੇ ਅਖੀਰਲੇ ਸਾਹ ਲਏ।

ਪ੍ਰੋ. ਖਿਆਲਾ ਨੇ ਕਿਹਾ ਕਿ ਸ. ਜਸਜੀਤ ਸਿੰਘ ਸਮੁੰਦਰੀ ਦਾ ਪਰਿਵਾਰ ਸਿੱਖ ਇਤਿਹਾਸ ਅਤੇ ਜਨਸੇਵਾ ਦੀਆਂ ਮਹਾਨ ਪਰੰਪਰਾਵਾਂ ਨਾਲ ਜੁੜਿਆ ਹੋਇਆ ਹੈ। ਉਹ ਸ. ਬਿਸ਼ਨ ਸਿੰਘ ਸਮੁੰਦਰੀ ਦੇ ਪੁੱਤਰ ਅਤੇ ਮਹਾਨ ਸਿੱਖ ਸ਼ਖ਼ਸੀਅਤ ਸ. ਤੇਜਾ ਸਿੰਘ ਸਮੁੰਦਰੀ ਦੇ ਪੋਤੇ ਸਨ। ਸ. ਤੇਜਾ ਸਿੰਘ ਸਮੁੰਦਰੀ ਦਾ ਨਾਮ ਸਿੱਖ ਪੰਥ ਦੀ ਆਜ਼ਾਦੀ, ਸ਼੍ਰੋਮਣੀ ਕਮੇਟੀ ਦੀ ਸਥਾਪਨਾ ਅਤੇ ਗੁਰਮਤਿ ਅਧਾਰਿਤ ਮੋਰਚਿਆਂ ਨਾਲ ਸਦਾ ਜੁੜਿਆ ਰਹੇਗਾ।

ਪ੍ਰੋ. ਖਿਆਲਾ ਨੇ ਕਿਹਾ ਕਿ ਸਮੁੰਦਰੀ ਪਰਿਵਾਰ ਨੇ ਹਮੇਸ਼ਾਂ ਪ੍ਰਸ਼ਾਸਨਿਕ, ਸਮਾਜਿਕ ਅਤੇ ਧਾਰਮਿਕ ਮੈਦਾਨ ਵਿੱਚ ਕੌਮ ਅਤੇ ਦੇਸ਼ ਲਈ ਅਮੁੱਲੀਆਂ ਸੇਵਾਵਾਂ ਨਿਭਾਈਆਂ ਹਨ। ਇਸ ਵੱਡੀ ਵਿਰਾਸਤ ਦੇ ਉੱਤਰਾਧਿਕਾਰੀ ਸ. ਜਸਜੀਤ ਸਿੰਘ ਦਾ ਵਿਛੋੜਾ ਸਿਰਫ ਪਰਿਵਾਰ ਲਈ ਨਹੀਂ ਸਗੋਂ ਸਮੁੱਚੀ ਸੰਗਤ ਅਤੇ ਸਮਾਜ ਲਈ ਵੀ ਅਪੂਰਣੀਯ ਘਾਟਾ ਹੈ।

ਇਸ ਦੁਖਦ ਘੜੀ ਵਿੱਚ ਪ੍ਰੋ. ਖਿਆਲਾ ਨੇ ਸਮੁੰਦਰੀ ਪਰਿਵਾਰ ਨਾਲ ਡੂੰਘੀ ਸੰਵੇਦਨਾ ਪ੍ਰਗਟ ਕਰਦਿਆਂ ਕਰਤਾ ਪੁਰਖ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਪ੍ਰਦਾਨ ਕਰੇ।

# ਜੀ ਬੀ ਆਈ ਐਸ ਦੇ ਵਿਦਿਆਰਥੀਆਂ ਨੇ ਜ਼ੋਨਲ ਖੇਡਾਂ ਵਿੱਚ ਲਹਿਰਾਇਆ ਝੰਡਾ

Desi Punjab YouTube www.desipunjab.in




ਨਾਭਾ 30 ਸਤੰਬਰ (ਚੇਤਨ ਮਹਿਤਾ) ਨਾਭਾ ਸ਼ਹਿਰ ਵਿੱਚ ਆਯੋਜਿਤ ਜ਼ੋਨਲ ਸਕੂਲ ਗੇਮਜ਼ ਅਤੇ ਐਥਲੈਟਿਕਸ ਮੁਕਾਬਲੇ ਵਿੱਚ ਨਾਭਾ ਸਥਿਤ ਜੀ ਬੀ ਇੰਟਰਨੈਸ਼ਨਲ ਸਕੂਲ ਦੇ ਖਿਡਾਰੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰ ਸਭ ਦਾ ਧਿਆਨ ਆਪਣੇ ਵੱਲ ਖਿੱਚਿਆ। ਵਿਦਿਆਰਥੀਆਂ ਨੇ ਕੁੱਲ 110 ਤਗਮੇ ਹਾਸਲ ਕੀਤੇ, ਜਿਨ੍ਹਾਂ ਵਿੱਚ 48 ਸੋਨੇ, 39 ਚਾਂਦੀ ਅਤੇ 23 ਕਾਂਸੀ ਦੇ ਤਗਮੇ ਸ਼ਾਮਲ ਸਨ। ਮੁਕਾਬਲੇ ਵਿੱਚ ਖੇਤਰ ਦੇ ਕਈ ਸਕੂਲਾਂ ਨੇ ਭਾਗ ਲਿਆ ਸੀ, ਜਿਨ੍ਹਾਂ ਵਿੱਚ ਮੁਕਾਬਲੇ ਦੀ ਟੱਕਰ ਦੇ ਬਾਵਜੂਦ ਜੀ ਬੀ ਸਕੂਲ ਦੇ ਵਿਦਿਆਰਥੀਆਂ ਨੇ ਬਿਹਤਰੀਨ ਹੁਨਰ ਦਾ ਪ੍ਰਦਰਸ਼ਨ ਕੀਤਾ। ਜ਼ੋਨਲ ਸਕੂਲ ਗੇਮਜ਼ ਦੇ ਅਧੀਨ ਹੋਈਆਂ ਵੱਖ-ਵੱਖ ਪ੍ਰਤੀਯੋਗਤਾਵਾਂ ਜਿਵੇਂ ਬਾਸਕਿਟਬਾਲ (ਅੰਡਰ-14, 17, 19) ਵਿੱਚ ਵਿਦਿਆਰਥਣਾਂ ਨੇ ਸੋਨੇ ਦੇ ਤਗਮੇ ਹਾਸਲ ਕੀਤੇ ਅਤੇ ਬਾਸਕੇਟਬਾਲ (ਅੰਡਰ-19) ਵਿੱਚ ਵਿਦਿਆਰਥੀਆਂ ਨੇ ਸੋਨਾ ਅਤੇ ਬਾਸਕੇਟਬਾਲ (ਅੰਡਰ-14, 17) ਵਿੱਚ ਚਾਂਦੀ ਦੇ ਤਗਮੇ ਜਿੱਤੇ। ਕ੍ਰਿਕਟ (ਅੰਡਰ-17) ਵਿੱਚ ਵਿਦਿਆਰਥੀਆਂ ਨੇ ਸੋਨੇ, ਕ੍ਰਿਕਟ (ਅੰਡਰ-14, 19) ਵਿੱਚ ਕਾਂਸੀ ਦੇ ਤਗਮੇ ਹਾਸਲ ਕੀਤੇ। ਇਸ ਤੋਂ ਇਲਾਵਾ ਸ਼ਤਰੰਜ ਦੇ ਮੁਕਾਬਲੇ ਵਿੱਚ (ਅੰਡਰ-14, 17) ਵਿਦਿਆਰਥਣਾਂ ਨੇ ਸੋਨੇ ਅਤੇ ਟੇਬਲ ਟੈਨਿਸ (ਅੰਡਰ-17) ਵਿੱਚ ਵਿਦਿਆਰਥੀ ਅਤੇ ਵਿਦਿਆਰਥਣਾਂ ਨੇ ਕਾਂਸੀ ਦੇ ਤਗਮੇ ਹਾਸਲ ਕੀਤੇ। ਬੈਡਮਿੰਟਨ (ਅੰਡਰ-19) ਪ੍ਰਤੀਯੋਗਤਾ ਵਿੱਚ ਵੀ ਕੁੜੀਆਂ ਨੇ ਕਾਂਸੀ ਦੇ ਤਗਮੇ ਜਿੱਤੇ। ਵਾਲੀਬਾਲ (ਅੰਡਰ-14 ਅਤੇ 19) ਵਿੱਚ ਵੀ ਵਿਦਿਆਰਥਣਾਂ ਨੇ ਚਾਂਦੀ ਅਤੇ ਕਾਂਸੀ ਦੇ ਤਗਮੇ ਹਾਸਲ ਕਰ ਸਕੂਲ ਦਾ ਨਾਮ ਰੌਸ਼ਨ ਕੀਤਾ। ਇੰਨਾ ਹੀ ਨਹੀਂ ਸਗੋਂ ਸ਼ੂਟਿੰਗ ਪ੍ਰਤੀਯੋਗਤਾ (ਅੰਡਰ-14, 17 ਅਤੇ 19) ਵਿੱਚ ਵਿਦਿਆਰਥੀ ਅਤੇ ਵਿਦਿਆਰਥਣਾਂ ਨੇ ਸੋਨੇ, ਚਾਂਦੀ ਅਤੇ ਕਾਂਸੀ ਦੇ ਤਗਮੇ ਜਿੱਤੇ। ਸਕੇਟਿੰਗ ਪ੍ਰਤੀਯੋਗਤਾ (ਅੰਡਰ-11) ਵਿੱਚ ਵਿਦਿਆਰਥੀ ਅਤੇ ਵਿਦਿਆਰਥਣਾਂ ਨੇ ਸੋਨੇ ਅਤੇ ਚਾਂਦੀ, (ਅੰਡਰ-14) ਵਿੱਚ ਸੋਨੇ ਅਤੇ ਚਾਂਦੀ ਅਤੇ (ਅੰਡਰ-17) ਵਿੱਚ ਵੀ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਨੇ ਸੋਨੇ ਅਤੇ ਚਾਂਦੀ ਦੇ ਤਗਮੇ ਹਾਸਲ ਕਰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਦਿੱਤਾ। ਜੇਤੂ ਵਿਦਿਆਰਥੀਆਂ ਨੇ ਨਾ ਸਿਰਫ਼ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ, ਸਗੋਂ ਆਉਣ ਵਾਲੀਆਂ ਜ਼ਿਲ੍ਹਾ ਪੱਧਰੀ ਖੇਡਾਂ ਲਈ ਵੀ ਆਪਣਾ ਮਜ਼ਬੂਤ ਦਾਅਵਾ ਪੇਸ਼ ਕੀਤਾ। ਸਕੂਲ ਦੇ ਚੇਅਰਮੈਨ ਸੰਦੀਪ ਬਾਂਸਲ ਜੀ ਨੇ ਇਸ ਉਪਲਬਧੀ ਉੱਤੇ ਖਿਡਾਰੀਆਂ ਅਤੇ ਕੋਚਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਫਲਤਾ ਉਨ੍ਹਾਂ ਦੀ ਸਖ਼ਤ ਮਿਹਨਤ ਅਤੇ ਅਨੁਸ਼ਾਸਨ ਦਾ ਨਤੀਜਾ ਹੈ। ਸਕੂਲ ਦੀ ਪ੍ਰਿੰਸੀਪਲ ਡਾ. ਇੰਦਰਜੀਤ ਪਾਲ ਕੌਰ ਗਰੇਵਾਲ ਨੇ ਆਸ ਜ਼ਾਹਰ ਕੀਤੀ ਕਿ ਵਿਦਿਆਰਥੀ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸ਼ਾਨਦਾਰ ਪ੍ਰਦਰਸ਼ਨ ਕਰ ਸਕੂਲ ਅਤੇ ਖੇਤਰ ਦਾ ਮਾਣ ਵਧਾਉਂਦੇ ਰਹਿਣਗੇ।

# ਪਹਿਲੀ ਵਾਰੀ ਮੁਲਾਜਮ ਰਿਟਾਇਰਮੈਂਟ ਹੋਣ ਤੇ ਕੋਈ ਮਾਨਭੱਤਾ ਜਾ ਪੈਨਸਨ ਆਦ ਨਹੀ ਦਿੱਤਾ ਗਿਆ



Desi Punjab YouTube www.desipunjab.in

ਪਟਿਆਲਾ 30 ਸਤੰਬਰ ( ਪਟਵਾਰੀ ) ਪਟਿਆਲਾ ਅੰਦਰ ਤਿੰਨ ਹੋਮ ਗਾਰਡਜ ਦੇ ਜਾਵਾਨਾਂ ਪੰ ਨਾ ਲਾਲ ਨਰਿੰਦਰ ਸਿੰਘ ਅਤੇ ਵਜਿੰਦਰ ਸਿੰਘ ਜੋ ਕਿ ਇਹਨਾਂ ਜਵਾਨਾ ਨੂੰ ਅੱਜ ਆਪਣੇ ਮਹਿਕਮੇ ਪੰਜਾਬ ਹੋਮ ਗਾਰਡਜ ਵੱਲੋ ਇੰਚਾਰਜ ਕੰਵਲਜੀਤ ਸਿੰਘ ਸੀ.ਸੀ ਅਤੇ ਐਮ.ਐਚ.ਸੀ ਕੁਲਦੀਪ ਭਾਰਤੀ ਵੱਲੋ ਤਿੰਨ ਜਵਾਨਾ ਵਿਦਾਈਗੀ ਦਿੱਤੀ ਗਈ ਅਤੇ ਇਸ ਮੋਕੇ ਹੋਮ ਗਾਰਡਜ ਜਵਾਨਾਂ ਵੱਲੋ ਪਾਰਟੀ ਵੀ ਸਾਨੋ ਸੋਕਤ ਨਾਲ ਕੀਤੀ ਗਈ ਜਿਸ ਦੇ ਵਿੱਚ ਜਿਲਾ ਪਟਿਆਲਾ ਦੇ ਪ੍ਰਧਾਨ ਬਲਵਿੰਦਰ ਸਿੰਘ ਅਤੇ ਸਮੂਹ ਜਵਾਨਾਂ ਅਤੇ ਪੰਜਾਬ ਪਧਾਨ ਹੋਮ ਗਾਰਡਜ ਕੰਵਲਜੀਤ ਸਿੰਘ ਵੱਲੋ ਨਾਮੋਸੀ ਦਾ ਸਾਹਮਣਾ ਕਰਨਾ ਪਿਆ ਕਿਉਕਿ ਪੰਜਾਬ ਸਰਕਾਰ ਅਤੇ ਮਹਿਕਮਾ ਪੰਜਾਬ ਹੋਮ ਗਾਰਡਜ ਵੱਲੋ ਇਹਨੂੰ ਤਿੰਨਾ ਜਵਾਨਾ ਨੂੰ ਘਰ ਖਾਲੀ ਹੱਥ ਤੋਰ ਦਿੱਤਾ ਗਿਆ ਹੈ ਅਤੇ ਨਾ ਇਹਨਾਂ ਨੂੰ ਹੋਰ ਪੰਜਾਬ ਸਰਕਾਰ ਦੇ ਮੁਲਾਜਮਾ ਵਾਂਗ ਇਹਨਾ ਕੋਈ ਪੈਨਸਨ ਨਾ ਇਹਨਾ ਨੂੰ ਗਰੇ ਜਟੀ ਅਤੇ ਨਾ ਈ.ਪੀ.ਐਫ ਤੇ ਨਾ ਹੀ ਕੋਈ ਮੇਡੀਕਲ ਆਦ ਦੀ ਸਹੂਲਤ ਪਹਿਲਾ ਅਤੇ ਨਾ ਹੀ ਰਿਟਾਇਰਮੈਂਟ ਤੇ ਬਾਅਦ ਦਿੱ ਤੀ ਗਿਆ ਇਹਨਾਂ ਨੇ ਪੰਜਾਬ ਸਰਕਾਰ ਤੇ ਮੰਗ ਕੀਤੀ ਹੈ ਜੋ ਕਿ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਕੋਲ ਮਾਨ ਭੱਤਾ ਤੇ ਪੈਨਸਨ ਵਾਲੀ ਫਾਇਲ ਜੋ ਪੈਡਿੰਗ ਪਈ ਹੈ ਸਿਰਫ ਲਾਰੇ ਹੀ ਲਗਾਏ ਜਾ ਰਹੇ ਹਨ ਜਦੋ ਕਿ ਸਾਡੀ ਵੀ ਡਿਊਟੀ ਪੰਜਾਬ ਪੁਲਿਸ ਮੁਲਜਮਾ ਵਾਗ ਡਿਊਟੀ ਹੁੰਦੀ ੀਹੈ ਫਿਰ ਸਹੂਲਤਾ ਹੋਰ ਮੁਲਜਮਾਂ ਵਾਗ ਸਾਨੂੰ ਕਿਉ ਨਹੀ ਦਿੱਤੀ ਜਾਦੀਆਂ ਹਨ ਸਾਨੂੰ ਵੀ ਹੋਰ ਮੁਲਾਜਮਾ ਵਾਗ ਪੈਨਸਨ ਅਤੇ ਹੋਰ ਸਹੂਲਤਾਂ ਦਿੱਤੀਆਂ ਜਾਣ ਤਾ ਇਹਨਾ ਦੀ ਜਿੰਦਗੀ ਵੀ ਬੇਤਰ ਬਣ ਜਾਵੇ। ਅਤੇ ਇਸ ਮੋਕੇ ਭੁਪਿੰਦਰ ਸਿੰਘ ਅਤੇ ਸਤਪਾਲ ਸਿੰਘ ਆਦ ਵੀ ਉਚੇਚੇ ਤੋਰ ਤੇ ਹਾਜਰ ਸਨ।

# ਪੀ.ਏ.ਯੂ-ਖੇਤੀਬਾੜੀ ਕਾਲਜ ਬੱਲੋਵਾਲ ਸੌਂਖੜੀ ਦੇ ਵਿਦਿਆਰਥੀਆਂ ਵੱਲੋਂ ਪਿੰਡ ਰਾਜੂਮਾਜਰਾ ਵਿੱਚ ਕਿਸਾਨ ਜਾਗਰੂਕਤਾ ਕੈਂਪ ਦਾ ਆਯੋਜਨ

Desi Punjab YouTube www.desipunjab.in



ਬਲਾਚੌਰ, 30 ਸਤੰਬਰ - (ਜਤਿੰਦਰ ਪਾਲ ਸਿੰਘ ਕਲੇਰ)

ਪੀ.ਏ.ਯੂ-ਖੇਤੀਬਾੜੀ ਕਾਲਜ ਬੱਲੋਵਾਲ ਸੱਖੜੀ ਦੇ ਚੌਥੇ ਸਾਲ ਦੇ ਵਿਦਿਆਰਥੀਆਂ ਵੱਲੋਂ ਪਿੰਡ ਰਾਜੂਮਾਜਰਾ ਵਿੱਚ ਕਿਸਾਨ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਵਿਦਿਆਰਥੀਆਂ ਦੀ ਪਿੰਡਾਂ ਵਿੱਚ ਖੇਤੀਬਾੜੀ ਦੇ ਕੰਮ ਦੇ ਤਜਰਬੇ ਸੰਬੰਧੀ ਸਿਖਲਾਈ (RAWE) ਪ੍ਰੋਗਰਾਮ ਦੇ ਤਹਿਤ ਆਯੋਜਿਤ ਕੀਤਾ ਗਿਆ, ਜਿਸ ਦਾ ਮੁੱਖ ਉਦੇਸ਼ ਖੇਤੀਬਾੜੀ ਦੀਆਂ ਸਮੱਸਿਆਵਾਂ ਨੂੰ ਹੱਲ ਕਰਨਾ ਅਤੇ ਅਕਾਦਮਿਕ ਗਿਆਨ ਨੂੰ ਵਿਹਾਰਿਕ ਸਿੱਖਿਆ ਦੇ ਨਾਲ ਜੋੜਨਾ ਸੀ।

ਕੈਂਪ ਦੌਰਾਨ ਕਨਵਰ ਅਨਮੋਲਦੀਪ ਸਿੰਘ ਨੇ ਅਰਬੀ ਦੀ ਅਤੇ ਸਕਸ਼ਮ ਨੇ ਹਲਦੀ ਦੀ ਖੇਤੀ ਲਈ ਸੁਧਰੀਆਂ ਤਕਨੀਕਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਬਲਰਾਜ ਨੇ ਗਾਂ ਅਤੇ ਮੱਝਾਂ ਦੇ ਨਵੇਂ ਜਨਮੇ ਬੱਚਿਆਂ ਦੀ ਸੰਭਾਲ ਬਾਰੇ, ਦਿਲਪ੍ਰੀਤ ਸਿੰਘ ਨੇ ਪਸ਼ੂਆਂ ਦੀਆਂ ਮੁੱਖ ਬਿਮਾਰੀਆਂ ਜਿਵੇਂ ਕਿ ਮੂੰਹ-ਖੁਰ, ਥਨੈਲਾ ਰੋਗ ਅਤੇ ਗਲ-ਘੋਟੂ ਦੇ ਲੱਛਣ, ਕਾਰਨ, ਪ੍ਰਬੰਧਨ ਅਤੇ ਟੀਕਾਕਰਨ ਪ੍ਰਕਿਰਿਆਵਾਂ ਬਾਰੇ ਜਾਣਕਾਰੀ ਦਿੱਤੀ।

ਪ੍ਰਭਜੋਤ ਸਿੰਘ ਨੇ ਸਾਧਨਾਂ ਦੀ ਘਾਟ ਵਾਲੇ ਇਲਾਕਿਆਂ ਵਿੱਚ ਬੱਕਰੀ ਪਾਲਣ ਦੇ ਫਾਇਦੇ ਤੇ ਇਸ ਦੀ ਡੇਅਰੀ ਫਾਰਮਿੰਗ ਵਿੱਚ ਭੂਮਿਕਾ ਬਾਰੇ ਵਿਸਥਾਰ ਨਾਲ ਚਰਚਾ ਕੀਤੀ।

ਗਰੁੱਪ ਲੀਡਰ ਕੇਸ਼ਵ ਮੌਰੀਆ ਨੇ ਬਾਂਸ ਦੀ ਖੇਤੀ ਅਤੇ ਇਸਦੇ ਉਦਯੋਗਿਕ ਉਪਯੋਗਾਂ ਜਿਵੇਂ ਕਿ ਕਾਗਜ਼, ਫਰਨੀਚਰ, ਟੈਕਸਟਾਈਲ ਅਤੇ ਹੈਂਡੀਕ੍ਰਾਫਟ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਬਾਂਸ ਘੱਟ ਉਪਜਾਊ ਜ਼ਮੀਨਾਂ ਵਿੱਚ ਘੱਟ ਸਿੰਚਾਈ ਨਾਲ ਵੀ ਵਧੀਆ ਤਰ੍ਹਾਂ ਵਧਦਾ ਹੈ, ਜੋ ਕਿ ਇਸ ਇਲਾਕੇ ਲਈ ਬਹੁਤ ਢੁਕਵਾਂ ਹੈ। ਵਰੁਣ ਕਸ਼ਯਪ ਨੇ ਬਾਂਸ ਦੇ ਨਾਲ ਅਦਰਕ, ਹਲਦੀ ਅਤੇ ਅਰਬੀ ਵਰਗੀਆਂ ਫਸਲਾਂ ਦਾ ਸਹਿ-ਖੇਤੀ ਮਾਡਲ ਪ੍ਰਦਰਸ਼ਨ ਕੀਤਾ, ਜਦਕਿ ਸੁਖਬੀਰ ਸਿੰਘ ਨੇ ਆਪਣੇ ਖੇਤਾਂ ਵਿੱਚ ਇਸ ਮਾਡਲ ਦੇ ਸਫਲ ਨਤੀਜੇ ਸਾਂਝੇ ਕੀਤੇ। ਹਰਵਿੰਦਰ ਸਿੰਘ ਅਤੇ ਅਯੁਸ਼ਪਾਲ ਨੇ ਪੀ.ਏ.ਯੂ. ਮੈਗਜੀਨ ਚੰਗੀ ਖੇਤੀ ਅਤੇ ਖੇਤੀ ਸੰਦੇਸ਼ ਬਾਰੇ ਦੱਸਿਆ।. ਜਸਲੀਨ ਕੌਰ ਸਿੱਧੂ, ਟੀਚਿੰਗ ਅਸਿਸਟੈਂਟ ਨੇ ਪੀ.ਏ.ਯੂ. ਦੇ ਖੇਤੀ ਵਿਸਥਾਰ ਕੇਂਦਰਾਂ ਅਤੇ ਪ੍ਰਕਾਸ਼ਨਾਂ ਬਾਰੇ ਦੱਸਿਆ ਅਤੇ ਪਿੰਡ ਵਾਸੀਆਂ ਦਾ

ਇਸ ਕੈਂਪ ਦੀ ਸਫਲਤਾ ਲਈ ਧੰਨਵਾਦ ਕੀਤਾ। ਇਸ ਮੌਕੇ ਪਿੰਡ ਦੇ ਪੰਚ, ਸ੍ਰੀ ਸੁਰਜੀਤ ਰਾਮ ਜੀ ਨੇ ਵੀ ਇਸ ਪਹਿਲ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਦੇ ਯੋਗਦਾਨ ਲਈ ਖਾਸ ਤੌਰ ਤੇ ਧੰਨਵਾਦ ਕੀਤਾ।





## ਸੁਭਾਸ਼ ਡਰਾਮਾਟਿਕ ਕਲੱਬ ਮਾਨਸਾ ਦੀ ਸੁਨਿਹਰੀ ਸਟੇਜ ਵੱਲੋਂ ਰਾਮ ਲੀਲਾ ਦੀ ਨੌਵੀਂ ਨਾਇਟ ਦਾ ਉਦਘਾਟਨ ਚੇਅਰਮੈਨ ਮਾਰਕਿਟ ਕਮੇਟੀ ਗੁਰਪ੍ਰੀਤ ਸਿੰਘ ਭੁੱਚਰ ਨੇ ਕੀਤਾ

ਮਾਨਸਾ, 30 ਸਤੰਬਰ (ਗੁਰਪ੍ਰੀਤ ਧਾਲੀਵਾਲ)ਸਥਾਨਕ ਸ੍ਰੀ ਸੁਭਾਸ਼ ਡਰਾਮਾਟਿਕ ਕਲੱਬ ਮਾਨਸਾ ਦੀ ਸੁਨਿਹਰੀ ਸਟੇਜ ਵੱਲੋਂ ਰਾਮ ਲੀਲਾ ਦੀ ਨੌਂਵੀਂ ਨਾਇਟ ਵਿੱਚ ਅੱਜ ਸ਼ਿਵਰੀ ਉਧਾਰ, ਸ੍ਰੀ ਹਨੂੰਮਾਨ ਮਿਲਣ, ਸੁਗਰੀਵ ਮਿੱਤਰਤਾ, ਬਾਲੀ ਸੁਗਰੀਵ ਦੇ ਯੁੱਧ ਦਾ ਆਨੰਦ ਮਾਣਿਆ।ਅੱਜ ਦੀ ਨੌਂਵੀਂ ਨਾਇਟ ਦਾ ਉਦਘਾਟਨ ਚੇਅਰਮੈਨ ਮਾਰਕਿਟ ਕਮੇਟੀ ਸ੍ਰੀ ਗੁਰਪ੍ਰੀਤ ਸਿੰਘ ਭੁੱਚਰ ਵੱਲੋਂ ਰਿਬਨ ਕੱਟ ਕੇ ਕੀਤਾ ਗਿਆ ਅਤੇ ਝੰਡਾਂ ਪੂਜਨ ਦੀ ਰਸਮ ਪ੍ਰਧਾਨ ਨਗਰ ਕੌਂਸਲ ਮਾਨਸਾ ਸ੍ਰੀ ਸੁਨੀਲ ਕੁਮਾਰ ਨੀਨੂੰ ਨੇ ਅਦਾ ਕੀਤੀ।

ਇਸ ਮੌਕੇ ਕਲੱਬ ਦੇ ਚੇਅਰਮੈਨ ਸ੍ਰੀ ਅਸ਼ੋਕ ਗਰਗ, ਪ੍ਰਧਾਨ ਸ੍ਰੀ ਪ੍ਰਵੀਨ ਗੋਇਲ, ਜਨਰਲ ਸਕੱਤਰ ਸ੍ਰੀ ਬਲਜੀਤ ਸ਼ਰਮਾ, ਵਾਇਸ ਪ੍ਰਧਾਨ ਸ੍ਰੀ ਸੁਰਿੰਦਰ ਨੰਗਲੀਆ, ਕੈਸ਼ੀਅਰ ਸੁਸ਼ੀਲ ਕੁਮਾਰ ਵਿੱਕੀ, ਸਟੇਜ ਸਕੱਤਰ ਅਰੁਣ ਅਰੋੜਾ, ਬਿਲਡਿੰਗ ਇੰਚਾਰਜ ਸ੍ਰੀ ਵਰੁਣ ਬਾਂਸਲ ਵੀਨੂੰ, ਡਾ. ਭਰਪੂਰ ਸਿੰਘ, ਮੈਡਮ ਸ਼ਰਨਜੀਤ ਕੌਰ, ਮੈਡਮ ਵੀਨਾ ਅੱਗਰਵਾਲ, ਕ੍ਰਿਸ਼ਨ ਸਿੰਘ ਜ਼ਿਲ੍ਹਾ ਜਨਰਲ ਸਕੱਤਰ, ਪ੍ਰਿਤਪਾਲ ਸਿੰਘ ਪੀਤੀ, ਸੁਰਿੰਦਰ ਗੱਜੇ, ਮਿੰਟੂ ਮਾਨਸਾ, ਪੰਡਿਤ ਪੁਨੀਤ ਸ਼ਰਮਾ ਗੋਗੀ, ਬਨਵਾਰੀ ਲਾਲ ਬਜਾਜ, ਰਾਜ ਕੁਮਾਰ ਰਾਜੀ, ਰਾਜੇਸ਼ ਪੂੜਾ, ਇੰਦਰਜੀਤ ਗਰਗ, ਰਮੇਸ਼ ਵਰਮਾ, ਜਗਨਨਾਥ ਕੋਕਲਾ, ਮੋਹਿਤ ਗੋਇਲ, ਦੀਪਕ ਦੀਪੂ, ਰਾਜੂ ਬਾਵਾ, ਸਮਰ ਸ਼ਰਮਾ, ਜੀਵਨ ਜੁਗਨੀ, ਵਿਪਨ ਅਰੋੜਾ ਮੌਜੂਦ ਸਨ।

ਕਲੱਬ ਦੇ ਚੇਅਰਮੈਨ ਅਸ਼ੋਕ ਗਰਗ ਅਤੇ ਪ੍ਰਧਾਨ ਪ੍ਰਵੀਨ ਗੋਇਲ ਨੇ ਸ੍ਰੀ ਰਾਮ ਲੀਲਾ ਜੀ ਦੇ ਮੰਚਨ ਦੇ ਪ੍ਰਬੰਧਾਂ ਤੋਂ ਲੋਕਾਂ ਨੂੰ ਜਾਣੂ ਕਰਵਾਇਆ। ਉਨ੍ਹਾਂ ਦੱਸਿਆ ਕਿ ਅੱਜ ਦੀ ਨਾਇਟ ਦਾ ਸ਼ੁਭ ਆਰੰਭ ਸ੍ਰੀ ਰਾਮ ਲਛਮਣ ਅਤੇ ਹਨੂੰਮਾਨ ਜੀ ਦੀ ਆਰਤੀ ਕਰਕੇ ਕੀਤਾ ਗਿਆ।ਨਾਇਟ ਵਿੱਚ ਦਿਖਾਇਆ ਗਿਆ ਕਿ ਕਿਸ ਤਰ੍ਹਾਂ ਸ਼ਿਵਰੀ ਉਧਾਰ, ਬਾਲੀ ਸੁਗਰੀਵ ਯੁੱਧ ਹੋਇਆ, ਸ੍ਰੀ ਰਾਮ ਚੰਦਰ ਜੀ ਨੇ ਬਾਲੀ ਬਧ ਕੀਤਾ ਅਤੇ ਲਛਮਣ ਜੀ ਦਾ ਸੁਗਰੀਵ ਨੂੰ ਰਾਜ ਤਿਲਕ ਕਰਨਾ ਅਤੇ ਹਨੂੰਮਾਨ ਜੀ ਨੂੰ ਸੀਤਾ ਮਾਤਾ ਦੀ ਖੋਜ ਲਈ ਲੰਕਾ ਭੇਜਣਾ ਸਾਰੇ ਸੀਨ ਦੇਖਣ ਯੋਗ ਸਨ।





ਪ੍ਰਧਾਨ ਐਕਟਰ ਬਾਡੀ ਸ੍ਰੀ ਮੋਨੂੰ ਰੱਲਾ ਨੇ ਦੱਸਿਆ ਕਿ ਸ੍ਰੀ ਰਾਮ ਜੀ ਦੀ ਭੂਮਿਕਾ ਵਿਚ ਡਾ. ਵਿਕਾਸ ਸ਼ਰਮਾ, ਲਛਮਣ ਮੋਨੂੰ ਰੱਲਾ, ਹਨੂੰਮਾਨ ਜੀ ਦਾ ਰੋਲ ਆਰਿਅਨ ਸ਼ਰਮਾ ਨੇ ਪਹਿਲੀ ਵਾਰ ਬਹੁਤ ਹੀ ਖੁਬਸੂਰਤੀ ਨਾਲ ਨਿਭਾਇਆ, ਸ਼ਿਵਰੀ ਤਰਸੇਮ ਹੌਂਡਾ, ਬਾਲੀ ਭਾਰਤ ਭੂਸ਼ਨ ਬੰਟੀ ਸ਼ਰਮਾ, ਸੁਗਰੀਵ ਮਨੋਜ ਕੌਸ਼ਿਕ ਮੋਨੂੰ, ਤਾਰਾ ਰਜਿੰਦਰ ਕਾਲੀਆ, ਛੋਟੇ ਅੰਗਦ ਦੀ ਭੂਮਿਕਾ ਬਾਲ ਕਲਾਕਾਰ ਤਰੁਨ, ਬ੍ਰਾਹਮਣ ਸ਼ੰਟੀ ਅਰੋੜਾ ਅਤੇ ਗੁਰੂ ਮਨੋਜ ਅਰੋੜਾ ਆਪਣੇ ਰੋਲ ਬਹੁਤ ਬਾਖੂਬੀ ਨਾਲ ਨਿਭਾਏ।

ਕਲੱਬ ਪ੍ਰੈਸ ਸਕੱਤਰ ਬਲਜੀਤ ਸ਼ਰਮਾ ਨੇ ਦੱਸਿਆ ਕਿ ਇਹਨਾਂ ਸਾਰੇ ਸੀਨਾਂ ਦੀ ਸਫਲਤਾ ਲਈ ਸਾਡੇ ਡਾਇਰੈਕਟਰਜ ਪ੍ਰਵੀਨ ਟੋਨੀ ਸ਼ਰਮਾ, ਵਿਨੋਦ ਪਠਾਨ, ਮੁਕੇਸ਼ ਬਾਂਸਲ, ਕੇ.ਸੀ. ਸ਼ਰਮਾ, ਸੇਵਕ ਸੰਦਲ ਅਤੇ ਤਰਸੇਮ ਹੌਂਡਾ ਦੀ ਕਈ ਮਹੀਨਿਆਂ ਦੀ ਮਿਹਨਤ ਹੈ।

## ਕਰਨਾਟਕ ਦੇ ਭਾਜਪਾ ਪ੍ਰਵਕਤਾ ਵੱਲੋਂ ਰਾਹੁਲ ਗਾਂਧੀ ਬਾਰੇ ਹਿੰਸਕ ਸ਼ਬਦਾਵਲੀ 'ਤੇ ਮੋਦੀ ਸਰਕਾਰ ਐਕਸ਼ਨ ਲਵੇ- ਬਾਵਾ

### ਬਾਜਵਾ ਨੇ ਵਿਧਾਨ ਸਭਾ ਅੰਦਰ 'ਆਪ' ਸਰਕਾਰ ਦੀ ਨਾਲਾਇਕੀ ਦਾ ਪਰਦਾਫਾਸ਼ ਕਰਦੇ ਹੋਏ 'ਆਪ' ਨੇਤਾਵਾਂ ਦੀ ਬੋਲਤੀ ਬੰਦ ਕੀਤੀ

ਲੁਧਿਆਣਾ 30 ਸਤੰਬਰ (ਕਰਨੈਲ ਸਿੰਘ ਐੱਮ.ਏ.) ਕਰਨਾਟਕ ਵਿੱਚ ਭਾਜਪਾ ਪ੍ਰਵਕਤਾ ਵੱਲੋਂ ਰਾਹੁਲ ਗਾਂਧੀ ਬਾਰੇ ਵਰਤੀ ਹਿੰਸਕ ਸ਼ਬਦਾਵਲੀ ਭਾਜਪਾ ਦੀ ਮਾਨਸਿਕ ਸੋਚ ਦਾ ਪ੍ਰਦਰਸ਼ਨ ਹੈ। ਇਹ ਸ਼ਬਦ ਅੱਜ ਸੀਨੀਅਰ ਕਾਂਗਰਸੀ ਨੇਤਾ ਕ੍ਰਿਸ਼ਨ ਕੁਮਾਰ ਬਾਵਾ ਕੋਆਰਡੀਨੇਟਰ ਕੁੱਲ ਹਿੰਦ ਕਾਂਗਰਸ (ਓ.ਬੀ.ਸੀ) ਇੰਚਾਰਜ ਹਿਮਾਚਲ ਪ੍ਰਦੇਸ਼ ਨੇ ਇੱਕ ਲਿਖਤੀ ਬਿਆਨ ਰਾਹੀਂ ਕਹੇ। ਉਹਨਾਂ ਹੱਥਾਂ ਵਿੱਚ ਤਖਤੀਆਂ ਫੜ ਕੇ ਕਿਹਾ ਕਿ ਜੇਕਰ ਮੋਦੀ ਸਰਕਾਰ ਦੀ ਸੋਚ ਵਿੱਚ ਜ਼ਰਾ ਵੀ ਸਚਾਈ ਹੈ ਤਾਂ ਉਹ ਭਾਜਪਾ ਪ੍ਰਵਕਤਾ ਖਿਲਾਫ ਸਖਤ ਕਾਰਵਾਈ ਕਰੇ। ਉਹਨਾਂ ਕਿਹਾ ਕਿ ਰਾਸ਼ਟਰਪਤੀ ਮਹਾਤਮਾ ਗਾਂਧੀ ਨੇ ਵੀ ਫਿਰਕੂ ਸੋਚ ਦਾ ਵਿਰੋਧ ਕਰਦੇ ਹੋਏ ਛਾਤੀ 'ਤੇ ਗੋਲੀ ਖਾਧੀ ਸੀ ਜਦਕਿ ਦੇਸ਼ ਦੀ ਏਕਤਾ ਅਤੇ ਅਖੰਡਤਾ ਦੀ ਮਜ਼ਬੂਤੀ ਲਈ ਇੰਦਰਾ ਗਾਂਧੀ ਉੱਤੇ ਰਜੀਵ ਗਾਂਧੀ ਨੇ ਜਾਨ ਦੀ ਅਹੂਤੀ ਦਿੱਤੀ। ਉਹਨਾਂ ਕਿਹਾ ਕਿ ਪੰਜਾਬ ਵਿੱਚ 2500 ਕਾਂਗਰਸ ਪਾਰਟੀ ਦੇ ਵਰਕਰਾਂ ਨੇ ਪੰਜਾਬ ਦੀ ਸ਼ਾਂਤੀ ਲਈ ਆਪਣੀ ਜਾਨ ਦੀ ਅਹੂਤੀ ਦਿੱਤੀ। ਬਾਵਾ ਨੇ ਕਿਹਾ ਕਿ ਉਹ ਵੀ 17 ਮਾਰਚ 1989 ਨੂੰ ਦੇਸ਼ ਵਿਰੋਧੀ ਤਾਕਤਾਂ ਦੀ ਗੋਲੀ ਦਾ ਸ਼ਿਕਾਰ ਹੋਏ ਸਨ।




ਇਸ ਸਮੇਂ ਬਾਵਾ ਨੇ ਕਿਹਾ ਕਿ ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਸੀਨੀਅਰ ਕਾਂਗਰਸੀ ਪ੍ਰਤਾਪ ਸਿੰਘ ਬਾਜਵਾ ਵੱਲੋਂ 'ਆਪ' ਸਰਕਾਰ ਦੀਆਂ ਹੜ੍ਹਾਂ ਸੰਬੰਧੀ ਨਲਾਇਕੀਆਂ ਦਾ ਪਰਦਾਫਾਸ਼ ਕੀਤਾ ਅਤੇ 'ਆਪ' ਨੇਤਾਵਾਂ ਦੀ ਬੋਲਤੀ ਬੰਦ ਕਰਦੇ ਹੋਏ ਉਹਨਾਂ 'ਆਪ' ਸਰਕਾਰ ਵਿੱਚ ਕਈ ਗੁਣਾਂ ਵਧੇ ਭ੍ਰਿਸ਼ਟਾਚਾਰ, ਲਾਅ ਐਂਡ ਆਰਡਰ ਵਿੱਚ ਆਏ ਨਿਘਾਰ 'ਤੇ ਪੰਜਾਬੀਆਂ ਦੀਆਂ ਭਾਵਨਾਵਾਂ ਦੀ ਬਹੁਤ ਹੀ ਧੜੱਲੇਦਾਰੀ ਨਾਲ ਤਰਜਮਾਨੀ ਕੀਤੀ।

ਬਾਵਾ ਨੇ ਇਸ ਸਮੇਂ ਕਿਹਾ ਕਿ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਹੜ੍ਹਾਂ ਸਮੇਂ ਤੋਂ ਪ੍ਰਦੇਸ਼ ਕਾਂਗਰਸ ਦੀਆਂ ਡਿਊਟੀਆਂ ਲਗਾ ਕੇ ਜ਼ਿੰਮੇਵਾਰਾਨਾ ਰੋਲ ਅਦਾ ਕੀਤਾ ਹੈ। ਉਹਨਾਂ ਇਸ ਸਮੇਂ ਸੁਖਪਾਲ ਸਿੰਘ ਖਹਿਰਾ ਨੂੰ ਬਿਨਾਂ ਵਜ੍ਹਾ ਪਰੇਸ਼ਾਨ ਕਰਨ ਦੀ ਵੀ ਨਿਖੇਧੀ ਕੀਤੀ। ਉਹਨਾਂ ਕਿਹਾ ਕਿ 'ਆਪ' ਦੀ ਸਰਕਾਰ ਵਿੱਚ ਲੱਗਦਾ ਸੱਚ ਬੋਲਣਾ ਵੀ ਗੁਨਾਹ ਹੈ।

## ਤ੍ਰੈਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਵਿਖੇ ਟਰੈਫਿਕ ਨਿਯਮਾਂ 'ਤੇ ਸੈਮੀਨਾਰ, ਵਿਦਿਆਰਥੀਆਂ ਨੂੰ ਜਾਗਰੂਕ ਕਰਨ ਦੀ ਕੋਸ਼ਿਸ਼

### "ਅਣਗਹਿਲੀ ਜਾਨ ਲੈ ਸਕਦੀ ਹੈ" — ਐਸ.ਆਈ. ਦਲਜੀਤ ਸਿੰਘ ਵੱਲੋਂ ਟਰੈਫਿਕ ਸੁਰੱਖਿਆ 'ਤੇ ਵਿਦਿਆਰਥੀਆਂ ਨਾਲ ਮੁਲਾਕਾਤ

ਸ੍ਰੀ ਅੰਮ੍ਰਿਤਸਰ ਸਾਹਿਬ, 30 ਸਤੰਬਰ: (ਗੁਰਪ੍ਰੀਤ ਸਿੰਘ ਡੱਬ)ਅੱਜ ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਇੱਕ ਵਿਸ਼ੇਸ਼ ਸੈਮੀਨਾਰ ਦਾ ਆਯੋਜਨ ਕੀਤਾ ਗਿਆ, ਜਿਸਦਾ ਮੁੱਖ ਉਦੇਸ਼ ਟਰੈਫਿਕ ਨਿਯਮਾਂ ਬਾਰੇ ਵਿਦਿਆਰਥੀਆਂ ਨੂੰ ਜਾਗਰੂਕ ਕਰਨਾ ਸੀ। ਇਹ ਸੈਮੀਨਾਰ ਕਾਲਜ ਦੇ ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ ਦੀ ਅਗਵਾਈ ਵਿੱਚ ਹੋਇਆ, ਜਿਸ ਵਿੱਚ ਟਰੈਫਿਕ ਪੁਲਿਸ ਦੇ ਐਸ.ਆਈ. ਸ. ਦਲਜੀਤ ਸਿੰਘ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ।ਸੈਮੀਨਾਰ ਦੌਰਾਨ ਸ. ਦਲਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਟਰੈਫਿਕ ਨਿਯਮਾਂ ਦੀ ਮਹੱਤਤਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕਿਹਾ ਕਿ,> "ਸੜਕਾਂ ਉੱਤੇ ਚਲਦਿਆਂ ਸਾਨੂੰ ਟਰੈਫਿਕ ਨਿਯਮਾਂ ਦੀ ਪੂਰੀ ਪਾਲਣਾ ਕਰਨੀ ਚਾਹੀਦੀ ਹੈ ਕਿਉਂਕਿ ਇਕ ਛੋਟੀ ਜਿਹੀ ਅਣਗਹਿਲੀ ਵੀ ਕਿਸੇ ਦੀ ਕੀਮਤੀ ਜਾਨ ਲਈ ਖਤਰਾ ਬਣ ਸਕਦੀ ਹੈ।"

ਉਹਨਾਂ ਵਿਸ਼ੇਸ਼ ਤੌਰ 'ਤੇ ਨੌਜਵਾਨਾਂ ਨੂੰ ਸਮਝਾਇਆ ਕਿ ਜੇ ਉਮਰ 18 ਸਾਲ ਤੋਂ ਘੱਟ ਹੈ, ਤਾਂ ਬਿਨਾਂ ਲਾਇਸੈਂਸ ਵਾਹਨ ਚਲਾਉਣ 'ਤੇ ਜੁਰਮਾਨਾ ਅਤੇ ਜੇਲ੍ਹ ਦੀ ਸਜ਼ਾ ਵੀ ਹੋ ਸਕਦੀ ਹੈ। ਇਸ ਤੋਂ ਇਲਾਵਾ, ਲਾਲ ਬੱਤੀ 'ਤੇ ਰੁਕਣ, ਹੈਲਮੈਟ ਅਤੇ ਸੀਟ ਬੈਲਟ ਦੇ ਉਪਯੋਗ, ਅਤੇ ਸਪੀਡ ਲਿਮਿਟ ਦੀ ਪਾਲਣਾ ਵਰਗੇ ਅਨੇਕ ਨਿਯਮਾਂ ਬਾਰੇ ਵਿਦਿਆਰਥੀਆਂ ਨੂੰ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ।ਸੈਮੀਨਾਰ ਦੌਰਾਨ, ਕਾਲਜ ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ ਨੇ ਸ. ਦਲਜੀਤ ਸਿੰਘ ਅਤੇ ਸ. ਸਲਵੰਤ ਸਿੰਘ ਦਾ ਕਾਲਜ ਆਉਣ 'ਤੇ ਸਵਾਗਤ ਕੀਤਾ ਅਤੇ ਉਨ੍ਹਾਂ ਵੱਲੋਂ ਦਿੱਤੀ ਗਈ ਜਾਣਕਾਰੀ ਲਈ ਧੰਨਵਾਦ ਵੀ ਜ਼ਾਹਰ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀ ਜ਼ਿੰਦਗੀ ਦੀ ਕੀਮਤ ਨੂੰ ਸਮਝਣ ਅਤੇ ਟਰੈਫਿਕ ਨਿਯਮਾਂ ਦੀ ਪਾਲਣਾ ਕਰਕੇ ਸਮਾਜ ਨੂੰ ਸੁਰੱਖਿਅਤ ਬਣਾਉਣ ਵਿੱਚ ਯੋਗਦਾਨ ਪਾਵਣ।



ਸੈਮੀਨਾਰ ਦੌਰਾਨ ਸਟੇਜ ਸੰਚਾਲਨ ਸ. ਗੁਰਹੰਸ ਸਿੰਘ ਵੱਲੋਂ ਕੀਤਾ ਗਿਆ। ਉਹਨਾਂ ਨੇ ਸੰਪੂਰਨ ਸਮਾਗਮ ਨੂੰ ਸੁਚੱਜੇ ਢੰਗ ਨਾਲ ਚਲਾਇਆ। ਇਸ ਮੌਕੇ ਪ੍ਰੋ. ਸਾਹਿਬ ਸਿੰਘ ਸਮੇਤ ਕਾਲਜ ਦਾ ਸਟਾਫ ਅਤੇ ਬਹੁਤ ਸਾਰੇ ਵਿਦਿਆਰਥੀ ਹਾਜ਼ਰ ਸਨ।ਸੈਮੀਨਾਰ ਦੇ ਆਖ਼ਿਰ ਵਿੱਚ, ਕਾਲਜ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਮਹਿਮਾਨਾਂ ਦਾ ਸਨਮਾਨ ਵੀ ਕੀਤਾ ਗਿਆ। ਵਿਦਿਆਰਥੀਆਂ ਨੇ ਵੀ ਉਤਸ਼ਾਹ ਨਾਲ ਸਵਾਲ ਕੀਤੇ ਅਤੇ ਟਰੈਫਿਕ ਸਬੰਧੀ ਆਪਣੇ ਮਨ ਦੇ ਸੰਦੇਹ ਸਾਫ਼ ਕੀਤੇ।ਇਹ ਸੈਮੀਨਾਰ ਨਾ ਸਿਰਫ ਟਰੈਫਿਕ ਨਿਯਮਾਂ ਬਾਰੇ ਜਾਗਰੂਕਤਾ ਵਧਾਉਣ ਵਾਲਾ ਸੀ, ਸਗੋਂ ਇਹ ਨੌਜਵਾਨ ਪੀੜ੍ਹੀ ਵਿੱਚ ਸਮਾਜਿਕ ਜ਼ਿੰਮੇਵਾਰੀ ਦਾ ਅਹਿਸਾਸ ਕਰਵਾਉਣ ਵਾਲਾ ਕਦਮ ਵੀ ਸਾਬਤ

## ਭਾਰਤ ਵਿਕਾਸ ਪਰੀਸ਼ਦ ਤਖਤਗੜ੍ਹ ਵੱਲੋਂ ਸ਼ਹੀਦ ਭਗਤ ਸਿੰਘ ਦੇ ਜਨਮ ਦਿਨ ਮੌਕੇ ਖੂਨਦਾਨ ਕੈਂਪ ਆਯੋਜਿਤ

ਨੂਰਪੁਰਬੇਦੀ, 30 ਸਤੰਬਰ (ਅਜੈ ਪੁਰੀ)ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਨ ਨੂੰ ਸਮਰਪਿਤ ਭਾਰਤ ਵਿਕਾਸ ਪਰੀਸ਼ਦ ਤਖਤਗੜ੍ਹ ਵੱਲੋਂ 13ਵਾਂ ਵਿਸ਼ਾਲ ਖੂਨਦਾਨ ਕੈਂਪ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਤਖਤਗੜ੍ਹ ਵਿਖੇ ਪ੍ਰਧਾਨ ਸੀਮਾ ਸ਼ਰਮਾ ਦੀ ਅਗਵਾਈ ਹੇਠ ਲਗਾਇਆ ਗਿਆ। ਇਸ ਦੌਰਾਨ ਮੁੱਖ ਮਹਿਮਾਨ ਵਜੋਂ ਪਹੁੰਚੇ ਰੂਪਨਗਰ ਦੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਨੇ ਜੋਤੀ ਜਗਾ ਕੇ ਕੈਂਪ ਦਾ ਸ਼ੁਭ ਆਰੰਭ ਕਰਵਾਇਆ। ਉਪਰੰਤ ਸੰਬੋਧਨ ਕਰਦਿਆਂ ਆਖਿਆ ਕਿ ਖੂਨਦਾਨ ਸਭ ਤੋਂ ਉੱਤਮ ਕਾਰਜ ਹੈ ਜਿਸ ਲਈ ਨੌਜਵਾਨ ਵਧ ਚੜ੍ਹ ਕੇ ਇਸ ਲਹਿਰ ਦਾ ਹਿੱਸਾ ਬਣਨ ਤਾਂ ਜੋ ਲੋੜ ਪੈਣ ਤੇ ਜਰੂਰਤਮੰਦ ਮਰੀਜ਼ਾਂ ਨੂੰ ਖੂਨ ਉਪਲਬਧ ਹੋਣ ਤੇ ਉਨਾਂ ਦੀ ਜਾਨ ਬਚਾਈ ਜਾ ਸਕੇ। ਉਨਾਂ ਸੰਸਥਾ ਦੇ ਨੁਮਾਇੰਦਿਆਂ ਵੱਲੋਂ ਆਰੰਭੇ ਇਸ ਮਨੁੱਖਤਾ ਦੇ ਕਾਰਜ ਦੀ ਸਲਾਘਾ ਕਰਦਿਆਂ ਹਰ ਪੱਖੋਂ ਸਹਿਯੋਗ ਦਾ ਭਰੋਸਾ ਦਿਲਾਇਆ।



ਉਪਰੰਤ ਕੈਂਪ ਕੋਆਰਡੀਨੇਟਰ ਸੁਰਜੀਤ ਖਟੜਾ, ਸੰਜੀਵ ਮੋਠਾਪਰ ਤੇ ਅਸ਼ੋਕ ਚੌਧਰੀ ਨੇ ਦੱਸਿਆ ਕਿ ਕੈਂਪ ਦੌਰਾਨ ਬਲੱਡ ਬੈਂਕ ਦੀ ਟੀਮ ਵੱਲੋਂ ਕਰੀਬ 42 ਯੂਨਿਟ ਖੂਨ ਇਕੱਤਰ ਕੀਤਾ ਗਿਆ।

ਕੈਂਪ ਦੌਰਾਨ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਹੋਏ ਅਸ਼ਵਨੀ ਸ਼ਰਮਾ ਜ਼ਿਲਾ ਕਾਂਗਰਸ ਪ੍ਰਧਾਨ, ਦਰਬਾਰਾ ਸਿੰਘ ਬਾਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਅਰਵਿੰਦ ਮਿੱਤਲ ਮੁੱਖ ਬੁਲਾਰਾ ਭਾਰਤੀ ਜਨਤਾ ਪਾਰਟੀ, ਰਾਮ ਕੁਮਾਰ ਮੁਕਾਰੀ ਚੇਅਰਮੈਨ ਸੈਣੀ ਭਲਾਈ ਬੋਰਡ, ਗੌਰਵ ਰਾਣਾ ਪ੍ਰਧਾਨ ਪੰਜਾਬ ਮੋਰਚਾ, ਪ੍ਰੇਮ ਦੱਤ ਸ਼ਰਮਾ ਭਾਰਤੀ ਜਨਤਾ ਪਾਰਟੀ ਤੇ ਗੁਰਬਿੰਦਰ ਸਿੰਘ ਸਸਕੌਰ ਨੇ ਖੂਨਦਾਨੀਆਂ ਨੂੰ ਬੈਚ ਲਗਾ ਕੇ ਸਨਮਾਨਿਤ ਕੀਤਾ। ਕੈਂਪ ਦੇ ਆਯੋਜਨ 'ਚ ਲੋਕੇਸ਼ ਮੋਹਨ ਸ਼ਰਮਾ, ਵਰਿੰਦਰ ਸ਼ਰਮਾ, ਸ਼ਸ਼ੀਕਾਂਤ ਚੰਦਨ, ਸਾਬਕਾ ਪ੍ਰਧਾਨ ਸੰਜੀਵ ਭੰਡਾਰੀ, ਰਾਜ ਕੁਮਾਰ ਖੋਸਲਾ, ਦਿਨੇਸ਼ ਕੌਸ਼ਿਕ, ਸਕੱਤਰ ਕੁਮਾਰੀ ਅਨਾਮਿਕਾ, ਵਿੱਤ ਸਕੱਤਰ ਸੰਗੀਤਾ ਭੰਡਾਰੀ, ਰਾਕੇਸ਼ ਰਾਣੀ, ਆਸ਼ਾ ਬਾਲਾ, ਪੂਨਮ ਸਰਪੰਚ ਤਖਤਗੜ੍ਹ, ਬਾਦਲ ਮੱਲੀ, ਡਾ. ਰਕੇਸ਼ ਰਾਣਾ, ਨੀਰਜ ਚੰਦਨ, ਪ੍ਰਦੀਪ ਕੁਮਾਰ ਜੇ. ਈ., ਐਕਸੀਅਨ ਵਰਿੰਦਰ ਪਾਠਕ, ਸੰਜੀਵ ਸੋਨੀ, ਲਖਵਿੰਦਰ ਲੱਕੀ, ਹੇਮੰਤ ਸੈਣੀ, ਰੋਹਿਤ ਸ਼ਰਮਾ, ਹਰੀ ਸ਼ੰਕਰ, ਹਰਮੇਸ਼ ਸੈਣੀ ਤੇ ਮਨੀਸ਼ ਰੀਹਲ ਨੇ ਅਹਿਮ ਯੋਗਦਾਨ ਪਾਇਆ।

## ਸ਼ਿਵਾਲਿਕ ਪਬਲਿਕ ਸਕੂਲ ਤਪਾ ਵਿਚ ਦੁਰਗਾ ਅਸ਼ਟਮੀ ਦਾ ਤਿਉਹਾਰ ਮਨਾਇਆ

ਤਪਾ ਮੰਡੀ 30ਸੰਤਬਰ (ਧੀਮਾਨ )ਸਥਾਨਕ ਸ਼ਿਵਾਲਿਕ ਪਬਲਿਕ ਸਕੂਲ ਤਪਾ ਵਿਖੇ ਦੁਰਗਾ ਅਸ਼ਟਮੀ ਨਾਲ ਸਬੰਧਤ ਸਪੈਸ਼ਲ ਐਸੰਬਲੀ ਆਯੋਜਿਤ ਕੀਤੀ ਗਈ ਜਿਸਦੀ ਸ਼ੁਰੂਆਤ ਦੁਰਗਾ ਪੂਜਾ ਨਾਲ ਕੀਤੀ ਗਈ ਇਸ ਮੌਕੇ ਜਮਾਤ ਪਲੇ ਵੇ ਤੋਂ ਲੈਕੇ ਯੂਕੇ ਜੀ ਤੱਕ ਦੇ ਬੱਚਿਆਂ ਨੇ ਭਾਗ ਲਿਆ ਯੂਕੇ ਜੀ ਦੇ ਵਿਦਿਆਰਥੀਆਂ ਵੱਲੋਂ ਖੂਬਸੂਰਤ ਡਾਡੀਆ ਨਾਚ ਪੇਸ਼ ਕੀਤਾ ਗਿਆ ਇਸ ਮੌਕੇ ਸਾਰੇ ਬੱਚਿਆਂ ਦੇ ਸੁੰਦਰ ਸੁੰਦਰ ਪੋਸ਼ਾਕਾਂ ਪਾਈਆਂ ਹੋਈਆਂ ਹਨ ਇਸ ਦੋਰਾਨ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਦੁਰਗਾ ਅਸ਼ਟਮੀ ਦੇ ਸਬੰਧ ਵਿੱਚ ਭਾਸ਼ਣ ਦਿੱਤਾ ਗਿਆ ਇਸ ਤੋਂ ਇਲਾਵਾ ਸਕੂਲ ਵਿੱਚ ਕੰਜਕਾਂ ਦੀ ਪੂਜਾ ਵੀ ਕੀਤੀ ਗਈ ਜਿਸ ਲਈ ਪ੍ਰਸ਼ਾਦ ਅਧਿਆਪਕ ਆਪਣੇ ਘਰੋਂ ਹੀ ਬਣਾ ਕੇ ਲਿਆਏ ਸਨ ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਮੋਨਿਕਾ ਗਰਗ ਨੇ ਬਚਿਆ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਕਿ ਇਸ ਤਰ੍ਹਾਂ ਦੇ ਪ੍ਰੋਗਰਾਮ ਬੁਰਾਈ ਉਤੇ ਚੰਗਿਆਈ ਦੀ ਜਿੱਤ ਨੂੰ ਦਰਸਾਉਂਦੇ ਹਨ ਅਤੇ ਵਿਸ਼ਵਾਸ ਅਤੇ ਸਭਿਆਚਾਰ ਦੀ ਏਕਤਾ ਨੂੰ ਉਜਾਗਰ ਕਰਦੇ ਸਨ ਸਕੂਲ ਦਾ ਉਦੇਸ਼ ਅਜਿਹੇ ਜਸ਼ਨਾਂ ਰਾਹੀਂ ਆਪਣੇ ਵਿਦਿਆਰਥੀਆਂ ਵਿਚ ਸਭਿਆਚਾਰਕ ਜਾਗਰੂਕਤਾ ਅਤੇ ਕਦਰਾਂ ਕੀਮਤਾਂ ਨੂੰ ਉਤਸ਼ਾਹਿਤ ਕਰਨਾ ਹੈ ਇਸ ਮੌਕੇ ਸਕੂਲ ਸਟਾਫ਼ ਵੀ ਮੌਜੂਦ ਸੀ







## ਅੱਜ ਕੌਮੀ ਸਵੈ- ਇੱਛਾ ਖੂਨ ਦਾਨ ਤੇ ਵਿਸ਼ੇਸ

### ਹਰੇਕ ਤੰਦਰੁਸਤ ਵਿਅਕਤੀ ਨੂੰ ਜਰੂਰ ਕਰਨਾ ਚਾਹੀਦਾ ਹੈ ਖੂਨਦਾਨ

ਹਰ ਸਾਲ ਇਕ ਅਕਤੂਬਰ ਨੂੰ ਸਵੈ ਇਛਕ ਖੂਨ ਦਾਨ ਦਿਵਸ ਮਨਾਇਆ ਜਾਂਦਾ ਹੈ। ਇਸ ਦਿਨ ਨੂੰ ਮਨਾਉਣ ਦਾ ਮੁੱਖ ਮਕਸਦ ਲੋਕਾਂ ਵਿੱਚ ਖੂਨਦਾਨ ਕਰਨ ਬਾਰੇ ਪ੍ਰੇਰਿਤ ਕਰਨਾ ਹੈ *ਖੂਨਦਾਨ ਇੱਕ ਮਹਾਨ ਦਾਨ ਹੈ*, ਖੂਨ ਹੀ ਜੀਵਨ ਦਾ ਆਧਾਰ ਹੈ ਇੱਕ ਖੂਨਦਾਨੀ ਖੂਨਦਾਨ ਕਰਕੇ ਲੋੜ ਪੈਣ ਤਿੰਨ ਕੀਮਤੀ ਜਾਨਾ ਬਚਾ ਸਕਦਾ ਹੈ, ਖੂਨ ਦਾਨ ਕਿਸੇ ਵਿਅਕਤੀ ਵੱਲੋਂ ਆਪਣੇ ਸਰੀਰ ਵਿੱਚ ਮੌਜੂਦ ਖੂਨ ਨੂੰ ਸਵੈ ਇੱਛਾ ਨਾਲ ਦਾਨ ਕਰਨ ਨੂੰ ਖੂਨ ਦਾਨ ਕਿਹਾ ਜਾਂਦਾ ਹੈ। ਖੂਨ ਦਾਨ ਦਿਵਸ ਪਹਿਲੀ ਵਾਰ 1 ਅਕਤੂਬਰ 1975 ਨੂੰ ਇੰਡੀਅਨ ਸੁਸਾਇਟੀ ਆਫ ਬਲੱਡ ਟਰਾਂਸਫਿਊਜ਼ਨ ਅਤੇ ਇਮਿਊਨੋਹੀਮੈਟੋਲੋਜੀ ਨੇ ਮਨਾਇਆ। ਇਸ ਸੁਸਾਇਟੀ ਦੀ ਸਥਾਪਨਾ 22 ਅਕਤੂਬਰ 1971 ਵਿੱਚ ਡਾਕਟਰ ਜੇ ਜੀ ਬਓਐਟ ਅਤੇ ਸਵਰੂਪ ਕ੍ਰਿਸਨ ਦੁਆਰਾ ਕੀਤੀ ਗਈ। ਕਰੀਬ 400 ਸਾਲ ਪਹਿਲਾਂ ਵਿਗਿਆਨੀਆਂ ਤੇ ਡਾਕਟਰਾਂ ਨੇ ਮਨੁੱਖੀ ਸਰੀਰ ਦੇ ਖੂਨ ਸਬੰਧੀ ਤਜਰਬੇ ਕੀਤੇ। ਸਰੀਰ ਦੀਆਂ ਹੱਡੀਆਂ ਵਿੱਚ ਬੋਨ ਮੈਰੋ ਨਾਂ ਦੇ ਪਦਾਰਥ ਤੋਂ ਖੂਨ ਦੇ ਕਣ ਹਰ ਸਮੇਂ ਬਣਦੇ ਰਹਿੰਦੇ ਹਨ ਹਰ ਸਿਹਤਮੰਦ ਵਿਅਕਤੀ ਅੰਦਰ ਇੱਕ ਸੈਕਿੰਡ ਵਿੱਚ 150 ਕਰੋੜ ਅਤੇ ਇਕ ਸਾਲ ਵਿੱਚ ਲਗਭਗ 20 ਕਿਲੋਗ੍ਰਾਮ ਖੂਨ ਦੇ ਪੁਰਾਣੇ ਕਣ ਮਰਦੇ ਹਨ। ਖੂਨ ਇੱਕ ਤਰਲ ਪਦਾਰਥ ਹੈ ਜਿਸ ਵਿੱਚ 60 ਫੀਸਦੀ ਤਰਲ ਭਾਗ ਜਿਸ ਨੂੰ ਪਲਾਜਮਾ ਅਤੇ 40 ਫੀਸਦੀ ਠੋਸ ਜਿਸ ਨੂੰ ਲਾਲ ਰਕਤਾਣੂ, ਚਿੱਟੇ ਰਕਤਾਣੂ ਅਤੇ ਪਲੇਟਲੈਟਸ ਹੁੰਦੇ ਹਨ ਹਰ ਮਨੁੱਖ ਦੇ ਖੂਨ ਦਾ ਇੱਕ ਗਰੁੱਪ ਹੁੰਦਾ ਹੈ ਜਿਸ ਬਾਰੇ ਹਰ ਨੂੰ ਜਾਣਕਾਰੀ ਹੋਣਾ ਬਹੁਤ ਜਰੂਰੀ ਹੈ। ਖੂਨ ਗਰੁੱਪ ਦਾ ਸਭ ਤੋਂ ਪਹਿਲਾਂ ਪਤਾ ਅਮਰੀਕਾ ਦੇ ਜੀਵ ਵਿਗਿਆਨ ਕਾਰਲ ਲੈਂਡਟੇਨਰ ਨੇ ਲਗਾਇਆ ਜੋ ਆਸਟਰੇਲੀਆ ਦਾ ਪ੍ਰਸਿੱਧ ਡਾਕਟਰ ਸੀ ਉਸਨੇ ਆਪਣੀ ਪ੍ਰਯੋਗਸ਼ਾਲਾ ਵਿੱਚ ਕੰਮ ਕਰਦਿਆਂ 1991 ਵਿੱਚ ਖੂਨ ਦੇ ਤਿੰਨ ਗਰੁੱਪਾਂ ਏ ਬੀ ਅਤੇ ਓ ਨੂੰ ਲੱਭਿਆ। ਪਹਿਲੀ ਵਾਰ 1907 ਵਿੱਚ ਨਿਊਯਾਰਕ ਦੇ ਹਸਪਤਾਲ ਮਾਊਂਟ ਸਨਾਟੇ ਵਿੱਚ ਖੂਨ ਦੇ ਅਦਾਨ ਪ੍ਰਦਾਨ ਦਾ ਮਿਸ਼ਨ ਡਾਕਟਰ ਰਿਊਬਸ ਓਟਨਬਰਗ ਨੇ ਸਫਲਤਾ ਪੂਰਵਕ ਪੂਰਾ ਕੀਤਾ। ਲੈਂਡਟੇਨਰ ਨੂੰ 1930 ਵਿੱਚ ਸਰੀਰ ਵਿਗਿਆਨ ਵਿੱਚ ਸ਼ਾਨਦਾਰ ਸਮਾ ਬਦਲੇ ਨੋਬਲ ਇਨਾਮ ਨਾਲ ਨਿਵਾਜਿਆ ਗਿਆ। ਖੂਨਦਾਨ ਉਸ ਪ੍ਰਕਿਰਿਆ ਨੂੰ ਕਹਿੰਦੇ ਹਨ ਜਿਸ ਰਾਹੀਂ ਖੂਨਦਾਨੀ ਆਪਣੀ ਇੱਛਾ ਨਾਲ ਖੂਨ ਕਢਵਾਉਂਦਾ ਹੈ ਤਾਂ ਕਿ ਭਵਿੱਖ ਵਿੱਚ ਇਹ ਖੂਨ ਲੋੜਵੰਦਾਂ ਦੇ ਕੰਮ ਆ ਸਕੇ। ਖੂਨਦਾਨੀ ਦੀ ਕੂਹਣੀ ਦੇ ਅੰਦਰਲੇ ਪਾਸੇ ਵਾਲੀ ਨਾੜ ਵਿੱਚ ਇੱਕ ਖਾਸ ਕਿਸਮ ਦੀ ਸੂਈ ਰਾਹੀਂ ਖੂਨ ਲਿਆ ਜਾਂਦਾ ਹੈ ਇਸ ਸੂਈ ਨੂੰ 'ਕੈਨੂਲਾ' ਕਿਹਾ ਜਾਂਦਾ ਹੈ। ਖੂਨ ਦਾ ਪਲਾਜਮਾ ਅਕਸਰ 24 ਘੰਟੇ ਵਿੱਚ ਪੂਰਾ ਹੋ ਜਾਂਦਾ ਹੈ ਖੂਨ ਦੇ ਨਾਲ ਸੈਲ( ਰੈਡ ਬਲੱਡ ਸੈੱਲ ) ਤਿੰਨ ਤੋਂ ਪੰਜ ਹਫਤਿਆਂ ਵਿੱਚ ਦੁਬਾਰਾ ਬਣ ਜਾਂਦੇ ਹਨ ਅਤੇ ਖੂਨ ਦਾ ਆਇਰਨ 6 ਤੋਂ 8 ਹਫਤਿਆਂ ਵਿੱਚ ਆਪਣੇ ਪਹਿਲਾਂ ਵਾਲੇ ਪੱਧਰ ਤੇ ਆ ਜਾਂਦਾ ਹੈ। ਇੱਕ ਵਾਰ ਖੂਨ ਦਾਨ ਕਰਨ ਤੋਂ ਬਾਅਦ ਖੂਨਦਾਨੀ ਦੂਸਰਾ ਖੂਨਦਾਨ 9 ਤੋਂ 12 ਹਫਤੇ ਬਾਅਦ ਖੂਨਦਾਨ ਕਰ ਸਕਦਾ ਹੈ। ਖੂਨਦਾਨ ਆਦਮੀਆਂ ਵਿੱਚ ਦਿਲ ਦੀਆਂ ਬਿਮਾਰੀਆਂ ਦੇ ਖਤਰੇ ਤੋਂ ਘੱਟ ਕਰਦਾ ਹੈ ਅਤੇ ਖੂਨ ਦੇ ਨਵੇਂ ਸੈਲਜ਼ ਬਣਾਉਣ ਨੂੰ ਵਧਾਉਂਦਾ ਹੈ। ਵਧੇਰੇ ਉਮਰ ਵਾਲੇ ਇਨਸਾਨ ਜੋ ਲਗਾਤਾਰ ਖੂਨਦਾਨ ਕਰਦੇ ਹਨ ਅਕਸਰ ਖੂਨਦਾਨ ਤੋਂ ਬਾਅਦ ਤਾਜਗੀ ਮਹਿਸੂਸ ਕਰਦੇ ਹਨ। ਖੂਨਦਾਨ ਨਾਲ ਤਿੰਨ ਕੀਮਤੀ ਜਾਨਾ




ਬਚਾਈਆਂ ਜਾ ਸਕਦੀਆਂ ਹਨ। ਇਸ ਲਈ ਬਹੁਤ ਸਾਰੀਆਂ ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਵੱਲੋਂ ਖੂਨਦਾਨ ਕੈਂਪ ਲਗਾ ਕੇ ਸਰਕਾਰੀ ਅਤੇ ਮਾਨਤਾ ਪ੍ਰਾਪਤ ਬਲੱਡ ਬੈਂਕਾਂ ਵਿੱਚ ਖੂਨ ਦਾਨ ਕੈਂਪ ਕੀਤਾ ਜਾਂਦਾ ਹੈ ਜੋ ਲੋੜ ਪੈਣ ਤੇ ਵਰਤਿਆ ਜਾਂਦਾ ਹੈ। ਭਾਵੇਂ ਕਿ ਸਾਇੰਸ ਨੇ ਜਿੰਨੀ ਮਰਜ਼ੀ ਤਰੱਕੀ ਕਰ ਲਈ ਹੈ ਪਰ ਖੂਨ ਦਾ ਅਜੇ ਤੱਕ ਕੋਈ ਵੀ ਬਦਲ ਨਹੀਂ ਲੱਭਿਆ ਸਕਿਆ। ਮਨੁੱਖ ਦਾ ਖੂਨ ਹੀ ਮਨੁੱਖ ਨੂੰ ਲਗਾਇਆ ਜਾਂਦਾ ਹੈ। ਖੂਨਦਾਨ ਨਾਲ ਸਰੀਰ ਵਿੱਚ ਕਿਸੇ ਤਰ੍ਹਾਂ ਦੀ ਕੋਈ ਵੀ ਕਮਜ਼ੋਰੀ ਨਹੀਂ ਆਉਂਦੀ ਬਲਕਿ ਨਵੇਂ ਸੈੱਲਾਂ ਦਾ ਨਿਰਮਾਣ ਹੁੰਦਾ ਹੈ ਜਿਸ ਕਰਕੇ ਸਰੀਰ ਤੰਦਰੁਸਤ ਰਹਿੰਦਾ। ਇਸ ਲਈ ਅੱਜ ਦੇ ਦਿਨ ਤੇ ਸਾਨੂੰ ਇਹ ਪ੍ਰਣ ਕਰਨਾ ਚਾਹੀਦਾ ਹੈ ਕਿ ਹਰੇਕ 18 ਤੋਂ 60 ਸਾਲ ਦੀ ਉਮਰ ਦਾ ਤੰਦਰੁਸਤ ਵਿਅਕਤੀ ਸਾਲ ਵਿੱਚ ਘੱਟੋ ਘੱਟ ਤਿੰਨ ਵਾਰ ਆਪਣਾ ਖੂਨ ਜਰੂਰ ਦਾਨ ਕਰੇ। ਖੂਨਦਾਨ ਇੱਕ ਮਹਾਨ ਦਾਨ ਹੈ



## ਭਗਵਾਨ ਸ੍ਰੀ ਰਾਮ ਚੰਦਰ ਜੀ ਦਾ ਜੀਵਨ ਸਾਡੇ ਲਈ ਪ੍ਰੇਰਨਾਦਾਇਕ :- ਅਮਰਜੀਤ ਸਿੰਘ ਧਾਲੀਵਾਲ

ਤਪਾ ਮੰਡੀ,30 ਸਤੰਬਰ (ਧੀਮਾਨ)-

ਭਗਵਾਨ ਸ੍ਰੀ ਰਾਮ ਚੰਦਰ ਜੀ ਦਾ ਜੀਵਨ ਸਾਡੇ ਸਾਰਿਆਂ ਲਈ ਪ੍ਰੇਰਨਾਦਾਇਕ ਹੈ, ਕਮੇਟੀ ਮੈਂਬਰ ਵਧਾਈ ਦੇ ਪਾਤਰ ਹਨ, ਜਿਨ੍ਹਾਂ ਵਲੋਂ ਪਿਛਲੇ ਲੰਮੇ ਸਮੇਂ ਤੋਂ ਸ੍ਰੀ ਰਾਮ ਲੀਲ੍ਹਾ ਦਾ ਮੰਚਨ ਕਰਕੇ ਨੌਜਵਾਨ ਪੀੜ੍ਹੀ ਨੂੰ ਭਗਵਾਨ ਸ੍ਰੀ ਰਾਮ ਚੰਦਰ ਜੀ ਦੀਆਂ ਸਿੱਖਿਆਵਾਂ ਨਾਲ ਜੋੜਿਆ ਜਾ ਰਿਹਾ ਹੈ। ਸਾਨੂੰ ਅਜਿਹੇ ਪ੍ਰੋਗਰਾਮ ਵਧ ਚੜ੍ਹ ਕੇ ਕਰਵਾਉਣੇ ਚਾਹੀਦੇ ਹਨ ਤਾਂ ਜੋ ਬੱਚਿਆਂ ਨੂੰ ਧਰਮ ਦਾ ਗਿਆਨ ਹੋ ਸਕੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸੰਤ ਚਿਤਾ ਨੰਦ ਗਊਸ਼ਾਲਾ ਕਮੇਟੀ ਦੇ ਪ੍ਰਧਾਨ ਅਤੇ ਮਾਰਕੀਟ ਕਮੇਟੀ ਤਪਾ ਦੇ ਸਾਬਕਾ ਚੇਅਰਮੈਨ ਅਮਰਜੀਤ ਸਿੰਘ ਧਾਲੀਵਾਲ ਨੇ ਆਜ਼ਾਦ ਕਲਚਰਲ ਐਂਡ ਰਾਮ ਲੀਲ੍ਹਾ ਦੁਸਹਿਰਾ ਕਮੇਟੀ ਵਲੋਂ ਸਮੂਹ ਨਗਰ ਦੇ ਸਹਿਯੋਗ ਨਾਲ ਰਾਮ ਲੀਲ੍ਹਾ ਦੇ ਕੀਤੇ ਜਾ ਰਹੇ ਮੰਚਨ ਦੀ ਅੱਠਵੀਂ ਨਾਈਟ ਰਾਵਣ ਸੀਤਾ ਸੰਵਾਦ ਦਾ ਉਦਘਾਟਨ ਕਰਨ ਉਪਰੰਤ ਕੀਤਾ।ਕਲਾਕਾਰਾਂ ਨੇ ਅੱਠਵੀਂ ਨਾਈਟ ਰਾਵਣ-ਸੀਤਾ ਸੰਵਾਦ ਦਾ ਬਖ਼ੂਬੀ ਢੰਗ ਨਾਲ ਮੰਚਨ ਕੀਤਾ, ਜਿਸ ਤੇ ਦਰਸ਼ਕਾਂ ਨੇ ਪਾਤਰਾਂ ਦੀ ਖੂਬ ਹੌਂਸਲਾ ਅਫਜ਼ਾਈ ਕੀਤੀ।ਕਮੇਟੀ ਦੇ ਪ੍ਰਧਾਨ ਨਾਜ਼ ਸਿੰਗਲਾ ਨੇ ਸਮੂਹ ਮੈਂਬਰਾਂ ਸਮੇਤ ਆਏ ਮੁੱਖ ਮਹਿਮਾਨਾਂ ਨੂੰ ਧਾਰਮਿਕ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ।ਇਸ ਮੌਕੇ ਮੁਨੀਸ਼ ਬਾਂਸਲ ਸਾਬਕਾ ਚੇਅਰਮੈਨ ਐਂਟੀ ਨਾਰਕੋਟਿਕ ਸੈੱਲ ਕਾਂਗਰਸ, ਗਿੰਦੂ ਧਾਲੀਵਾਲ, ਬਲਜਿੰਦਰ ਕੁਮਾਰ ਤਾਇਲ, ਬੱਬੂ ਸਰੋਏ, ਮਾਸਟਰ ਵਿਜੇ ਕੁਮਾਰ ਸ਼ਰਮਾ, ਸੁਰਿੰਦਰ ਕੁਮਾਰ ਰੂੜੇਕੇ, ਅਮਰਨਾਥ ਤਾਇਲ, ਗੁਰਮੁਖ ਸਿੱਧੂ, ਰੋਹਿਤ ਸਿੰਗਲਾ, ਜਗਜੀਤ ਸਿੱਧੂ, ਵਿਨੋਦ ਕੁਮਾਰ,ਹਰਿੰਦਰ ਗੋਗੀ ਤੋਂ ਇਲਾਵਾ ਕਮੇਟੀ ਦੇ ਸਰਪ੍ਰਸਤ ਸੁਰੇਸ਼ ਚੰਦੇਲ,ਚੇਅਰਮੈਨ ਜੀਵਨ ਭੂਤ, ਵਾਇਸ ਚੇਅਰਮੈਨ ਯਾਦਵਿੰਦਰ ਰਾਣਾ,ਮੀਤ ਪ੍ਰਧਾਨ ਰਾਜੀਵ ਗੋਲਾ,ਡਾਇਰੈਕਟਰ ਰਮੇਸ਼ ਗੋਇਲ ਘੋਪਾ,ਵਿਜੇ ਸ਼ਰਮਾ ਅਤੇ ਰਮੇਸ਼ ਧੌਲਾ,ਮਿਊਜ਼ਿਕ ਡਾਇਰੈਕਟਰ ਉਮੇਸ਼ ਪਿੰਕਾ, ਪ੍ਰੈਸ ਸਕੱਤਰ ਪ੍ਰਵੀਨ ਘੁੰਨਸ, ਸੈਕਟਰੀ ਮਾਸਟਰ ਜਸਵੰਤ ਰਾਏ, ਸੁਸ਼ੀਲ ਭੂਤ,ਪ੍ਰਦੀਪ ਪੱਖੋ, ਮੇਸ਼ੀ ਪੱਖੋ,ਅਸ਼ੋਕ ਕੁਮਾਰ ਪੇੜਾ,ਚੰਚਲ ਕੁਮਾਰ ਰਾਜੂ, ਮਿੰਟੂ ਭੁੱਚੋ, ਪਿੰਕਾ ਅਗਰਵਾਲ,ਰਾਜੂ ਮੌੜ,ਚੁੰਨੀ ਲਾਲ ਢੀਂਗਰਾ,ਪੱਪੂ, ਵਿਜੇ ਚੰਦੇਲ, ਕੇਸ਼ਵ ਸ਼ਰਮਾ, ਗਿਰੀਰਾਜ ਸ਼ਰਮਾ, ਹਰਵਿੰਦਰ ਪਾਲ ਮਿੱਤਲ, ਵਿਜੇ ਭਾਈਰੂਪਾ, ਮੈਨਨ, ਸੰਜੀਵ ਮੌੜ, ਅਸ਼ੋਕ ਢਿਲਵਾਂ, ਰਿੰਕਾ ਘੁੰਨਸ, ਸ਼ੈਲੀ, ਰਾਜਨ ਕਿਰਾੜ, ਪ੍ਰਾਸ਼ੂ ਗਰਗ ਆਦਿ ਸਮੂਹ ਮੈਂਬਰ ਮੌਜੂਦ ਸਨ।



# ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਇੰਗਲੈਂਡ ਵਿੱਚ ਖੋਲ੍ਹਿਆ ਤਾਲਮੇਲ ਕੇਂਦਰ

## ਯੂਕੇ ਸਮੇਤ ਪੂਰੇ ਯੂਰਪ ਦੀਆਂ ਸੰਗਤਾਂ ਲਈ ਮਹੱਤਵਪੂਰਣ ਸਾਬਤ ਹੋਵੇਗਾ ਤਾਲਮੇਲ ਕੇਂਦਰ- ਐਡਵੋਕੇਟ ਧਾਮੀ



ਨਵੀਂ ਦਿੱਲੀ, 30 ਸਤੰਬਰ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਸੰਗਤਾਂ ਦੀ ਮੰਗ, ਲੋੜਾਂ ਅਤੇ ਭਾਵਨਾਵਾਂ ਨੂੰ ਧਿਆਨ ਵਿੱਚ ਰੱਖਦਿਆਂ ਇੰਗਲੈਂਡ ਦੇ ਬਰਮਿੰਘਮ ਵਿਖੇ ਤਾਲਮੇਲ ਕੇਂਦਰ ਦੀ ਸਥਾਪਨਾ ਕੀਤੀ ਗਈ ਹੈ। ਇਸ ਕੇਂਦਰ ਦੀ ਸਥਾਪਨਾ ਸ਼੍ਰੋਮਣੀ ਕਮੇਟੀ ਦੇ ਮੁੰਬਈ ਤੋਂ ਮੈਂਬਰ ਸ. ਗੁਰਿੰਦਰ ਸਿੰਘ ਬਾਵਾ ਅਤੇ ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ ਵੱਲੋਂ ਕੀਤੇ ਯਤਨਾਂ ਅਤੇ ਖਾਲਸਾ ਪੰਥ ਅਕੈਡਮੀ ਬਰਮਿੰਘਮ ਦੇ ਸਹਿਯੋਗ ਨਾਲ ਸੰਭਵ ਹੋਈ ਹੈ। ਇਸ ਦਾ ਉਦਘਾਟਨੀ ਸਮਾਗਮ ਬੀਤੇ ਕੱਲ੍ਹ ਪੰਥਕ ਰਵਾਇਤਾਂ ਨਾਲ ਹੋਇਆ, ਜਿਸ ਵਿਚ ਗੁਰੂ ਨਾਨਕ ਨਿਸ਼ਕਾਮ ਸੇਵਕ ਜਥਾ ਬਰਮਿੰਘਮ ਦੇ ਮੁਖੀ ਭਾਈ ਮਹਿੰਦਰ ਸਿੰਘ, ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਕਮੇਟੀ ਮੈਂਬਰ ਬੀਬੀ ਹਰਜਿੰਦਰ ਕੌਰ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਜੋਧ ਸਿੰਘ ਸਮਰਾ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਬੀਬੀ ਪਰਮਜੀਤ ਕੌਰ ਗੁਰੂ ਅੰਗਦ ਦੇਵ ਜੀ ਨਿਵਾਸ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਵੀ ਆਨਲਾਈਨ ਮੌਜੂਦਗੀ ਰਹੀ। ਸ਼੍ਰੋਮਣੀ ਕਮੇਟੀ ਦਫਤਰ ਤੋਂ ਪ੍ਰੈੱਸ ਨੂੰ ਜਾਰੀ ਕੀਤੀ ਗਈ ਜਾਣਕਾਰੀ ਵਿਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਇਹ ਕੇਂਦਰ ਵਿਦੇਸ਼ ਵਿੱਚ ਰਹਿੰਦੀ ਸਿੱਖ ਸੰਗਤ ਦੀ ਮੰਗ ਉਤੇ ਖੋਲ੍ਹਿਆ ਗਿਆ ਹੈ। ਇਹ ਯੂਕੇ ਦੇ ਨਾਲ ਨਾਲ ਪੂਰੇ ਯੂਰਪ ਦੀਆਂ ਸੰਗਤਾਂ ਲਈ ਬਹੁਤ ਹੀ ਮਹੱਤਵਪੂਰਣ ਸਾਬਤ ਹੋਵੇਗਾ। ਇਸ ਕੇਂਦਰ ਰਾਹੀਂ ਸੰਗਤਾਂ ਤਖ਼ਤ ਸਾਹਿਬਾਨ ਅਤੇ ਪੰਥ ਦੀਆਂ ਪ੍ਰਮੁੱਖ ਸੰਸਥਾਵਾਂ ਨਾਲ ਜੁੜਨਗੀਆਂ। ਉਨ੍ਹਾਂ ਦੱਸਿਆ ਕਿ ਯੂਰਪ ਅਤੇ ਇੰਗਲੈਂਡ ਦੀਆਂ ਸੰਗਤਾਂ ਜਦੋਂ ਗੁਰਧਾਮਾਂ ਦੇ ਦਰਸ਼ਨ ਕਰਨ ਲਈ ਪੰਜਾਬ ਆਉਣਗੀਆਂ, ਤਾਂ ਇਸ ਤਾਲਮੇਲ ਕੇਂਦਰ ਰਾਹੀਂ ਉਨ੍ਹਾਂ ਲਈ ਰਿਹਾਇਸ਼, ਯਾਤਰਾ ਤੇ ਹੋਰ ਲੋੜੀਂਦੇ ਪ੍ਰਬੰਧ ਸ਼੍ਰੋਮਣੀ ਕਮੇਟੀ ਵੱਲੋਂ ਯਕੀਨੀ ਬਣਾਏ ਜਾਣਗੇ। ਇਸ ਨਾਲ ਸੰਗਤਾਂ ਨੂੰ ਦਰਸ਼ਨਾਂ ਅਤੇ ਸੇਵਾ ਸਮੇਂ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਦਾ ਸਾਹਮਣਾ ਨਹੀਂ ਕਰਨਾ ਪਵੇਗਾ।

ਐਡਵੋਕੇਟ ਧਾਮੀ ਨੇ ਕਿਹਾ ਕਿ ਇਸ ਤਾਲਮੇਲ ਕੇਂਦਰ ਦੀ ਸੰਚਾਲਨ ਸੇਵਾ ਸ. ਗੁਰਿੰਦਰ ਸਿੰਘ ਬਾਵਾ ਨੂੰ ਸੌਂਪੀ ਗਈ ਹੈ, ਜੋ ਕਿ ਸ਼੍ਰੋਮਣੀ ਕਮੇਟੀ ਮੈਂਬਰ ਹੋਣ ਦੇ ਨਾਲ ਨਾਲ ਤਖ਼ਤ ਸ੍ਰੀ ਹਜ਼ੂਰ ਸਾਹਿਬ ਅਤੇ ਤਖ਼ਤ ਸ੍ਰੀ ਪਟਨਾ ਸਾਹਿਬ ਬੋਰਡ ਦੇ ਵੀ ਮੈਂਬਰ ਹਨ। ਸ. ਬਾਵਾ ਦੇ ਵਿਸ਼ੇਸ਼ ਉਪਰਾਲੇ ਅਤੇ ਸਮਰਪਣ ਦੇ ਸਦਕਾ ਹੀ ਭਾਰਤ ਤੋਂ ਬਾਹਰ ਪਹਿਲੀ ਵਾਰ ਸ਼੍ਰੋਮਣੀ ਕਮੇਟੀ ਵੱਲੋਂ ਤਾਲਮੇਲ ਕੇਂਦਰ ਖੋਲ੍ਹਿਆ ਗਿਆ ਹੈ। ਐਡਵੋਕੇਟ ਧਾਮੀ ਨੇ ਸ. ਬਾਵਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਉਪਰਾਲੇ ਨਾਲ ਵਿਦੇਸ਼ਾਂ ਵਿੱਚ ਵੱਸਦੀਆਂ ਸੰਗਤਾਂ ਨੂੰ ਬਹੁਤ ਲਾਭ ਹੋਵੇਗਾ। ਸ਼੍ਰੋਮਣੀ ਕਮੇਟੀ ਵੱਲੋਂ ਆਰੰਭ ਕੀਤੇ ਇਸ ਕਾਰਜ ਵਿਚ ਗੁਰਦੁਆਰਾ ਗੁਰੂ ਤੇਗ ਬਹਾਦਰ ਸਾਹਿਬ ਆਸਟਰੀਆ, ਗੁਰਦੁਆਰਾ ਗੁਰੂ ਨਾਨਕ ਦਰਬਾਰ ਲੰਡਨ, ਖਾਲਸਾ ਦੀਵਾਨ ਸੁਸਾਇਟੀ ਲੰਡਨ, ਗੁਰੂ ਹਰਿਗੋਬਿੰਦ ਸਾਹਿਬ ਸੇਵਾ ਟਰੱਸਟ, ਗੁਰਦੁਆਰਾ ਗੁਰੂ ਅਮਰਦਾਸ ਜੀ, ਗੁਰਦੁਆਰਾ ਗੁਰੂ ਨਾਨਕ ਦਰਬਾਰ ਬੈਲਜ਼ੀਅਮ, ਗੁਰਦੁਆਰਾ ਗੁਰੂ ਹਰਿਰਾਇ ਸਾਹਿਬ ਕਿੰਗਸਟਨ, ਨਿਹਕਾਮੀ ਸੇਵਾ ਟਰੱਸਟ ਯੂਕੇ ਸਮੇਤ ਮੈਨ ਚੈਸਟਰ ਲੰਡਨ, ਲੈਸਟਰ, ਬੈਲਜ਼ੀਅਮ, ਜਰਮਨੀ ਅਤੇ ਹਾਲੈਂਡ, ਇਟਲੀ ਦੀਆਂ ਸੰਗਤਾਂ ਵੱਲੋਂ ਭਰਵਾਂ ਸਹਿਯੋਗ ਕੀਤਾ ਗਿਆ ਹੈ। ਇਸ ਮੌਕੇ ਸ. ਲਾਲ ਸਿੰਘ, ਭਾਈ ਓਂਕਾਰ ਸਿੰਘ, ਭਾਈ ਚਰਨਜੀਤ ਸਿੰਘ, ਭਾਈ ਸੁਰਿੰਦਰ ਸਿੰਘ ਮਰਮਾਰ, ਸ. ਭਗਵਾਨ ਸਿੰਘ ਜੌਹਲ ਤੇ ਖਾਲਸਾ ਪੰਥ ਅਕੈਡਮੀ ਦੇ ਨੁਮਾਇੰਦੇ ਭਾਈ ਕਰਨਜੀਤ ਸਿੰਘ ਖ਼ਾਲਸਾ, ਭਾਈ ਤਲਵਿੰਦਰ ਸਿੰਘ ਮਸਤਾਨਾ, ਭਾਈ ਗੁਰਸੇਵਕ ਸਿੰਘ ਸ਼ੇਰਗਿੱਲ, ਭਾਈ ਗੁਲਿੰਦਰ ਸਿੰਘ, ਭਾਈ ਹਰਦੇਵ ਸਿੰਘ, ਭਾਈ ਜਸਵੰਤ ਸਿੰਘ, ਭਾਈ ਬਚਨ ਸਿੰਘ ਅਰੋੜਾ, ਭਾਈ ਸਵੇਰਾ ਸਿੰਘ, ਭਾਈ ਜਤਿੰਦਰ ਸਿੰਘ ਅਤੇ ਹੋਰ ਮੌਜੂਦ ਸਨ।

# ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾ ਸ਼ਤਾਬਦੀ

## ਅਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਹੁਬਲੀ ਕਰਨਾਟਕਾ ਤੋਂ ਕੋਹਲਾਪੁਰ ਮਹਾਰਾਸ਼ਟਰ ਲਈ ਰਵਾਨਾ



ਰਣਜੀਤ ਸਿੰਘ ਮਸੌਣ ਅੰਮ੍ਰਿਤਸਰ, 30 ਸਤੰਬਰ-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਸ਼ਹੀਦੀ ਸਾਕੇ ਦੀ 350 ਸਾਲਾਂ ਸ਼ਤਾਬਦੀ ਦੇ ਸਬੰਧ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਧੋਬੜੀ ਸਾਹਿਬ ਆਸਾਮ ਤੋਂ ਆਰੰਭ ਹੋਇਆ ਸ਼ਹੀਦੀ ਨਗਰ ਕੀਰਤਨ ਅੱਜ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਹੁਬਲੀ ਕਰਨਾਟਕਾ ਤੋਂ ਆਪਣੇ ਅਗਲੇ ਪੜਾਅ ਕੋਹਲਾਪੁਰ ਮਹਾਰਾਸ਼ਟਰ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਧਾਰਮਿਕ ਦੀਵਾਨ ਸਜ਼ਾਏ ਗਏ, ਜਿਸ ਵਿੱਚ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਜੱਥੇ ਨੇ ਗੁਰਬਾਣੀ ਕੀਰਤਨ ਕੀਤਾ। ਇਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੇ ਸੰਗਤਾਂ ਨਾਲ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ। ਉਨ੍ਹਾਂ ਸੰਗਤਾਂ ਨੂੰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ ਸ਼ਹਾਦਤ ਦੀ 350 ਸਾਲਾਂ ਸ਼ਤਾਬਦੀ ਮੌਕੇ ਸ੍ਰੀ ਆਨੰਦਪੁਰ ਸਾਹਿਬ ਵਿਖੇ ਹੋਣ ਵਾਲੇ ਸਮਾਗਮਾਂ ਵਿੱਚ ਪਰਿਵਾਰਾਂ ਸਮੇਤ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ।

ਇਸੇ ਦੌਰਾਨ ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ ਅਤੇ ਭਾਈ ਹਰਜੀਤ ਸਿੰਘ ਨੇ ਵੀ ਸੰਗਤਾਂ ਨਾਲ ਗੁਰ-ਇਤਿਹਾਸ ਦੀ ਸਾਂਝ ਪਾਈ। ਨਗਰ ਕੀਰਤਨ ਦੀ ਰਵਾਨਗੀ ਸਮੇਂ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਦਿੱਤੇ।

ਨਗਰ ਕੀਰਤਨ ਪ੍ਰਤੀ ਸੰਗਤਾਂ ਵਿੱਚ ਵੱਡਾ ਉਤਸ਼ਾਹ ਸੀ ਅਤੇ ਰਸਤੇ ਵਿੱਚ ਵੱਖ-ਵੱਖ ਧਰਮਾਂ ਦੇ ਲੋਕਾਂ ਵੱਲੋਂ ਸ਼ਰਧਾ ਨਾਲ ਸਵਾਗਤ ਕੀਤਾ ਗਿਆ। ਇਸੇ ਦੌਰਾਨ ਮਹਾਰਾਸ਼ਟਰ ਦੇ ਧਾਰਵਾੜ ਦੇ ਪੁਲਿਸ ਕਮਿਸ਼ਨਰ ਸ੍ਰੀ ਸ਼ਸ਼ੀ ਕੁਮਾਰ ਨੇ ਵੀ ਨਤਮਸਤਕ ਹੋ ਕੇ ਸ਼ਰਧਾ ਪ੍ਰਗਟਾਈ ਅਤੇ ਗੋਆ ਦੀਆਂ ਸੰਗਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਲਕੀ 'ਤੇ ਫੁੱਲਾਂ ਦੀ ਵਰਖਾ ਕਰਕੇ ਗੁਰੂ ਸਾਹਿਬ ਨੂੰ ਸਤਿਕਾਰ ਭੇਂਟ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਸ. ਬਲਦੇਵ ਸਿੰਘ ਕਲਿਆਣ, ਮੈਂਬਰ ਸ. ਜਸਮੇਰ ਸਿੰਘ ਲਾਛੜੂ, ਮੀਤ ਸਕੱਤਰ ਸ. ਕੁਲਦੀਪ ਸਿੰਘ ਰੋਡੇ, ਇੰਚਾਰਜ ਸ. ਗੁਰਮੇਜ ਸਿੰਘ, ਮੈਨੇਜਰ ਸ. ਨਰਿੰਦਰ ਸਿੰਘ ਮਥਰੇਵਾਲ, ਸੁਪਰਵਾਈਜ਼ਰ ਸ. ਹਰਭਜਨ ਸਿੰਘ, ਸ. ਹਰਵਿੰਦਰ ਸਿੰਘ ਵੇਰਕਾ, ਸ. ਰਾਮ ਸਿੰਘ ਮੁੰਬਈ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸ. ਜਸਮੇਲ ਸਿੰਘ, ਸਕੱਤਰ ਸ. ਜਸਬੀਰ ਸਿੰਘ, ਸ. ਪ੍ਰੀਤਮ ਸਿੰਘ ਹੁੰਦਲ, ਸ. ਰਾਜਿੰਦਰ ਸਿੰਘ, ਸ. ਹਰਪਾਲ ਸਿੰਘ ਸੂਰਜ, ਸ੍ਰੀ ਗਿਰੀਸ ਧਰੇਰਰ, ਸ. ਰਘੁਬੀਰ ਸਿੰਘ ਮਗਰੂ, ਸ. ਇਕਬਾਲ ਸਿੰਘ ਖੋਸਾ, ਬੀਬੀ ਹਰਵਿੰਦਰ ਕੌਰ, ਬੀਬੀ ਗੁਰਦਰਸ਼ਨ ਕੌਰ, ਸ. ਲਖਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ।

ਕੀ ਅਸੀਂ ਉਸਦੇ ਸੁਪਨਿਆਂ ਦਾ ਭਾਰਤ ਸਿਰਜ ਸਕਦੇ ਹਾਂ? ਅੱਜ, ਜਦੋਂ ਅਸੀਂ ਸਮਾਜਿਕ ਅਸਮਾਨਤਾ, ਭ੍ਰਿਸ਼ਟਾਚਾਰ ਅਤੇ ਫਿਰਕਾਪ੍ਰਸਤੀ ਨਾਲ ਲੜ ਰਹੇ ਹਾਂ, ਭਗਤ ਸਿੰਘ ਦੇ ਵਿਚਾਰ ਪਹਿਲਾਂ ਨਾਲੋਂ ਕਿਤੇ ਜ਼ਿਆਦਾ ਪ੍ਰਸੰਗਿਕ ਹਨ। ਉਨ੍ਹਾਂ ਨੇ ਸਿਰਫ਼ ਰਾਜਨੀਤਿਕ ਆਜ਼ਾਦੀ ਦੀ ਹੀ ਨਹੀਂ, ਸਗੋਂ ਆਰਥਿਕ ਅਤੇ ਸਮਾਜਿਕ ਸਮਾਨਤਾ ਦੀ ਵੀ ਗੱਲ ਕੀਤੀ। ਭਗਤ ਸਿੰਘ ਸਿਰਫ਼ ਇੱਕ ਨਾਮ ਨਹੀਂ, ਸਗੋਂ ਇੱਕ ਵਿਚਾਰਧਾਰਾ ਹੈ।

ਭਗਤ ਸਿੰਘ ਦਾ ਇਨਕਲਾਬ ਬੰਦੂਕਾਂ ਬਾਰੇ ਨਹੀਂ ਸੀ, ਸਗੋਂ ਵਿਚਾਰਾਂ ਬਾਰੇ ਸੀ। ਉਸਨੇ ਸਾਨੂੰ ਸਿਖਾਇਆ ਕਿ ਅਸਲ ਤਬਦੀਲੀ ਸੰਘਰਸ਼ ਅਤੇ ਕੁਰਬਾਨੀ ਰਾਹੀਂ ਆਉਂਦੀ ਹੈ, ਪਰ ਸਭ ਤੋਂ ਮਹੱਤਵਪੂਰਨ, ਸੋਚਣ ਅਤੇ ਸਵਾਲ ਕਰਨ ਦੀ ਸ਼ਕਤੀ। ਅੱਜ, ਜਿਵੇਂ ਕਿ ਅਸੀਂ ਉਸਦੇ ਵਿਚਾਰਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਂਦੇ ਹਾਂ, ਇਹ ਜ਼ਰੂਰੀ ਹੋ ਜਾਂਦਾ ਹੈ ਕਿ ਅਸੀਂ ਉਸਦੇ ਸੁਪਨਿਆਂ ਦੇ ਭਾਰਤ ਦੇ ਨਿਰਮਾਣ ਵਿੱਚ ਯੋਗਦਾਨ ਪਾਈਏ।

"ਇਨਕਲਾਬ ਜ਼ਿੰਦਾਬਾਦ!"

# ਗੁਰਪੁਰਬ ਮੌਕੇ ਅੰਮ੍ਰਿਤਸਰ 'ਚ ਸਰਾਬ, ਮੀਟ ਅਤੇ ਪਾਨ ਬੀੜੀ ਦੀਆਂ ਦੁਕਾਨਾਂ ਬੰਦ ਕਰਨ ਦੀ ਮੰਗ—ਸਮਾਜ ਸੁਧਾਰ ਸੰਸਥਾ ਵੱਲੋਂ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ

## "ਅੰਮ੍ਰਿਤਸਰ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦਿੱਤਾ ਜਾਵੇ"—14 ਸਾਲਾਂ ਤੋਂ ਚੱਲ ਰਹੀ ਮੰਗ ਨੂੰ ਲੈ ਕੇ ਰਣਜੀਤ ਸਿੰਘ ਭੋਮਾ ਦੀ ਅਗਵਾਈ 'ਚ ਮੁੜ ਅਵਾਜ਼ ਬੁਲੰਦ

ਅੰਮ੍ਰਿਤਸਰ: 30 ਸਤੰਬਰ ( ਗੁਰਪ੍ਰੀਤ ਸਿੰਘ ਡੱਬ) ਗੁਰੂ ਰਾਮਦਾਸ ਜੀ ਦੇ ਪਵਿੱਤਰ ਗੁਰਪੁਰਬ (7 ਤੇ 8 ਅਕਤੂਬਰ) ਨੂੰ ਮਨਾਉਣ ਦੀਆਂ ਤਿਆਰੀਆਂ ਜੋਰਾਂ 'ਤੇ ਹਨ। ਇਸ ਮੌਕੇ 'ਤੇ ਸਮਾਜ ਸੁਧਾਰ ਸੰਸਥਾ ਪੰਜਾਬ ਅਤੇ ਨਾਨਕ ਨਾਮ ਲੇਵੀ ਸੰਗਤਾਂ ਵੱਲੋਂ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਨੂੰ ਇੱਕ ਲਿਖਤੀ ਮੰਗ ਪੱਤਰ ਦਿੱਤਾ ਗਿਆ ਹੈ। ਇਸ ਮੰਗ ਪੱਤਰ ਰਾਹੀਂ ਇਹ ਅਪੀਲ ਕੀਤੀ ਗਈ ਹੈ ਕਿ ਗੁਰਪੁਰਬ ਮੌਕੇ ਨਗਰ ਕੀਰਤਨ ਦੇ ਰੂਟ ਤੇ ਦਰਸ਼ਨਾਂ ਵਾਸਤੇ ਆਉਣ ਵਾਲਿਆਂ ਦੇ ਆਸ-ਪਾਸ ਸਰਾਬ ਦੇ ਠੇਕੇ, ਮੀਟ ਅਤੇ ਪਾਨ-ਬੀੜੀ ਦੀਆਂ ਦੁਕਾਨਾਂ ਦੋ ਦਿਨ ਲਈ ਬੰਦ ਰਹਿਣ।ਸਮਾਜ ਸੁਧਾਰ ਸੰਸਥਾ ਦੇ ਪ੍ਰਧਾਨ ਰਣਜੀਤ ਸਿੰਘ ਭੋਮਾ ਨੇ ਦੱਸਿਆ ਕਿ ਇਨ੍ਹਾਂ ਮਸਲਿਆਂ ਸਬੰਧੀ ਪਿਛਲੇ 14 ਸਾਲਾਂ ਤੋਂ ਵੱਖ-ਵੱਖ ਸਰਕਾਰੀ ਅਧਿਕਾਰੀਆਂ ਅਤੇ ਮੰਤਰੀਆਂ ਨੂੰ ਮੰਗ ਪੱਤਰ ਦਿੱਤੇ ਜਾ ਰਹੇ ਹਨ ਪਰ ਅਜੇ ਤਕ ਕੋਈ ਪੱਕਾ ਹੱਲ ਨਹੀਂ ਨਿਕਲਿਆ। ਸੰਸਥਾ ਦੀ ਮੰਗ ਹੈ ਕਿ ਚੌਂਕ ਮਹਾ ਸਿੰਘ, ਹਾਲ ਗੇਟ, ਸੇਰਾ ਵਾਲਾ ਗੇਟ ਅਤੇ ਥਾਣਾ ਬੀ ਡਵੀਜ਼ਨ ਦੇ ਇਲਾਕਿਆਂ 'ਚ ਜਿੱਥੇ ਲੱਖਾਂ ਸੰਗਤਾਂ ਹਰ ਰੋਜ਼ ਸਚਖੰਡ ਸ੍ਰੀ ਹਰਿਮੰਦਰ ਸਾਹਿਬ, ਬਾਬਾ ਦੀਪ ਸਿੰਘ ਜੀ ਅਤੇ ਦੁਰਗਿਆਣਾ ਮੰਦਰ ਵਿੱਚ ਨਤਮਸਤਕ ਹੋਣ ਆਉਂਦੀਆਂ ਹਨ, ਉਥੇ ਅਜੇ ਵੀ ਸਰੇਆਮ ਨਸ਼ੀਲੀਆਂ ਦੁਕਾਨਾਂ ਚੱਲ ਰਹੀਆਂ ਹਨ ਜੋ ਧਾਰਮਿਕ ਸਥਾਨਾਂ ਦੀ ਪਵਿਤਰਤਾ ਨੂੰ ਠੇਸ ਪਹੁੰਚਾ ਰਹੀਆਂ ਹਨ।ਮੰਗ ਪੱਤਰ ਵਿੱਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਵੀ ਯਾਦ ਕਰਵਾਇਆ ਗਿਆ ਹੈ ਕਿ ਉਨ੍ਹਾਂ ਨੇ ਚੋਣ ਮੈਨੀਫੈਸਟੋ ਵਿੱਚ ਵਾਅਦਾ ਕੀਤਾ ਸੀ ਕਿ ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਸ੍ਰੀ ਆਨੰਦਪੁਰ ਸਾਹਿਬ ਨੂੰ ਪਵਿੱਤਰ ਸ਼ਹਿਰ ਦਾ ਦਰਜਾ ਦਿੱਤਾ ਜਾਵੇਗਾ। ਹੁਣ ਸਮਾਂ ਆ ਗਿਆ ਹੈ ਕਿ ਇਹ ਵਾਅਦਾ ਤੁਰੰਤ ਪੂਰਾ ਕੀਤਾ ਜਾਵੇ। ਸੰਸਥਾ ਨੇ ਇਹ ਵੀ ਮੰਗ ਕੀਤੀ ਹੈ ਕਿ ਹਰਿਆਣਾ ਦੀ ਤਰ੍ਹਾਂ ਪੰਜਾਬ ਵਿੱਚ ਵੀ ਗੁਟਖਾ, ਪਾਨ ਮਸਾਲਾ, ਤੰਬਾਕੂ ਅਤੇ ਹੋਰ ਨਸ਼ੀਲੀਆਂ ਵਸਤੂਆਂ ਉੱਤੇ ਪੂਰੀ ਤਰ੍ਹਾਂ ਰੋਕ ਲਗਾਈ ਜਾਵੇ।ਇਸ ਮੌਕੇ 'ਤੇ ਇਹ ਵੀ ਮੰਗ ਕੀਤੀ ਗਈ ਕਿ ਚੌਂਕ ਮਹਾ ਸਿੰਘ 'ਚ ਸੁੰਦਰ ਗੇਟ ਬਣਾਇਆ ਜਾਵੇ, ਸੜਕਾਂ ਦੀ ਮੁਰੰਮਤ ਕਰਕੇ ਵਧੀਆ ਪੀਮਕਸ ਪਾਈ ਜਾਵੇ ਅਤੇ ਵੱਡੇ ਪੱਧਰ 'ਤੇ ਸਫਾਈ ਅਤੇ ਰੰਗ-ਰੋਗਨ ਕਰਵਾਇਆ ਜਾਵੇ। ਲੱਕੜਾਂ ਅਤੇ ਠੰਡੇ ਪਾਣੀ ਦੀਆਂ ਛਬੀਲਾਂ ਲਗਾਉਣ ਦੀ ਵੀ ਅਪੀਲ ਕੀਤੀ ਗਈ।ਇਹ ਮੰਗ ਪੱਤਰ ਰਣਜੀਤ ਸਿੰਘ ਭੋਮਾ ਦੀ ਅਗਵਾਈ ਹੇਠ ਦਿੱਤਾ ਗਿਆ, ਜਿਸ 'ਚ ਹੋਰ ਕਈ ਪ੍ਰਮੁੱਖ ਲੋਕ ਸ਼ਾਮਲ ਸਨ ਜਿਵੇਂ ਕਿ ਜਗਦੀਸ਼ ਸਿੰਘ ਵਡਾਲਾ, ਡਾ. ਸੁਖਦੀਪ ਸਿੰਘ ਨਾਗ ਨਵੇਂ, ਸੁਖਦੇਵ ਸਿੰਘ ਪੰਡੋਰੀ, ਮਨੋਹਰ ਸਿੰਘ ਰਈਆ, ਮਨਵੀਰ ਸਿੰਘ ਵਡਾਲਾ ਅਤੇ ਹੋਰ ਨਾਨਕ ਨਾਮ ਲੇਵੀ ਸੰਗਤਾਂ।ਸੰਸਥਾ ਨੇ ਅਖੀਰ 'ਚ ਆਸ ਜਤਾਈ ਕਿ ਸਰਕਾਰ ਅਤੇ ਪ੍ਰਸ਼ਾਸਨ ਗੰਭੀਰਤਾ ਨਾਲ ਧਿਆਨ ਦੇਵੇਗਾ ਅਤੇ ਅੰਮ੍ਰਿਤਸਰ ਦੀ ਪਵਿਤਰਤਾ ਨੂੰ ਬਣਾਈ ਰੱਖਣ ਲਈ ਜ਼ਰੂਰੀ ਕਦਮ ਚੁੱਕੇ ਜਾਣਗੇ।



# ਭਾਈ ਬਲਵੰਤ ਸਿੰਘ ਰਾਜੋਆਣਾ ਮਾਮਲੇ 'ਚ ਕੇਂਦਰ ਸਰਕਾਰ ਸਿੱਖ ਕੌਮ ਦੀਆਂ ਭਾਵਨਾਵਾਂ ਨਾਲ ਖੇਡਣ ਦੀ ਕੋਸ਼ਿਸ਼ ਨਾ ਕਰੇ- ਗਿਆਨੀ ਹਰਪ੍ਰੀਤ ਸਿੰਘ



ਰਣਜੀਤ ਸਿੰਘ ਮਸੌਣ ਅੰਮ੍ਰਿਤਸਰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕੇਂਦਰ ਸਰਕਾਰ ਨੂੰ ਸਖ਼ਤ ਤਾੜਨਾ ਕਰਦਿਆਂ ਕਿਹਾ ਹੈ ਕਿ ਜ਼ਿੰਦਾ ਸ਼ਹੀਦ ਭਾਈ ਬਲਵੰਤ ਸਿੰਘ ਰਾਜੋਆਣਾ ਸਬੰਧੀ ਕੋਈ ਵੀ ਅਜਿਹਾ ਫ਼ੈਸਲਾ ਨਾ ਲਿਆ ਜਾਵੇ ਜਿਸ ਨਾਲ ਸਿੱਖ ਕੌਮ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚੇ। ਉਨ੍ਹਾਂ ਨੇ ਕਿਹਾ ਕਿ ਪੰਜਾਬ ਨੇ ਕਈ ਦਹਾਕਿਆਂ ਤੱਕ ਕਾਲਾ ਦੌਰ ਦੇਖਿਆ ਹੈ ਅਤੇ ਹੁਣ ਮੁੜ ਉਹ ਜਖ਼ਮਾਂ ਨੂੰ ਉਚੇੜਣ ਦੀ ਕੋਸ਼ਿਸ਼ ਬਹੁਤ ਹੀ ਗੰਭੀਰ ਸਾਜ਼ਿਸ਼ ਹੈ।

ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਭਾਈ ਰਾਜੋਆਣਾ ਨਾਲ ਜੁੜਿਆ ਮਾਮਲਾ ਕੋਈ ਵਿਅਕਤੀਗਤ ਨਹੀਂ ਸਗੋਂ ਪੂਰੀ ਸਿੱਖ ਕੌਮ ਦੀਆਂ ਆਸਥਾਵਾਂ ਅਤੇ ਸਤਿਕਾਰ ਨਾਲ ਜੁੜਿਆ ਹੈ। 2012 ਵਿੱਚ ਜਦੋਂ ਰਾਜੋਆਣਾ ਦੀ ਫਾਂਸੀ ਦਾ ਖ਼ਤਰਾ ਮੰਡਰਾਇਆ ਸੀ, ਤਾਂ ਪੂਰੀ ਸਿੱਖ ਕੌਮ ਇਕਜੁੱਟ ਹੋ ਕੇ ਸੰਘਰਸ਼ ਲਈ ਖੜੀ ਹੋਈ ਸੀ ਜਿਸ ਕਰਕੇ ਉਸ ਵੇਲੇ ਦੀ ਕੇਂਦਰ ਸਰਕਾਰ ਨੂੰ ਪਿੱਛੇ ਹਟਣਾ ਪਿਆ ਸੀ। ਹੁਣ ਮੁੜ ਇਸ ਮਾਮਲੇ ਨੂੰ ਉੱਠਾਉਣਾ ਕੇਂਦਰ ਦੇ ਸਿੱਖ ਵਿਰੋਧੀ ਮਨਸੂਬਿਆਂ ਨੂੰ ਬੇਨਕਾਬ ਕਰਦਾ ਹੈ।

ਅਕਾਲੀ ਦਲ ਪ੍ਰਧਾਨ ਨੇ ਪੰਜਾਬ ਸਰਕਾਰ ਨੂੰ ਵੀ ਸਿੱਧਾ ਚੁਣੌਤੀ ਦਿੰਦਿਆਂ ਕਿਹਾ ਕਿ ਸੂਬਾ ਸਰਕਾਰ ਤੁਰੰਤ ਆਪਣਾ ਸਪੱਸ਼ਟ ਸਟੈਂਡ ਜਨਤਾ ਸਾਹਮਣੇ ਰੱਖੇ। ਸਿੱਖ ਕੌਮ ਜਾਣਨਾ ਚਾਹੁੰਦੀ ਹੈ ਕਿ ਕੀ ਪੰਜਾਬ ਸਰਕਾਰ ਆਪਣੇ ਲੋਕਾਂ ਅਤੇ ਸਿੱਖ ਭਾਵਨਾਵਾਂ ਦੇ ਨਾਲ ਖੜੀ ਹੈ ਜਾਂ ਕੇਂਦਰ ਦੇ ਦਬਾਅ ਹੇਠ ਕੰਮ ਕਰ ਰਹੀ ਹੈ। ਚੁੱਪ ਰਹਿਣਾ ਜਾਂ ਦੋਹਰੇ ਮਾਪਦੰਡ ਰੱਖਣਾ ਸਰਕਾਰ ਲਈ ਘਾਤਕ ਸਾਬਤ ਹੋਵੇਗਾ।

ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਹਾਲੀਆ ਮੀਟਿੰਗ 'ਤੇ ਵੀ ਗੰਭੀਰ ਸਵਾਲ ਉਠਾਉਂਦੇ ਕਿਹਾ ਕਿ ਇਹ ਮੀਟਿੰਗ ਕਿਸੇ ਵੱਡੇ ਭੇਦ ਅਤੇ ਛੁਪੀ ਯੋਜਨਾ ਵੱਲ ਇਸ਼ਾਰਾ ਕਰਦੀ ਹੈ।

ਮੀਡੀਆ ਰਿਪੋਰਟਾਂ ਦਾ ਹਵਾਲਾ ਦਿੰਦਿਆਂ ਉਨ੍ਹਾਂ ਨੇ ਕਿਹਾ ਕਿ ਪੰਜਾਬ ਵਿੱਚ 50 ਮਿਲਟਰੀ ਕੰਪਨੀਆਂ ਦੀ ਤੈਨਾਤੀ ਕਰਕੇ ਡਰ ਅਤੇ ਸਹਿਮ ਦਾ ਮਾਹੌਲ ਬਣਾਇਆ ਜਾ ਰਿਹਾ ਹੈ। ਇਹ ਪੰਜਾਬੀ ਲੋਕਾਂ ਦੇ ਹੌਂਸਲੇ ਤੋੜਣ ਦੀ ਸਾਜ਼ਿਸ਼ ਹੈ ਪਰ ਇਤਿਹਾਸ ਗਵਾਹ ਹੈ ਕਿ ਸਿੱਖ ਕੌਮ ਕਦੇ ਵੀ ਕਿਸੇ ਦਬਾਅ ਜਾਂ ਜ਼ਬਰ ਅੱਗੇ ਨਹੀਂ ਝੁਕੀ।

ਉਨ੍ਹਾਂ ਨੇ ਯਾਦ ਦਿਵਾਇਆ ਕਿ ਭਾਈ ਰਾਜੋਆਣਾ ਆਪਣੀ ਮਿਲੀ ਸਜ਼ਾ ਤੋਂ ਕਈ ਗੁਣਾ ਵੱਧ ਸਮਾਂ ਪਹਿਲਾਂ ਹੀ ਜੇਲ੍ਹ ਦੀ ਕਾਲ ਕੋਠੜੀ ਵਿੱਚ ਬਿਤਾ ਚੁੱਕੇ ਹਨ। ਕੋਈ ਵੀ ਕਾਨੂੰਨ ਅਜਿਹੀ ਇਜਾਜ਼ਤ ਨਹੀਂ ਦਿੰਦਾ ਕਿ ਕਿਸੇ ਕੈਦੀ ਨੂੰ ਉਸਦੀ ਸਜ਼ਾ ਤੋਂ ਵੱਧ ਸਮੇਂ ਲਈ ਬੰਦ ਰੱਖਿਆ ਜਾਵੇ।

ਅੰਤ ਵਿੱਚ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਚਿਤਾਵਨੀ ਦਿੰਦੇ ਕਿਹਾ ਕਿ ਜੇਕਰ ਕੇਂਦਰ ਅਤੇ ਪੰਜਾਬ ਸਰਕਾਰ ਨੇ ਸਿੱਖ ਕੌਮ ਦੀਆਂ ਭਾਵਨਾਵਾਂ ਨੂੰ ਅਣਦੇਖਾ ਕੀਤਾ ਤਾਂ ਇਸ ਦੇ ਗੰਭੀਰ ਨਤੀਜ਼ੇ ਨਿਕਲਣਗੇ ਅਤੇ ਪੂਰੀ ਜ਼ਿੰਮੇਵਾਰੀ ਦੋਵੇਂ ਸਰਕਾਰਾਂ ਉੱਪਰ ਹੋਵੇਗੀ। ਉਨ੍ਹਾਂ ਨੇ ਅਪੀਲ ਕੀਤੀ ਕਿ ਸਿੱਖ ਕੌਮ ਦੇ ਜਜ਼ਬਾਤਾਂ ਦੀ ਕਦਰ ਕਰਦਿਆਂ ਇਸ ਮਾਮਲੇ ਵਿੱਚ ਸੰਵੇਦਨਸ਼ੀਲਤਾ ਨਾਲ ਫ਼ੈਸਲਾ ਕੀਤਾ ਜਾਵੇ ਕਿਉਂਕਿ ਸਿੱਖ ਕੌਮ ਪਹਿਲਾਂ ਹੀ ਕਈ ਜ਼ਖ਼ਮਾਂ ਨਾਲ ਗੁਜ਼ਰ ਚੁੱਕੀ ਹੈ।

# ਸੰਸਥਾ ਨੇ ਇਨਸਾਨੀਅਤ ਦੀ ਮਿਸਾਲ ਕਾਇਮ ਕੀਤੀ : ਖੰਗੂੜਾ



ਲੁਧਿਆਣਾ 30 ਸਤੰਬਰ (ਕਰਨੈਲ ਸਿੰਘ ਐੱਮ.ਏ.) ਨਾਰੀ ਏਕਤਾ ਆਸਰਾ ਸੰਸਥਾ ਵੱਲੋਂ ਹਮੇਸ਼ਾਂ ਦੀ ਤਰ੍ਹਾਂ ਇਸ ਮਹੀਨੇ ਵੀ ਰਾਸ਼ਨ ਵੰਡ ਸਮਾਰੋਹ ਦਾ ਆਯੋਜਨ ਗੁਰਦੁਆਰਾ ਅਕਾਲ ਸਾਹਿਬ, ਪ੍ਰਤਾਪ ਨਗਰ, ਗਲੀ ਨੰਬਰ ਇੱਕ ਵਿਖੇ ਸੰਸਥਾ ਦੇ ਮੁੱਖ ਸਲਾਹਕਾਰ ਅਤੇ ਕੌਂਸਲਰ ਸੋਹਣ ਸਿੰਘ ਗੋਗਾ ਦੀ ਅਗਵਾਈ ਵਿੱਚ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਪੁੱਜੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਜਤਿੰਦਰ ਸਿੰਘ ਖੰਗੂੜਾ ਅਤੇ ਮੈਂਬਰ ਮਨਜੀਤ ਸਿੰਘ ਹਰਮਨ ਨੇ ਨਿਆਸਰਿਤ ਅਤੇ ਵਿਧਵਾਵਾਂ ਨੂੰ ਰਾਸ਼ਨ ਵੰਡਣ ਉਪਰੰਤ ਗੱਲਬਾਤ ਕਰਦਿਆਂ ਕਿਹਾ ਕਿ ਸੰਸਥਾ ਨੇ ਸਮੂਹ ਮੈਂਬਰਾਂ ਵੱਲੋਂ ਮਨੁੱਖਤਾ ਦੀ ਸੇਵਾ ਲਈ ਕੀਤੇ ਜਾ ਰਹੇ ਕਾਰਜਾਂ ਨਾਲ ਇਨਸਾਨੀਅਤ ਦੀ ਮਿਸਾਲ ਕਾਇਮ ਕੀਤੀ ਗਈ। ਉਨ੍ਹਾਂ ਸੰਸਥਾ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕੰਮਾਂ ਦੀ ਪ੍ਰਸੰਸਾ ਕਰਦੇ ਹੋਏ ਕਿਹਾ ਕਿ ਅਜਿਹੀਆਂ ਸੰਸਥਾਵਾਂ ਸਮਾਜ ਵਿੱਚ ਆਸ ਦੀ ਨਵੀਂ ਕਿਰਨ ਤੇ ਹੌਂਸਲੇ ਦੀ ਲੋੜ ਪੂਰੀ ਕਰਦੀਆਂ ਹਨ। ਉਨ੍ਹਾਂ ਲੋਕਾਂ ਨੂੰ ਅੱਗੇ ਆ ਕੇ ਇਸ ਕੰਮ ਵਿੱਚ ਵੱਧ ਚੜ੍ਹ ਕੇ ਯੋਗਦਾਨ ਪਾਉਣ ਦੀ ਅਪੀਲ ਵੀ ਕੀਤੀ। ਕੌਂਸਲਰ ਸੋਹਣ ਸਿੰਘ ਗੋਗਾ ਅਤੇ ਸੰਸਥਾ ਦੀ ਚੇਅਰਪਰਸਨ ਕੁਲਵਿੰਦਰ ਕੌਰ ਗੋਗਾ ਦਾ ਕਹਿਣਾ ਹੈ ਕਿ ਸੰਸਥਾ ਦਾ ਮਕਸਦ ਕੇਵਲ ਰਾਸ਼ਨ ਦੇਣਾ ਨਹੀਂ, ਸਗੋਂ ਲੋਕਾਂ ਵਿੱਚ ਜ਼ਿੰਦਗੀ ਦੇ ਪ੍ਰਤੀ ਵਿਸ਼ਵਾਸ ਜਗਾਉਣਾ ਵੀ ਹੈ। ਸੰਸਥਾ ਹਰ ਮਹੀਨੇ ਨਿਯਮਤ ਤੌਰ ਤੇ ਇਹ ਰਾਸ਼ਨ ਵੰਡ ਸਮਾਰੋਹ ਕਰਦੀ ਹੈ, ਜਿਸ ਰਾਹੀਂ ਬਹੁਤ ਸਾਰੇ ਪਰਿਵਾਰਾਂ ਨੂੰ ਇਸ ਦਾ ਲਾਭ ਮਿਲ ਰਿਹਾ ਹੈ। ਇਸ ਮੌਕੇ ਕਸ਼ਮੀਰ ਸਿੰਘ ਸਰਾਭਾ, ਸੁਖਵਿੰਦਰ ਸਿੰਘ ਦਹੇਲਾ, ਹਰਦੀਪ ਸਿੰਘ ਗੁਰੂ, ਸਵਤਾਰ ਸਿੰਘ ਦਿਉਸੀ, ਲੱਖਾ ਸਿੰਘ, ਭਾਈ ਕੁਲਬੀਰ ਸਿੰਘ, ਪ੍ਰਧਾਨ ਕੁੰਦਨ ਸਿੰਘ ਨਾਗੀ, ਜੋਗਾ ਸਿੰਘ, ਅੰਮ੍ਰਿਤਪਾਲ ਸਿੰਘ, ਜਤਿੰਦਰ ਸਿੰਘ ਹੂੰਝਣ, ਕੁਲਵਿੰਦਰ ਸਿੰਘ, ਜਸਵੰਤ ਸਿੰਘ, ਬਲਵਿੰਦਰ ਸਿੰਘ ਬਿੱਲੂ, ਮਨਜੀਤ ਸਿੰਘ ਰੂਪੀ, ਮਹਿੰਦਰ ਸਿੰਘ, ਤੇਜਿੰਦਰ ਸਿੰਘ ਸੈਣੀ, ਕਮਲਜੀਤ ਸਿੰਘ ਲੋਟੇ, ਪ੍ਰੇਮ ਸਿੰਘ ਪੀਐਸ, ਦੀਪਿੰਦਰ ਸਿੰਘ ਸੱਗੂ, ਜੱਗਾ ਸਿੰਘ, ਸੁਰਜੀਤ ਸਿੰਘ ਸੰਤ, ਅਮਰਜੀਤ ਸਿੰਘ, ਸਤਵੰਤ ਸਿੰਘ ਮਠਾੜੂ, ਆਕਾਸ਼ ਵਰਮਾ, ਜਨਕ ਮਹਾਜਨ, ਹਰਜੀ ਕੌਰ, ਬਲਵਿੰਦਰ ਕੌਰ, ਹਰਮਿੰਦਰ ਕੌਰ, ਹਰਜੀਤ ਕੌਰ, ਮਨਪ੍ਰੀਤ ਕੌਰ, ਸਿੰਮੀ, ਸਰੀਤ, ਡਿੰਪਲ, ਅਨੂ ਸ਼ਰਮਾ, ਰਮਾ ਸ਼ਰਮਾ, ਰੁਪਿੰਦਰ ਕੌਰ, ਸੰਦੀਪ ਕੌਰ, ਬੀਰਪਾਲ ਬਿਰਦੀ, ਅਮਨਦੀਪ ਕੌਰ ਆਦਿ


## ਹੜ੍ਹ ਪ੍ਰਭਾਵਿਤ ਲੋਕਾਂ ਲਈ ਅੱਗੇ ਆਓ

(1) 1 ਅਪ੍ਰੈਲ 2025 ਤੋਂ ਫੋਟੋ 3100 ਰੁ. ਜਾਂ ਵੱਧ ਦੇਣ ਵਾਲੀ ਦੀ ਛਾਪੀ ਜਾਵੇਗੀ।
(2) ਨਗਦ ਅਤੇ ਡਰਾਫਟ ਦਫਤਰ 'ਚ 11 AM ਤੋਂ 8 PM ਤੱਕ ਦਿਉ।
(3) NEFT ਲਈ ਸਟੇਟ ਬੈਂਕ ਆਫ ਇੰਡੀਆ, ਤ੍ਰਿਪੜੀ ਪਟਿਆਲਾ, A/C No. 38112618259, IFSC Code : SBIN0011586.
(4) ਦਾਨੀ ਸੱਜਣ ਰਕਮ ਟ੍ਰਾਂਸਫਰ ਕਰਕੇ 98762-97268 ਜਾਂ 98557-32101 'ਤੇ ਵ੍ਹਟਸਐਪ ਕਰਨ ਅਤੇ ਆਪਣਾ ਆਧਾਰ ਨੰਬਰ ਜਾਂ ਪੈਨ ਨੰਬਰ ਨਾਲ ਜਰੂਰ ਭੇਜਣ।

ਸ਼ਹੀਦ ਪਰਿਵਾਰਾਂ ਦੇ ਫੰਡ ਲਈ ਸਹਾਇਤਾ ਇੱਥੇ ਭੇਜੋ:
SHRI HARKRISHAN CHARITABLE SOCIETY
SCO No. 976, Street No. 7, Opp. SBI Bank,
Tripuri, Patiala - 14701


# ਦਿੱਲੀ ਗੁਰਦੁਆਰਾ ਕਮੇਟੀ ਦੀ ਚੋਣ ਲਈ ਵੋਟ ਬਣਵਾਉਣ ਦਾ ਸਮਾਂ ਵੱਧ ਕੇ 20 ਅਕਤੂਬਰ ਹੋਇਆ: ਪਰਮਜੀਤ ਸਿੰਘ ਵੀਰਜੀ



ਨਵੀਂ ਦਿੱਲੀ 30 ਸੰਤਬਰ (ਮਨਪ੍ਰੀਤ ਸਿੰਘ ਖਾਲਸਾ):- ਦਿੱਲੀ ਗੁਰਦੁਆਰਾ ਕਮੇਟੀ ਦੀਆਂ ਹੋਣ ਵਾਲੀਆਂ ਚੋਣਾਂ ਦੇ ਮਦੇਨਜਰ ਬਣ ਰਹੀ ਨਵੀਂ ਵੋਟਰ ਸੂਚੀ ਵਿਚ ਨਾਮ ਦਰਜ਼ ਕਰਵਾਉਣ ਜਾਂ ਕਿਸੇ ਕਿਸਮ ਦੀ ਗਲਤੀਆਂ ਨੂੰ ਠੀਕ ਕਰਵਾਉਣ ਲਈ ਅੰਤਮ ਮਿਤੀ ਜੋ ਕਿ 30 ਸੰਤਬਰ ਸੀ ਨੂੰ ਵਧਾ ਕੇ 20 ਅਕਤੂਬਰ ਕਰ ਦਿੱਤਾ ਗਿਆ ਹੈ । ਇਸ ਬਾਰੇ ਜਾਣਕਾਰੀ ਦੇਂਦਿਆ ਗੁਰੂਬਾਣੀ ਰਿਸਰਚ ਫਾਊਂਡੇਸ਼ਨ ਦੇ ਮੁੱਖੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸਰਗਰਮ ਆਗੂ ਪਰਮਜੀਤ ਸਿੰਘ ਵੀਰਜੀ ਨੇ ਦਸਿਆ ਕਿ ਦਿੱਲੀ ਦੀਆਂ ਸੰਗਤਾਂ ਨਵੀਆਂ ਵੋਟਾਂ ਬਣਵਾਣ ਵਿਚ ਬਹੁਤ ਉਦਾਸੀਨ ਨਜ਼ਰ ਆ ਰਹੀ ਹੈ ਤੇ ਵੋਟਰ ਸੂਚੀ ਬਣਨ ਦਾ ਕੰਮ ਵੀਂ ਬਹੁਤ ਹੋਲੀ ਚਲ ਰਿਹਾ ਹੈ ਜਿਸ ਕਰਕੇ ਕਮਿਸ਼ਨ ਕੋਲੋਂ ਕੀਤੀ ਗਈ ਮੰਗ ਤੇ ਉਨ੍ਹਾਂ ਨੇ ਇਸ ਸਮੇਂ ਨੂੰ ਵਧਾ ਕੇ 20 ਅਕਤੂਬਰ ਕਰ ਦਿੱਤਾ ਹੈ । ਅਸੀਂ ਦਿੱਲੀ ਦੀਆਂ ਸੰਗਤਾਂ ਨੂੰ ਅਪੀਲ ਕਰਦੇ ਹਾਂ ਕਿ ਆਪਣੀ ਵੋਟਾਂ ਨੂੰ ਬਣਵਾਓ ਅਤੇ ਇਸ ਵਿਚ ਕਿਸੇ ਕਿਸਮ ਦਾ ਸਹਿਯੋਗ ਚਾਹੀਦਾ ਹੈ ਤਾਂ ਅਸੀਂ ਇਸ ਲਈ ਹਰ ਸਮੇਂ ਹਾਜਿਰ ਹਾਂ । ਉਨ੍ਹਾਂ ਦਸਿਆ ਕਿ ਤੁਸੀਂ ਉਦੋਂ ਤੱਕ ਚੋਣਾਂ ਵਿੱਚ ਵੋਟ ਨਹੀਂ ਪਾ ਸਕਦੇ ਜਦੋਂ ਤੱਕ ਤੁਸੀਂ ਵੋਟ ਪਾਉਣ ਲਈ ਰਜਿਸਟਰ ਨਹੀਂ ਹੋ ਜਾਂਦੇ। ਵੋਟ ਪਾਉਣ ਲਈ ਰਜਿਸਟਰ ਕਰਨ ਲਈ ਤੁਹਾਡੀ ਉਮਰ 18 ਸਾਲ ਹੋਣੀ ਚਾਹੀਦੀ ਹੈ; ਅਤੇ ਤੁਹਾਨੂੰ ਉਸ ਰਾਜ ਦਾ ਨਿਵਾਸੀ ਹੋਣਾ ਚਾਹੀਦਾ ਹੈ ਜਿਸ ਵਿੱਚ ਤੁਸੀਂ ਵੋਟ ਪਾਉਣ ਲਈ ਰਜਿਸਟਰਡ ਹੋ।ਉਨ੍ਹਾਂ ਦਸਿਆ ਕਿ ਜੇਕਰ ਤੁਹਾਡੀ ਪਿਛਲੀ ਵੋਟਰ ਰਜਿਸਟ੍ਰੇਸ਼ਨ ਤੋਂ ਬਾਅਦ ਤੁਹਾਡਾ ਪਤਾ, ਮਾਨਤਾ ਜਾਂ ਨਾਮ ਬਦਲ ਗਿਆ ਹੈ, ਤਾਂ ਤੁਹਾਨੂੰ ਦੁਬਾਰਾ ਰਜਿਸਟਰ ਕਰਨ ਦੀ ਲੋੜ ਹੋ ਸਕਦੀ ਹੈ।